@Qpatrika | @qaumipatrika punjabi | instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Thursday, 3 September 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 3 ਸਤੰਬਰ 2026, 19 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 300, qpatrika@gmail.com ਫੋਨ : 9971359517 www.qaumipatrika.org

## ਬਜਟ 2027-28 ਦਾ ਬਿਗਲ ਵੱਜਿਆ ! ਐਕਸ਼ਨ 'ਚ ਸਰਕਾਰ, 12 ਅਕਤੂਬਰ ਤੋਂ ਸ਼ੁਰੂ ਹੋਵੇਗਾ ਪ੍ਰੀ-ਬਜਟ ਮੀਟਿੰਗਾਂ ਦਾ ਦੌਰ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਨਵੀਂ ਦਿੱਲੀ 2 ਸਤੰਬਰ। ਕੇਂਦਰ ਸਰਕਾਰ ਨੇ ਵਿੱਤੀ ਸਾਲ 2027-28 ਦੇ ਕੇਂਦਰੀ ਬਜਟ ਦੀਆਂ ਤਿਆਰੀਆਂ ਰਸਮੀ ਤੌਰ 'ਤੇ ਸ਼ੁਰੂ ਕਰ ਦਿੱਤੀਆਂ ਹਨ। ਵਿੱਤ ਮੰਤਰਾਲੇ ਨੇ ਬਜਟ ਪ੍ਰਕਿਰਿਆ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਅਤੇ ਸਮਾਂ-ਸੀਮਾ ਤੈਅ ਕਰਦਿਆਂ ਬਜਟ ਸਰਕੂਲਰ ਜਾਰੀ ਕਰ ਦਿੱਤਾ ਹੈ। ਇਸ ਦੇ ਨਾਲ ਹੀ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਨੂੰ ਆਉਣ ਵਾਲੇ ਵਿੱਤੀ ਸਾਲ ਲਈ ਆਪਣੇ ਖਰਚੇ ਦੇ ਅਨੁਮਾਨ ਅਤੇ ਯੋਜਨਾਬੱਧ ਲੋੜਾਂ ਦਾ ਵਿਸਥਾਰਪੂਰਵਕ ਵੇਰਵਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਵਿੱਤ ਮੰਤਰਾਲੇ ਨੇ ਕਿਹਾ ਹੈ ਕਿ ਪ੍ਰੀ-ਬਜਟ ਸਲਾਹ-ਮਸ਼ਵਰਾ ਮੀਟਿੰਗਾਂ 12 ਅਕਤੂਬਰ 2026 ਤੋਂ ਸ਼ੁਰੂ ਹੋਣਗੀਆਂ। ਇਸ ਲਈ ਮੰਤਰਾਲਿਆਂ ਅਤੇ ਵਿਭਾਗਾਂ ਨੂੰ ਜ਼ਰੂਰੀ ਅੰਕੜੇ ਅਤੇ ਪ੍ਰਸਤਾਵ 6 ਅਕਤੂਬਰ 2026 ਤੱਕ ਜਮ?ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਬਜਟ ਸਰਕੂਲਰ ਅਨੁਸਾਰ, ਮੰਤਰਾਲਿਆਂ ਅਤੇ ਵਿਭਾਗਾਂ ਨੂੰ ਵਿੱਤੀ ਸਾਲ 2026-27 ਦੇ ਸੋਧੇ ਹੋਏ ਅਨੁਮਾਨ ਤੇ ਵਿੱਤੀ ਸਾਲ 2027-28 ਦੇ ਬਜਟ ਅਨੁਮਾਨ ਤਿਆਰ ਕਰਨੇ ਹੋਣਗੇ। ਇਸ ਲਈ ਸਾਰੇ ਵਿਭਾਗਾਂ ਤੋਂ ਵਿਸਥਾਰਪੂਰਵਕ ਖਰਚ ਪ੍ਰਸਤਾਵ ਅਤੇ ਵਿੱਤੀ ਲੋੜਾਂ ਦਾ ਮੁਲਾਂਕਣ ਮੰਗਿਆ ਗਿਆ ਹੈ, ਤਾਂ ਜੋ ਆਉਣ ਵਾਲੇ ਬਜਟ ਨੂੰ ਲੈ ਕੇ ਹੋਣ ਵਾਲੀਆਂ ਪ੍ਰੀ-ਬਜਟ ਚਰਚਾਵਾਂ 'ਚ ਇਨ੍ਹਾਂ ਦੀ ਵਰਤੋਂ ਕੀਤੀ ਜਾ ਸਕੇ। ਇਨ੍ਹਾਂ ਮੀਟਿੰਗਾਂ 'ਚ ਵੱਖ-ਵੱਖ ਮੰਤਰਾਲਿਆਂ ਦੀਆਂ ਵਿੱਤੀ ਲੋੜਾਂ, ਚੱਲ ਰਹੇ ਪ੍ਰੋਜੈਕਟਾਂ ਅਤੇ ਭਵਿੱਖ ਦੀਆਂ ਤਰਜੀਹਾਂ 'ਤੇ ਵਿਚਾਰ ਕੀਤਾ ਜਾਵੇਗਾ, ਜਿਸ ਦੇ ਆਧਾਰ 'ਤੇ ਆਉਣ ਵਾਲੇ ਬਜਟ




ਦਾ ਢਾਂਚਾ ਤਿਆਰ ਕੀਤਾ ਜਾਵੇਗਾ। ਸਰਕਾਰ ਦਾ ਆਉਣ ਵਾਲਾ ਬਜਟ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ 02047' ਵਿਜ਼ਨ ਦੇ ਅਨੁਸਾਰ ਤਿਆਰ ਹੋਣ ਦੀ ਸੰਭਾਵਨਾ ਹੈ। ਬਜਟ ਸਰਕੂਲਰ 'ਚ ਸਪੱਸ਼ਟ ਕੀਤਾ ਗਿਆ ਹੈ ਕਿ ਮੰਤਰਾਲਿਆਂ ਵੱਲੋਂ ਭੇਜੇ ਜਾਣ ਵਾਲੇ ਖਰਚ ਪ੍ਰਸਤਾਵ ਸਰਕਾਰ ਦੀਆਂ ਮਨਜ਼ੂਰਸ਼ੁਦਾ ਤਰਜੀਹਾਂ ਅਤੇ ਅਸਲ ਵਿੱਤੀ ਲੋੜਾਂ ਦੇ ਅਨੁਸਾਰ ਹੋਣੇ ਚਾਹੀਦੇ ਹਨ। ਸਰਕਾਰ ਦਾ ਟੀਚਾ ਅਜਿਹੇ ਖਰਚ ਪ੍ਰਸਤਾਵਾਂ ਨੂੰ ਤਰਜੀਹ ਦੇਣਾ ਹੈ ਜੋ ਦੇਸ਼ ਦੇ ਲੰਬੇ ਸਮੇਂ ਦੇ ਆਰਥਿਕ ਵਿਕਾਸ, ਬੁਨਿਆਦੀ ਢਾਂਚੇ ਦੇ ਵਿਸਥਾਰ, ਰੁਜ਼ਗਾਰ ਸਿਰਜਣ, ਡਿਜੀਟਲ ਬਦਲਾਅ ਅਤੇ ਸਮਾਜਿਕ ਵਿਕਾਸ ਦੇ ਟੀਚਿਆਂ ਨੂੰ ਅੱਗੇ ਵਧਾਉਣ 'ਚ ਸਹਾਇਕ ਹੋਣ। ਵਿੱਤ ਮੰਤਰਾਲੇ ਦੇ ਆਰਥਿਕ ਮਾਮਲਿਆਂ ਦੇ ਵਿਭਾਗ ਨੇ ਮੰਤਰਾਲਿਆਂ ਅਤੇ ਵਿਭਾਗਾਂ ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਬਜਟ ਅਨੁਮਾਨ ਤਿਆਰ ਕਰਦੇ ਸਮੇਂ ਜਿੱਥੋਂ ਤੱਕ ਸੰਭਵ ਹੋਵੇ, ਸਟੀਕ ਅਤੇ ਹਕੀਕਤੀ ਵਿੱਤੀ ਮੁਲਾਂਕਣ ਪੇਸ਼ ਕਰਨ। ਮੰਤਰਾਲੇ ਨੇ ਇਹ ਵੀ ਕਿਹਾ ਹੈ ਕਿ ਵਿੱਤੀ ਸਾਲ ਦੌਰਾਨ ਵਾਧੂ ਸਰੋਤਾਂ ਦੀ ਮੰਗ ਨੂੰ ਘੱਟ ਤੋਂ ਘੱਟ ਰੱਖਣ ਦੀ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ। ਇਸ ਨਾਲ ਜਨਤਕ ਵਿੱਤ ਪ੍ਰਬੰਧਨ ਨੂੰ ਵਧੇਰੇ ਪ੍ਰਭਾਵਸ਼ਾਲੀ ਅਤੇ ਅਨੁਸ਼ਾਸਿਤ ਬਣਾਈ ਰੱਖਣ 'ਚ ਮਦਦ ਮਿਲੇਗੀ। ਬਜਟ ਸਰਕੂਲਰ 'ਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਸਿਰਫ਼ ਉਨ੍ਹਾਂ ਯੋਜਨਾਵਾਂ ਅਤੇ ਪ੍ਰੋਗਰਾਮਾਂ ਲਈ ਬਜਟ ਵਿਵਸਥਾ ਦਾ ਪ੍ਰਸਤਾਵ ਕੀਤਾ ਜਾਵੇ, ਜਿਨ੍ਹਾਂ ਨੂੰ ਸਮਰੱਥ ਅਥਾਰਟੀ ਦੀ ਮਨਜ਼ੂਰੀ ਪ੍ਰਾਪਤ ਹੋਵੇ। ਇਸ ਤੋਂ ਇਲਾਵਾ, ਜਾਰੀ ਯੋਜਨਾਵਾਂ ਲਈ ਮਨਜ਼ੂਰਸ਼ੁਦਾ ਖਰਚ ਯੋਜਨਾਵਾਂ ਦਾ ਵੇਰਵਾ ਵੀ ਉਪਲਬਧ ਕਰਵਾਉਣਾ ਹੋਵੇਗਾ। ਸਰਕਾਰ ਚਾਹੁੰਦੀ ਹੈ ਕਿ ਬਜਟ ਸਰੋਤਾਂ ਦੀ ਵਰਤੋਂ ਵਧੇਰੇ ਪਾਰਦਰਸ਼ੀ, ਜਵਾਬਦੇਹ ਅਤੇ ਨਤੀਜਾ-ਮੁਖੀ ਤਰੀਕੇ ਨਾਲ ਕੀਤੀ ਜਾਵੇ। ਸਾਰੇ ਮੰਤਰਾਲੇ ਅਤੇ ਵਿਭਾਗ ਆਪਣੀਆਂ ਵਿਸਥਾਰਪੂਰਵਕ ਗ੍ਰਾਂਟ ਮੰਗਾਂ ਯੂਨੀਅਨ ਬਜਟ ਇਨਫਰਮੇਸ਼ਨ ਸਿਸਟਮ (ਯੂਬੀਆਈਐੱਸ) ਰਾਹੀਂ ਤਿਆਰ ਕਰਨਗੇ। ਵਿੱਤ ਮੰਤਰਾਲੇ ਨੇ ਬਜਟ ਨਾਲ ਜੁੜੀ ਜਾਣਕਾਰੀ ਦੀ ਗੁਪਤਤਾ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਹੈ। ਵਿੱਤੀ ਸਲਾਹਕਾਰਾਂ ਨੂੰ ਨਿਰਦੇਸ਼ ਦਿੱਤਾ ਗਿਆ ਹੈ ਕਿ ਯੂਬੀਆਈਐੱਸ 'ਚ ਦਰਜ ਹੋਣ ਵਾਲੇ ਸਾਰੇ ਅੰਕੜਿਆਂ ਅਤੇ ਦਸਤਾਵੇਜ਼ਾਂ ਦੀ ਸੁਰੱਖਿਆ ਨਿਰਧਾਰਤ ਮਾਪਦੰਡਾਂ ਦੇ ਅਨੁਸਾਰ ਯਕੀਨੀ ਬਣਾਈ ਜਾਵੇ। ਬਜਟ ਸਰਕੂਲਰ ਜਾਰੀ ਹੋਣ ਦੇ ਨਾਲ ਹੀ ਵਿੱਤੀ ਸਾਲ 2027-28 ਲਈ ਸਰਕਾਰ ਦੀ ਪਹਿਲੀ ਵੱਡੀ ਵਿੱਤੀ ਯੋਜਨਾ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਮੰਨਿਆ ਜਾ ਰਿਹਾ ਹੈ ਕਿ ਆਉਣ ਵਾਲੇ ਬਜਟ 'ਚ ਵਿਕਾਸ ਨਾਲ ਸਬੰਧਤ ਤਰਜੀਹਾਂ ਅਤੇ ਰਾਜਕੋਸ਼ੀ ਅਨੁਸ਼ਾਸਨ ਵਿਚਕਾਰ ਸੰਤੁਲਨ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।

## 'ਸਿਰਫ਼ LoC ਤੱਕ ਨਹੀਂ, ਪਾਕਿਸਤਾਨ ਦੇ ਅੰਦਰ ਤੱਕ ਕੀਤਾ ਹਮਲਾ', ਸਾਬਕਾ ਫੌਜ ਮੁਖੀ ਦਾ ਆਪਰੇਸ਼ਨ ਸਿੰਦੂਰ ਬਾਰੇ ਵੱਡਾ ਖੁਲਾਸਾ

ਵਡੋਦਰਾ 2 ਸਤੰਬਰ। ਸਾਬਕਾ ਥਲ ਸੈਨਾ ਮੁਖੀ ਜਨਰਲ ਐੱਮ.ਐੱਮ. ਨਰਵਣੇ ਨੇ ਆਪਰੇਸ਼ਨ ਸਿੰਦੂਰ ਨੂੰ ਲੈ ਕੇ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਫੌਜੀ ਕਾਰਵਾਈ ਭਾਰਤ ਦੀ ਸੁਰੱਖਿਆ ਨੀਤੀ ਵਿੱਚ ਇੱਕ ਮਹੱਤਵਪੂਰਨ ਬਦਲਾਅ ਨੂੰ ਦਰਸਾਉਂਦੀ ਹੈ। ਪਹਿਲਗਾਮ ਅੱਤਵਾਦੀ ਹਮਲੇ ਦੇ ਜਵਾਬ ਵਿੱਚ ਸ਼ੁਰੂ ਕੀਤੇ ਗਏ ਇਸ ਅਭਿਆਨ ਨੇ ਇਹ ਸੰਦੇਸ਼ ਦਿੱਤਾ ਕਿ



ਅੱਤਵਾਦੀਆਂ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਹੁਣ ਦੁਨੀਆ ਦੇ ਕਿਸੇ ਵੀ ਹਿੱਸੇ ਵਿੱਚ ਸੁਰੱਖਿਅਤ ਪਨਾਹ ਨਹੀਂ ਮਿਲੇਗੀ। ਉਨ੍ਹਾਂ ਕਿਹਾ ਕਿ ਆਪਰੇਸ਼ਨ ਸਿੰਦੂਰ ਇੱਕ ਬਹੁਤ ਜ਼ਰੂਰੀ ਕਾਰਵਾਈ ਸੀ। ਇਸ ਨੇ ਪਾਕਿਸਤਾਨ ਪ੍ਰਤੀ ਭਾਰਤ ਦੇ ਰਵੱਈਏ ਵਿੱਚ ਵੱਡਾ ਬਦਲਾਅ ਦਰਸਾਇਆ, ਕਿਉਂਕਿ ਇਨ੍ਹਾਂ ਹਮਲਿਆਂ ਵਿੱਚ ਸਿਰਫ਼ ਸਰਹੱਦ ਦੇ ਨੇੜੇ ਮੌਜੂਦ ਅੱਤਵਾਦੀ ਠਿਕਾਣਿਆਂ ਨੂੰ ਹੀ ਨਿਸ਼ਾਨਾ ਨਹੀਂ ਬਣਾਇਆ ਗਿਆ, ਸਗੋਂ ਗੁਆਂਢੀ ਦੇਸ਼ ਦੇ ਅੰਦਰ ਮੌਜੂਦ ਉਨ੍ਹਾਂ ਦੇ ਸਮਰਥਕਾਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਵਡੋਦਰਾ ਵਿੱਚ ਇੱਕ ਨਿੱਜੀ ਪ੍ਰੋਗਰਾਮ ਤੋਂ ਇਲਾਵਾ ਜਨਰਲ ਨਰਵਣੇ ਨੇ ਕਿਹਾ ਕਿ ਪਹਿਲਾਂ ਉਰੀ ਅਤੇ ਪੁਲਵਾਮਾ (ਬਾਲਾਕੋਟ) ਵਰਗੀਆਂ ਘਟਨਾਵਾਂ ਤੋਂ ਬਾਅਦ ਭਾਰਤ ਦੀ ਪ੍ਰਤੀਕਿਰਿਆ ਮੁੱਖ ਤੌਰ 'ਤੇ ਸਰਹੱਦ ਦੇ ਨੇੜੇ ਸਥਿਤ ਅੱਤਵਾਦੀ ਠਿਕਾਣਿਆਂ ਤੱਕ ਹੀ ਸੀਮਿਤ ਰਹੀ ਸੀ।

## ਕਾਂਗਰਸ ਨੇ ਮਹਿੰਗੀ ਖੰਡ ਮਾਮਲੇ 'ਤੇ ਸਰਕਾਰ ਨੂੰ ਘੇਰਿਆ, 36,000 ਕਰੋੜ ਦੇ ਘਪਲੇ ਦਾ ਲਾਇਆ ਦੋਸ਼

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 2 ਸਤੰਬਰ। ਕਾਂਗਰਸ ਨੇ ਖੰਡ ਦੀ ਮਹਿੰਗਾਈ ਲਈ ਸਰਕਾਰ ਦੀ ਸੁਸਤੀ ਅਤੇ ਈ-20 ਨੀਤੀ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਜਮਹਾਂਖੋਰਾਂ ਤੇ ਕਾਲਾਬਾਜ਼ਾਰੀਆਂ ਨੂੰ ਵੱਡੇ ਪੱਧਰ 'ਤੇ ਫਾਇਦਾ ਪਹੁੰਚਾਉਣ ਦਾ ਦੋਸ਼ ਲਾਇਆ ਹੈ। ਪਾਰਟੀ ਦਾ ਇਹ ਵੀ ਦੋਸ਼ ਹੈ ਕਿ ਖੰਡ ਨੂੰ ਮਹਿੰਗਾ ਕਰ ਕੇ 36,000 ਕਰੋੜ ਰੁਪਏ ਦਾ ਘਪਲਾ ਕੀਤਾ ਜਾ ਰਿਹਾ ਹੈ ਅਤੇ ਤਿਉਹਾਰਾਂ ਦੇ ਇਸ ਮੌਸਮ 'ਚ ਇਹ ਲੁੱਟ ਜਨਤਾ ਦੀ ਜੇਬ 'ਚੋਂ ਹੋਵੇਗੀ। ਕਾਂਗਰਸ ਨੇ ਕਿਹਾ ਕਿ ਖੰਡ ਦੀ ਖਪਤ ਲਈ ਸਪਲਾਈ ਯਕੀਨੀ ਕੀਤੇ ਬਿਨਾਂ ਕੁਝ ਲੋਕਾਂ ਨੂੰ ਫਾਇਦਾ ਪਹੁੰਚਾਉਣ ਲਈ ਗੰਨੇ ਦੇ ਘਟਦੇ ਉਤਪਾਦਨ ਦੇ ਬਾਵਜੂਦ ਇਸ ਦਾ ਵੱਡਾ ਹਿੱਸਾ ਈਥਨੌਲ ਲਈ ਦਿੱਤਾ ਗਿਆ। ਪਾਰਟੀ ਨੇ ਪੀਡੀਐੱਸ ਦੇ ਜ਼ਰੀਏ ਹਰ ਪਰਿਵਾਰ ਦੇ ਹਰੇਕ ਮੈਂਬਰ ਨੂੰ ਸਬਸਿਡੀ ਵਾਲੀਆਂ ਦਰਾਂ 'ਤੇ ਹਰ ਮਹੀਨੇ 500 ਗ੍ਰਾਮ ਖੰਡ ਦੇਣ ਦੀ 2017 'ਚ ਬੰਦ ਕੀਤੀ ਗਈ ਯੋਜਨਾ ਮੁੜ ਸ਼ੁਰੂ ਕਰਨ ਦੀ ਮੰਗ ਕੀਤੀ। ਕਾਂਗਰਸ ਦੇ ਜਨਰਲ



ਸਕੱਤਰ ਰਣਦੀਪ ਸੁਰਜੇਵਾਲਾ ਨੇ ਪ੍ਰੈੱਸ ਕਾਨਫਰੰਸ 'ਚ ਕਿਹਾ ਕਿ ਇੰਡੀਅਨ ਸ਼ੂਗਰ ਮਿਲਜ਼ ਐਸੋਸੀਏਸ਼ਨ ਨੇ 2025-26 'ਚ ਦੇਸ਼ 'ਚ 275 ਲੱਖ ਮੀਟ੍ਰਿਕ ਟਨ ਖੰਡ ਉਤਪਾਦਨ ਦਾ ਅੰਕੜਾ 30 ਅਪ੍ਰੈਲ ਨੂੰ ਹੀ ਪੇਸ਼ ਕਰ ਦਿੱਤਾ ਸੀ, ਜੋ ਸਰਕਾਰ ਦੇ 343 ਲੱਖ ਮੀਟ੍ਰਿਕ ਟਨ ਉਤਪਾਦਨ ਦੀ ਉਮੀਦ ਤੋਂ ਘੱਟ ਸੀ। ਯਾਨੀ ਸਰਕਾਰ ਨੂੰ ਖੰਡ ਦੀ ਕਮੀ ਬਾਰੇ ਅਪ੍ਰੈਲ ਤੋਂ ਹੀ ਪਤਾ ਸੀ ਅਤੇ ਫਿਰ ਵੀ ਸਰਕਾਰ ਚੁੱਪ ਰਹੀ। ਇਸ ਦੇ ਨਤੀਜੇ ਵਜੋਂ ਖੰਡ ਦੀਆਂ ਕੀਮਤਾਂ 40-45 ਰੁਪਏ ਤੋਂ ਵਧ ਕੇ ਅਗਸਤ 'ਚ 75 ਰੁਪਏ ਪ੍ਰਤੀ ਕਿੱਲੋ ਹੋ ਗਈਆਂ। ਤਿਉਹਾਰਾਂ ਦੇ ਮਹੀਨੇ 'ਚ 30 ਲੱਖ ਟਨ ਪ੍ਰਤੀ ਮਹੀਨਾ ਖੰਡ ਦੀ ਖਪਤ ਦਾ ਦਾਅਵਾ ਕਰਦਿਆਂ ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਮੌਸਮ ਅਗਸਤ ਤੋਂ ਨਵੰਬਰ ਦੇ ਚਾਰ ਮਹੀਨਿਆਂ 'ਚ 120 ਲੱਖ ਟਨ ਖੰਡ ਦੀ ਖਪਤ ਹੋਵੇਗੀ ਅਤੇ ਲੋਕਾਂ ਨੂੰ ਪ੍ਰਤੀ ਕਿੱਲੋ ਵਾਧੂ 30 ਰੁਪਏ ਆਪਣੀ ਜੇਬ 'ਚੋਂ ਦੇਣੇ ਪੈਣਗੇ। ਸਾਫ਼ ਹੈ ਕਿ ਖੰਡ ਲਈ 36,000 ਕਰੋੜ ਰੁਪਏ ਵਾਧੂ ਚੁਕਾਉਣੇ ਪੈਣਗੇ, ਜਿਸ ਦਾ ਸਿੱਧਾ ਫਾਇਦਾ ਜਮ?ਹਾਂਖੋਰਾਂ ਅਤੇ ਕਾਲਾਬਾਜ਼ਾਰੀਆਂ ਨੂੰ ਹੋਵੇਗਾ, ਜੋ ਇੱਕ ਘਪਲਾ ਹੈ। ਖੰਡ ਦੇ ਘੱਟ ਉਤਪਾਦਨ ਲਈ ਈ-20 ਨੀਤੀ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਸੁਰਜੇਵਾਲਾ ਨੇ ਕਿਹਾ ਕਿ ਮੋਦੀ ਸਰਕਾਰ ਦੇ ਖੇਤੀਬਾੜੀ ਵਿਕਾਸ ਦੇ ਵੱਡੇ-ਵੱਡੇ ਦਾਅਵੇ ਜ਼ਮੀਨੀ ਪੱਧਰ 'ਤੇ ਪੂਰੀ ਤਰ੍ਹਾਂ ਨਾਕਾਮ ਰਹੇ ਹਨ ਅਤੇ ਸਹੀ ਕੀਮਤ ਨਾ ਮਿਲਣ ਕਾਰਨ ਕਿਸਾਨ ਗੰਨੇ ਦੀ ਖੇਤੀ ਛੱਡ ਰਹੇ ਹਨ। ਇਸ ਦੇ ਬਾਵਜੂਦ ਸਰਕਾਰ ਨੇ ਨਵੰਬਰ 2025 ਤੋਂ ਜੁਲਾਈ 2026 ਦਰਮਿਆਨ ਈ-20 ਈਂਧਨ ਦੇ ਉਤਪਾਦਨ 'ਚ ਗੰਨੇ ਦੇ 32 ਫੀਸਦੀ ਸਟਾਕ ਦੀ ਵਰਤੋਂ ਕੀਤੀ। ਇਸ ਕਾਰਨ ਬਾਜ਼ਾਰ 'ਚ ਖੰਡ ਦਾ ਸਟਾਕ ਘੱਟ ਹੋ ਗਿਆ ਅਤੇ ਜਨਤਾ 'ਤੇ ਈ-20 ਨੀਤੀ ਦੀ ਦੋਹਰੀ ਮਾਰ ਪੈ ਰਹੀ ਹੈ। ਇੱਕ ਪਾਸੇ ਜਿੱਥੇ ਵਾਹਨ ਖ਼ਰਾਬ ਹੋ ਕੇ ਗੈਰੇਜ 'ਚ ਜਾ ਰਹੇ ਹਨ, ਤਾਂ ਦੂਜੇ ਪਾਸੇ ਮਹਿੰਗੀ ਖੰਡ ਖ਼ਰੀਦਣੀ ਪੈ ਰਹੀ ਹੈ।

## 'ਸਵਾਲ ਪੁੱਛਣ 'ਤੇ ਵਿਦਿਆਰਥੀਆਂ ਨੂੰ ਸਜ਼ਾ ਦੀ ਧਮਕੀ ਦੇਣਾ ਗੈਰ-ਸੰਵਿਧਾਨਕ': ਜਸਟਿਸ ਉੱਜਵਲ ਭੂਈਆਂ



ਨਵੀਂ ਦਿੱਲੀ 2 ਸਤੰਬਰ। ਸੁਪਰੀਮ ਕੋਰਟ ਦੇ ਜਸਟਿਸ ਉੱਜਵਲ ਭੂਈਆਂ ਨੇ ਕਿਹਾ ਕਿ ਵੱਖਰੀ ਰਾਇ ਜ਼ਾਹਿਰ ਕਰਨ ਜਾਂ ਸਵਾਲ ਪੁੱਛਣ ਵਾਲੇ ਵਿਦਿਆਰਥੀਆਂ ਨੂੰ ਸਜ਼ਾ ਦੀ ਧਮਕੀ ਨਹੀਂ ਦਿੱਤੀ ਜਾ ਸਕਦੀ, ਕਿਉਂਕਿ ਅਜਿਹਾ ਰਵੱਈਆ ਗੈਰ-ਸੰਵਿਧਾਨਕ ਅਤੇ ਤਾਕਤ ਦੀ ਦੁਰਵਰਤੋਂ ਹੈ। ਜਸਟਿਸ ਭੂਈਆਂ ਨੇ ਕਿਹਾ ਕਿ ਯੂਨੀਵਰਸਿਟੀ ਨੂੰ ਅਜਿਹੀ ਜਗ?ਹਾ ਹੋਣਾ ਚਾਹੀਦਾ ਹੈ, ਜਿੱਥੇ 'ਸਥਾਪਤ ਵਿਚਾਰਾਂ' ਦੀ 'ਜਾਂਚ ਕੀਤੀ ਜਾ ਸਕੇ ਅਤੇ ਉਨ੍ਹਾਂ 'ਤੇ ਸਵਾਲ ਉਠਾਏ ਜਾ ਸਕਣ' ਅਤੇ ਅਸਹਿਮਤੀ ਨੂੰ ਦੁਸ਼ਮਣੀ ਦੀ ਨਜ਼ਰ ਨਾਲ ਨਾ ਦੇਖਿਆ ਜਾਵੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੂੰ ਅਜਿਹੀ ਜਗ?ਹਾ ਹੋਣਾ ਚਾਹੀਦਾ ਹੈ, ਜਿੱਥੇ ਸੁਤੰਤਰ ਤੌਰ 'ਤੇ ਸੋਚਣ ਦੀ ਆਦਤ ਵਿਕਸਤ ਹੋਵੇ ਅਤੇ ਵਿਦਿਆਰਥੀ ਔਖੇ ਸਵਾਲ ਪੁੱਛਣ ਤੋਂ ਨਾ ਝਿਜਕਣ। ਜਸਟਿਸ ਉੱਜਵਲ ਭੂਈਆਂ ਨੇ ਕਿਹਾ ਕਿ ਸਵਾਲ ਪੁੱਛਣ ਦਾ ਅਧਿਕਾਰ ਬਗਾਵਤ ਜਾਂ ਅਵੱਗਿਆ ਦੀ ਕਾਰਵਾਈ ਨਹੀਂ ਹੈ ਅਤੇ 'ਅਸਹਿਣਸ਼ੀਲ ਮਾਨਸਿਕਤਾ' ਭਾਰਤੀ ਸੰਵਿਧਾਨ ਦੀ ਭਾਵਨਾ ਦੇ ਉਲਟ ਹੈ। ਜਸਟਿਸ ਭੂਈਆਂ ਨਵੀਂ ਦਿੱਲੀ ਸਥਿਤ ਨੈਸ਼ਨਲ ਲਾਅ ਯੂਨੀਵਰਸਿਟੀ 'ਚ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਦੀ 13ਵੀਂ ਕਾਨਵੋਕੇਸ਼ਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ, "ਯੂਨੀਵਰਸਿਟੀ ਇਕ ਅਜਿਹੀ ਜਗ?ਹਾ ਹੈ, ਜਿੱਥੇ ਲੋਕਾਂ ਦਾ ਸਾਹਮਣਾ ਅਜਿਹੇ ਵਿਚਾਰਾਂ ਨਾਲ ਹੁੰਦਾ ਹੈ, ਜੋ ਸ਼ਾਇਦ ਉਨ੍ਹਾਂ ਦੇ ਆਪਣੇ ਵਿਚਾਰਾਂ ਤੋਂ ਵੱਖ ਹੋਣ; ਜਿੱਥੇ ਸਥਾਪਤ ਮਾਨਤਾਵਾਂ ਦੀ ਜਾਂਚ ਕੀਤੀ ਜਾਂਦੀ ਹੈ ਅਤੇ ਉਨ੍ਹਾਂ 'ਤੇ ਸਵਾਲ ਉਠਾਏ ਜਾ ਸਕਦੇ ਹਨ।" ਜਸਟਿਸ ਭੂਈਆਂ ਨੇ ਕਿਹਾ ਕਿ ਭਾਰਤੀ ਸੰਵਿਧਾਨ ਮੰਨਦਾ ਹੈ ਕਿ ਇਕ ਸੁਤੰਤਰ ਸਮਾਜ 'ਚ ਵੱਖ-ਵੱਖ ਰਾਇ ਅਤੇ ਮਾਨਤਾਵਾਂ ਹੋਣਗੀਆਂ ਅਤੇ ਜਨਤਕ ਜੀਵਨ 'ਚ ਭਾਈਵਾਲੀ ਉਦੋਂ ਹੀ ਸਾਰਥਕ ਹੋਵੇਗੀ, ਜਦੋਂ ਅਸਹਿਮਤੀ ਲਈ ਵੀ ਥਾਂ ਹੋਵੇ। ਉਨ੍ਹਾਂ ਕਿਹਾ ਕਿ ਸਹਿਣਸ਼ੀਲਤਾ ਇਕ 'ਸੰਵਿਧਾਨਕ ਮੁੱਲ' ਹੈ ਅਤੇ ਬੁੱਧ ਤੇ ਗਾਂਧੀ ਦੀ ਧਰਤੀ ਹੋਣ ਦੇ ਨਾਤੇ ਭਾਰਤ 'ਚ 'ਅਸਹਿਣਸ਼ੀਲ ਮਾਨਸਿਕਤਾ' ਲਈ ਕੋਈ ਥਾਂ ਨਹੀਂ ਹੈ।

## ਰਾਹੁਲ ਗਾਂਧੀ ਨੂੰ ਪੰਚਕੂਲਾ ਅਦਾਲਤ ਤੋਂ ਝਟਕਾ, ਕਾਰੋਬਾਰੀ 'ਤੇ ਲਗਾਏ ਧੋਖਾਧੜੀ ਦੇ ਦੋਸ਼ ਖਾਰਜ

ਕੌਮੀ ਪਤ੍ਰਿਕਾ

ਪੰਚਕੂਲਾ 2 ਸਤੰਬਰ। ਕਰੀਬ 4.46 ਕਰੋੜ ਰੁਪਏ ਦੇ ਸਟਾਕ ਗਬਨ ਅਤੇ 4 ਲੱਖ ਰੁਪਏ ਦੀ ਧੋਖਾਧੜੀ ਦੇ ਮਾਮਲੇ ਵਿੱਚ ਜ਼ਿਲ੍ਹਾ ਅਦਾਲਤ ਨੇ ਸ਼ਿਕਾਇਤਕਰਤਾ ਚੰਡੀਗੜ੍ਹ ਨਿਵਾਸੀ ਕਾਰੋਬਾਰੀ ਰਾਹੁਲ ਗਾਂਧੀ ਨੂੰ ਵੱਡਾ ਝਟਕਾ ਦਿੱਤਾ ਹੈ। ਗਾਂਧੀ ਨੇ ਜੀਰਕਪੁਰ ਨਿਵਾਸੀ ਪਰਵੀਨ ਕੁਮਾਰ ਖ਼?ਲਾਫ਼ ਧੋਖਾਧੜੀ ਦੀ ਸ਼ਿਕਾਇਤ ਦਰਜ ਕਰਵਾਈ ਸੀ। ਹਾਲਾਂਕਿ, ਇਸ ਮਾਮਲੇ ਵਿੱਚ ਹੇਠਲੀ ਅਦਾਲਤ ਨੇ ਪਰਵੀਨ ਕੁਮਾਰ ਨੂੰ ਬਰੀ ਕਰ ਦਿੱਤਾ ਸੀ। ਇਸ ਫ਼ੈਸਲੇ ਨੂੰ ਗਾਂਧੀ ਨੇ ਸੈਸ਼ਨ ਕੋਰਟ ਵਿੱਚ ਚੁਣੌਤੀ ਦਿੱਤੀ, ਪਰ ਉੱਥੇ ਵੀ ਉਨ੍ਹਾਂ ਨੂੰ ਰਾਹਤ ਨਹੀਂ ਮਿਲੀ ਅਤੇ ਹੇਠਲੀ ਅਦਾਲਤ ਦੇ ਫ਼ੈਸਲੇ ਨੂੰ ਬਰਕਰਾਰ ਰੱਖਿਆ ਗਿਆ। ਸੈਸ਼ਨ ਕੋਰਟ ਨੇ ਕਿਹਾ ਕਿ ਪਰਵੀਨ ਕੁਮਾਰ ਨੂੰ ਦੋਸ਼ੀ ਠਹਿਰਾਉਣ ਲਈ ਮਾਮਲੇ ਵਿੱਚ ਲੋੜੀਂਦੇ ਸਬੂਤ ਮੌਜੂਦ ਨਹੀਂ ਹਨ। ਇਸ ਲਈ ਸੈਸ਼ਨ ਕੋਰਟ ਨੇ ਹੇਠਲੀ ਅਦਾਲਤ ਦੇ 30 ਮਾਰਚ 2019 ਦੇ ਫ਼ੈਸਲੇ ਵਿੱਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ। ਇਹ ਮਾਮਲਾ ਸੈਕਟਰ-5 ਥਾਣੇ ਵਿੱਚ ਦਸੰਬਰ 2013 ਵਿੱਚ ਦਰਜ ਹੋਈ ਐਫਆਈਆਰ ਨਾਲ ਸਬੰਧਤ ਹੈ। ਸ਼ਿਕਾਇਤਕਰਤਾ ਰਾਹੁਲ ਗਾਂਧੀ ਨੇ ਪੁਲਿਸ ਨੂੰ ਦੱਸਿਆ ਸੀ ਕਿ ਉਹ ਕਨਵ ਐਂਟਰਪ੍ਰਾਈਜ਼ਿਜ਼ ਦੇ ਮਾਲਕ ਹਨ ਅਤੇ ਸਿਗਰਟ ਅਤੇ ਪਾਨ ਮਸਾਲਾ ਵੰਡਣ ਦਾ ਕਾਰੋਬਾਰ ਕਰਦੇ ਹਨ। ਦੋਸ਼ ਸੀ ਕਿ ਪਹਿਲਾਂ ਉਨ੍ਹਾਂ ਦੀ ਕੰਪਨੀ ਵਿੱਚ ਕੰਮ ਕਰ ਚੁੱਕੇ ਪਰਵੀਨ ਕੁਮਾਰ ਨੇ ਅਕਤੂਬਰ 2012 ਵਿੱਚ ਸਿਗਰਟ ਦੀ ਡਿਸਟ?ਰੀਬਿਊਟਰਸ਼ਿਪ ਲੈਣ ਲਈ ਉਨ੍ਹਾਂ ਤੋਂ 4 ਲੱਖ ਰੁਪਏ ਲਏ ਸਨ। ਇਸ ਤੋਂ ਇਲਾਵਾ ਕਾਰੋਬਾਰ ਚਲਾਉਣ ਲਈ 40 ਲੱਖ ਰੁਪਏ ਦੀ ਬੈਂਕ ਲਿਮਿਟ ਵੀ ਲਈ ਗਈ ਸੀ। ਦੋਸ਼ਾਂ ਮੁਤਾਬਕ ਪਰਵੀਨ ਨੇ ਨਾ ਤਾਂ ਰਕਮ ਦਾ ਕੋਈ ਹਿਸਾਬ ਦਿੱਤਾ ਅਤੇ ਨਾ ਹੀ ਬੈਂਕ ਵਿੱਚ ਭੁਗਤਾਨ ਕੀਤਾ। ਸਟਾਕ ਦੀ ਜਾਂਚ ਕਰਨ 'ਤੇ 4.46 ਕਰੋੜ ਰੁਪਏ ਦਾ ਗਬਨ ਸਾਹਮਣੇ ਆਇਆ ਸੀ। ਅਦਾਲਤ ਨੇ ਜਾਂਚ ਅਧਿਕਾਰੀ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਉਠਾਏ। ਕੋਰਟ ਮੁਤਾਬਕ ਜਾਂਚ ਅਧਿਕਾਰੀ ਨੇ ਦਸਤਾਵੇਜ਼ ਤਾਂ ਇਕੱਠੇ ਕੀਤੇ, ਪਰ ਇਹ ਸਾਬਤ ਕਰਨ ਲਈ ਕਾਫ਼ੀ ਸਬੂਤ ਨਹੀਂ




ਜੁਟਾਏ ਕਿ ਧੋਖਾਧੜੀ ਜਾਂ ਸਟਾਕ ਗਬਨ ਲਈ ਦੋਸ਼ੀ ਵਿਅਕਤੀ ਹੀ ਜ਼ਿੰਮੇਵਾਰ ਸੀ। ਰਿਕਾਰਡ ਵਿੱਚ ਇਹ ਵੀ ਸਾਹਮਣੇ ਆਇਆ ਕਿ ਕਨਵ ਐਂਟਰਪ੍ਰਾਈਜ਼ਿਜ਼ ਦੀ ਪ੍ਰੋਪਰਾਈਟਰਸ਼ਿਪ ਪਰਵੀਨ ਕੁਮਾਰ ਦੇ ਨਾਮ 'ਤੇ ਸੀ। ਇਸ ਲਈ ਦੋਸ਼ੀ ਨੂੰ ਅਪਰਾਧ ਨਾਲ ਜੋੜਨ ਲਈ ਠੋਸ ਅਤੇ ਭਰੋਸੇਯੋਗ ਸਬੂਤ ਮੌਜੂਦ ਨਹੀਂ ਸਨ। ਤਹਿਸੀਲ ਕੰਪਲੈਕਸ 'ਚ ਲੋਕਾਂ ਦੀ ਸਹੂਲਤ ਲਈ ਬਣਾਏ ਗਏ ਪਖਾਨਿਆਂ ਦੀ ਸਫ਼ਾਈ ਨਾ ਹੋਣ ਕਾਰਨ ਮਿਸ਼ਨ ਕਲੀਨ ਦੀ ਨਿੱਕਲੀ ਫੂਕ ਨਿੱਕਲਦੀ ਨਜ਼ਰ ਆ ਰਹੀ ਹੈ, ਇੱਥੇ ਗੰਦਗੀ ਫੈਲੀ ਹੈ। ਜਿਸ ਕਾਰਨ ਕੰਪਲੈਕਸ 'ਚ ਆਪਣੇ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਖੜਗੇ ਦੇ ਅਪਮਾਨ 'ਤੇ ਜੈਰਾਮ ਦਾ ਭਾਜਪਾ-ਆਰਐੱਸਐੱਸ 'ਤੇ ਹਮਲਾ

ਨਵੀਂ ਦਿੱਲੀ 2 ਸਤੰਬਰ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਉੱਤਰਾਖੰਡ ਦੇ ਹਲਦਵਾਨੀ 'ਚ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਦੇ ਸਭਾ ਸਥਾਨ ਦੇ ਸ਼ੁੱਧੀਕਰਨ ਨੂੰ ਲੈ ਕੇ ਭਾਜਪਾ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰਐੱਸਐੱਸ) 'ਤੇ ਨਿਸ਼ਾਨਾ ਵਿੰਨ੍ਹ?ਆ। ਇਸ ਦੇ ਨਾਲ ਹੀ ਕਾਂਗਰਸ ਨੇ ਨਰਿੰਦਰ ਮੋਦੀ ਨੂੰ ਇਸ ਮਾਮਲੇ 'ਚ ਐੱਫਆਈਆਰ ਦਰਜ ਕਰਨ ਦਾ ਨਿਰਦੇਸ਼ ਦੇਣ ਦੀ ਮੰਗ ਕੀਤੀ। ਰਾਹੁਲ ਗਾਂਧੀ ਨੇ ਕਿਹਾ ਕਿ



ਇਹ ਘਟਨਾ ਇਕ ਅਪਰਾਧ ਅਤੇ ਕਾਂਗਰਸ ਇਹ ਯਕੀਨੀ ਕਰੇਗੀ ਕਿ 'ਸ਼ੁੱਧੀਕਰਨ' 'ਚ ਸ਼ਾਮਲ ਲੋਕਾਂ ਖ਼?ਲਾਫ਼ ਕਾਰਵਾਈ ਹੋਵੇ। ਇਸ ਵਿਸ਼ੇ ਨੂੰ ਲੈ ਕੇ ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਪੋਸਟ ਕੀਤਾ, "ਹੈਰਾਨੀ ਨਹੀਂ ਹੋਵੇਗੀ ਕਿ ਉੱਤਰਾਖੰਡ 'ਚ ਭਾਜਪਾ ਦੀ 'ਡਬਲ ਇੰਜਣ' ਸਰਕਾਰ 'ਚ ਜਿਹੜੇ ਲੋਕਾਂ ਨੇ ਕਾਂਗਰਸ ਪ੍ਰਧਾਨ ਖੜਗੇ ਜੀ ਦੇ ਪ੍ਰਤੀ ਅਜਿਹੀ ਦਲਿਤ ਵਿਰੋਧੀ ਨਫ਼ਰਤ ਦਿਖਾਈ ਹੈ, ਉਨ੍ਹਾਂ ਨੂੰ ਭਾਜਪਾ ਸਰਕਾਰ ਸਨਮਾਨਤ ਕਰੇ ਜਾਂ ਕਿਸੇ ਨਾ ਕਿਸੇ ਤਰ੍ਹਾਂ ਦਾ ਇਨਾਮ ਦੇਵੇ। ਅਜਿਹੀ ਹਿੰਮਤ ਉਦੋਂ ਆਉਂਦੀ ਹੈ, ਜਦੋਂ ਉੱਪਰੋਂ ਸਮਰਥਨ ਮਿਲਦਾ ਹੈ। ਨਹੀਂ ਤਾਂ, ਕੀ ਕਾਰਨ ਹੈ ਕਿ ਭਾਜਪਾ ਸ਼ਾਸਿਤ ਸੂਬਿਆਂ 'ਚ ਅਜਿਹੀਆਂ ਘਟਨਾਵਾਂ ਵਾਰ-ਵਾਰ ਦੋਹਰਾਈਆਂ ਜਾਂਦੀ ਹੈ।" ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ-ਆਰਐੱਸਐੱਸ ਦੀ ਵਿਚਾਰਧਾਰਾ ਦੇ ਮੂਲ 'ਚ ਹੀ ਦਲਿਤਾਂ ਦੇ ਪ੍ਰਤੀ ਨਫ਼ਰਤ ਹੈ ਅਤੇ ਉਹ ਕਿੰਨਾ ਵੀ ਮੁਖੌਟਾ ਪਾ ਲੈਣ, ਇਹ ਸੋਚ ਵਾਰ-ਵਾਰ ਸਾਹਮਣੇ ਆ ਹੀ ਜਾਂਦੀ ਹੈ। ਰਮੇਸ਼ ਨੇ ਕਿਹਾ, "ਬਾਬਾ ਸਾਹਿਬ ਦੇ ਸੰਵਿਧਾਨ ਤੋਂ ਵਾਂਝੇ ਦਲਿਤ ਸਮਾਜ ਨੂੰ ਇੰਨੀ ਤਾਕਤ ਦਿੱਤੀ ਕਿ ਉਸ ਸਮਾਜ ਤੋਂ ਆਉਣ ਵਾਲਾ ਵਿਅਕਤੀ ਦੇਸ਼ ਦੀ ਰਾਜਨੀਤੀ 'ਚ ਇੰਨੇ ਉੱਚੇ ਸਥਾਨ ਤੱਕ ਪਹੁੰਚ ਸਕਿਆ ਪਰ ਸੰਵਿਧਾਨ ਵਿਰੋਧੀ ਸੋਚ ਰੱਖਣ ਵਾਲਿਆਂ ਨੂੰ ਇਹੀ ਬਰਾਬਰੀ ਕਦੇ ਸਵੀਕਾਰ ਨਹੀਂ ਹੋ ਸਕੀ।" ਰਮੇਸ਼ ਨੇ ਕਿਹਾ, "ਪ੍ਰਧਾਨ ਮੰਤਰੀ ਦੇ ਮੂੰਹ 'ਚੋਂ ਦੇਸ਼ ਦੇ ਇੰਨੇ ਸੀਨੀਅਰ ਦਲਿਤ ਨੇਤਾ ਦੇ ਸਨਮਾਨ 'ਤੇ ਹੋਏ ਇਸ ਹਮਲੇ ਖ਼?ਲਾਫ਼ ਇਕ ਸ਼ਬਦ ਨਿਕਲਣ ਦੀ ਉਮੀਦ ਕਰਨਾ ਤਾਂ ਦੂਰ ਦੀ ਗੱਲ ਹੈ। ਅਜਿਹੀ ਨਫ਼ਰਤ ਅਤੇ ਛੂਤ-ਛਾਤ ਫੈਲਾਉਣ ਵਾਲੇ ਲੋਕ ਹਮੇਸ਼ਾ ਇਨ੍ਹਾਂ ਤੋਂ ਪ੍ਰੇਰਨਾ ਅਤੇ ਹੌਸਲਾ ਪਾਉਂਦੇ ਹਨ।"

## ਸਬੂਤ ਪੇਸ਼ ਕਰਨ ਦੀ ਬਜਾਏ ਈਡੀ ਚਿੱਠੀਆਂ, ਲੀਕ ਅਤੇ ਮੀਡੀਆ ਰਿਪੋਰਟਾਂ ਰਾਹੀਂ ਆਪ ਲੀਡਰਸ਼ਿਪ ਨੂੰ ਬਦਨਾਮ ਕਰ ਰਹੀ ਹੈ: ਅਮਨ ਅਰੋੜਾ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਚੰਡੀਗੜ੍ਹ 2 ਸਤੰਬਰ: ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਬੁੱਧਵਾਰ ਨੂੰ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕੇਂਦਰੀ ਜਾਂਚ ਏਜੰਸੀ ਠੋਸ ਸਬੂਤ ਪੇਸ਼ ਕਰਨ ਦੀ ਬਜਾਏ ਵਾਰ-ਵਾਰ ਚਿੱਠੀਆਂ, ਮੀਡੀਆ ਲੀਕ ਅਤੇ ਅਸਪੱਸ਼ਟ ਦੋਸ਼ਾਂ ਰਾਹੀਂ 'ਆਪ' ਲੀਡਰਸ਼ਿਪ ਨੂੰ ਬਦਨਾਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਪਹਿਲਾਂ ਹੀ ਏਜੰਸੀ ਤੋਂ ਪੂਰੇ ਦਸਤਾਵੇਜ਼ ਅਤੇ ਇਲੈਕਟ?ਰੋਨਿਕ ਡਾਟਾ ਮੰਗ ਚੁੱਕੀ ਹੈ, ਪਰ ਈਡੀ ਸਪੱਸ਼ਟ ਅਤੇ ਵਰਤੋਂ ਯੋਗ ਸਬੂਤ ਦੇਣ ਵਿੱਚ ਅਸਫਲ ਰਹੀ ਹੈ। 'ਆਪ' ਪੰਜਾਬ ਦੇ ਸੂਬਾ ਪ੍ਰਧਾਨ ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਦਾ ਵੱਡਾ ਮਕਸਦ ਅਰਾਜਕਤਾ ਪੈਦਾ ਕਰਨਾ, ਸਿਆਸੀ ਲੀਡਰਸ਼ਿਪ ਨੂੰ ਡਰਾਉਣਾ ਅਤੇ ਸਰਕਾਰੀ ਅਧਿਕਾਰੀਆਂ ਨੂੰ ਦਬਾਅ ਹੇਠ ਰੱਖਣਾ ਹੈ ਤਾਂ ਜੋ ਚੁਣੀ ਹੋਈ ਪੰਜਾਬ ਸਰਕਾਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਨਾ ਕਰ ਸਕੇ। ਅਮਨ ਅਰੋੜਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੀਬੀਆਈ ਬਾਰੇ ਆਪਣੀ ਪੁਰਾਣੀ ਆਲੋਚਨਾ ਵਿੱਚ ਸਹੀ ਸਨ, ਅਤੇ ਅੱਜ ਈਡੀ ਤੇ ਸੀਬੀਆਈ ਭਾਜਪਾ ਦੇ ਤੋਤੇ ਬਣ ਚੁੱਕੀਆਂ ਹਨ। ਮੀਡੀਆ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ, ਈਡੀ ਵੱਲੋਂ ਪੰਜਾਬ ਦੇ ਡੀਜੀਪੀ ਨੂੰ ਭੇਜੀਆਂ ਗਈਆਂ ਵਾਰ-ਵਾਰ ਚਿੱਠੀਆਂ, ਜਿਸ ਵਿੱਚ ਧਾਰਾ 66(2) ਤਹਿਤ ਐਫਆਈਆਰ ਦਰਜ ਕਰਨ ਦੀ ਮੰਗ ਕਰਨ ਵਾਲੀ ਤਾਜ਼ਾ ਚਿੱਠੀ ਵੀ ਸ਼ਾਮਲ ਹੈ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ 'ਬੌਖਲਾਹਟ ਅਤੇ ਨਿਰਾਸ਼ਾ' ਨੂੰ ਦਰਸਾਉਂਦੀ ਹੈ। ਪੰਜਾਬ ਪੁਲਿਸ ਨੇ ਦੋਸ਼ਾਂ ਦੇ ਸਮਰਥਨ ਵਿੱਚ ਪੂਰੇ ਦਸਤਾਵੇਜ਼ੀ ਅਤੇ ਇਲੈਕਟ?ਰੋਨਿਕ ਸਬੂਤ ਮੰਗਣ ਲਈ 28 ਅਗਸਤ ਨੂੰ ਹੀ ਈਡੀ ਨੂੰ ਪੱਤਰ ਲਿਖਿਆ ਸੀ। 'ਆਪ' ਪੰਜਾਬ ਪ੍ਰਧਾਨ ਨੇ ਦੱਸਿਆ, ਪੰਜਾਬ ਪੁਲਿਸ ਨੇ ਈਡੀ ਨੂੰ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਹੁਣ ਤੱਕ ਮੁਹੱਈਆ ਕਰਵਾਈ ਗਈ ਸਮੱਗਰੀ ਅਸਪੱਸ਼ਟ ਹੈ ਅਤੇ ਛਾਪੇਮਾਰੀ ਦੌਰਾਨ ਜ਼ਬਤ ਕੀਤੇ ਗਏ ਪੂਰੇ ਸਬੂਤ, ਦਸਤਾਵੇਜ਼ ਅਤੇ ਇਲੈਕਟ?ਰੋਨਿਕ ਡਾਟਾ ਦਿੱਤਾ ਜਾਵੇ ਤਾਂ ਜੋ ਯੋਗ ਜਾਂਚ ਕੀਤੀ ਜਾ ਸਕੇ। ਈਡੀ ਨੂੰ 1 ਸਤੰਬਰ ਨੂੰ ਸਬੰਧਤ ਸਮੱਗਰੀ ਸਮੇਤ ਇੱਕ ਅਧਿਕਾਰੀ ਭੇਜਣ ਲਈ ਕਿਹਾ ਗਿਆ ਸੀ, ਪਰ ਅਜਿਹਾ ਕੋਈ ਅਧਿਕਾਰੀ ਪੇਸ਼ ਨਹੀਂ ਹੋਇਆ। ਕੇਂਦਰੀ ਏਜੰਸੀਆਂ ਦੇ ਕੰਮਕਾਜ 'ਤੇ ਤੰਜ਼ ਕਸਦਿਆਂ ਅਮਨ ਅਰੋੜਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਦਿੱਤੇ ਉਸ ਬਿਆਨ ਨੂੰ ਯਾਦ ਕਰਵਾਇਆ ਜਿਸ ਵਿੱਚ ਉਨ੍ਹਾਂ ਸੀਬੀਆਈ ਨੂੰ ਕੇਂਦਰ ਸਰਕਾਰ ਦਾ ਤੋਤਾ ਦੱਸਿਆ ਸੀ। ਉਨ੍ਹਾਂ ਕਿਹਾ, ਅੱਜ ਮੈਂ ਨਰਿੰਦਰ ਮੋਦੀ ਦੁਆਰਾ ਉਦੋਂ ਕਹੀ ਗਈ ਗੱਲ ਨਾਲ 100% ਸਹਿਮਤ ਹਾਂ। ਚਾਹੇ ਈਡੀ ਹੋਵੇ, ਸੀਬੀਆਈ ਹੋਵੇ ਜਾਂ ਹੋਰ ਕੇਂਦਰੀ ਏਜੰਸੀਆਂ, ਇਹ ਸਾਰੀਆਂ ਭਾਜਪਾ ਸਰਕਾਰ ਦੇ ਤੋਤਿਆਂ ਵਾਂਗ ਕੰਮ ਕਰ ਰਹੀਆਂ ਹਨ। ਅਮਨ ਅਰੋੜਾ ਨੇ ਕਿਹਾ ਕਿ ਈਡੀ ਬਿਨਾਂ ਕੋਈ ਗੜਬੜੀ ਸਾਬਤ ਕੀਤੇ ਮੀਡੀਆ ਵਿੱਚ ਸੰਜੀਵ ਅਰੋੜਾ, ਲਾਲ ਚੰਦ ਕਟਾਰੂਚੱਕ ਅਤੇ ਉਨ੍ਹਾਂ ਸਮੇਤ 'ਆਪ' ਆਗੂਆਂ ਦੇ ਨਾਂ ਜਾਣਬੁੱਝ ਕੇ ਉਛਾਲ ਰਹੀ ਹੈ। ਉਨ੍ਹਾਂ ਇਹ ਵੀ ਨੋਟ ਕੀਤਾ ਕਿ ਉਨ੍ਹਾਂ ਦੇ ਪੁਰਾਣੇ ਦੋਸਤ ਗੌਰਵ ਧੀਰ ਰਾਹੀਂ ਉਨ੍ਹਾਂ ਤੱਕ ਪਹੁੰਚਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਕੇਸ ਦੇ ਤੱਥ ਪੇਸ਼ ਕਰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਐਲਟਸ ਪ੍ਰੋਜੈਕਟ ਨਾਲ ਸਬੰਧਤ ਚੇਂਜ ਆਫ਼ ਲੈਂਡ ਯੂਜ਼ (ਸੀਐੱਲਯੂ) ਦੀਆਂ ਮਨਜ਼ੂਰੀਆਂ ਛੇ ਵਾਰ ਦਿੱਤੀਆਂ ਗਈਆਂ ਸਨ, ਪਰ 'ਆਪ' ਸਰਕਾਰ ਦੇ ਕਾਰਜਕਾਲ ਦੌਰਾਨ ਇੱਕ ਵੀ ਸੀਐੱਲਯੂ ਨਹੀਂ ਦਿੱਤੀ ਗਈ। ਉਨ੍ਹਾਂ ਦੱਸਿਆ, 17 ਨਵੰਬਰ 2011, 14 ਮਈ 2012, 25 ਜੂਨ 2013, 17 ਫਰਵਰੀ 2018, 7 ਮਾਰਚ



2018 ਅਤੇ 7 ਮਾਰਚ 2022 ਦੀਆਂ ਮਨਜ਼ੂਰੀਆਂ ਪਿਛਲੀਆਂ ਕਾਂਗਰਸ ਜਾਂ ਅਕਾਲੀ-ਭਾਜਪਾ ਸਰਕਾਰਾਂ ਦੇ ਸਮੇਂ ਦਿੱਤੀਆਂ ਗਈਆਂ ਸਨ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਲੇਆਉਟ ਪਲਾਨ 2011 ਅਤੇ 2025 ਦੇ ਵਿਚਕਾਰ ਕਈ ਵਾਰ ਬਦਲੇ ਗਏ ਸਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਬਦਲਾਅ ਪਿਛਲੀਆਂ ਸਰਕਾਰਾਂ ਵੇਲੇ ਹੋਏ ਸਨ। ਅਮਨ ਅਰੋੜਾ ਨੇ ਕਿਹਾ, ਜੇਕਰ ਈਡੀ ਮੰਨਦੀ ਹੈ ਕਿ ਇਹ ਮਨਜ਼ੂਰੀਆਂ ਅਤੇ ਬਦਲਾਅ ਗੈਰ-ਕਾਨੂੰਨੀ ਸਨ, ਤਾਂ ਉਸ ਨੂੰ ਪੂਰੇ ਘਟਨਾਕ੍ਰਮ ਦੀ ਜਾਂਚ ਕਰਨੀ ਚਾਹੀਦੀ ਹੈ, ਨਾ ਕਿ ਸਿਰਫ਼ 'ਆਪ' ਸਰਕਾਰ ਨੂੰ ਨਿਸ਼ਾਨਾ ਬਣਾਉਣਾ ਚਾਹੀਦਾ ਹੈ। ਅਮਨ ਅਰੋੜਾ ਨੇ ਡਿਵੈਲਪਰਾਂ ਲਈ 25% ਜ਼ਮੀਨ ਦੀ ਮਲਕੀਅਤ ਵਾਲੀ ਨੀਤੀ 'ਤੇ ਈਡੀ ਦੇ ਧਿਆਨ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਇਹ ਨੀਤੀ 2012 ਦੀ ਅਕਾਲੀ-ਭਾਜਪਾ ਸਰਕਾਰ ਵੇਲੇ ਸ਼ੁਰੂ ਹੋਈ ਸੀ ਅਤੇ 2025 ਵਿੱਚ 'ਆਪ' ਸਰਕਾਰ ਨੇ ਇਸ ਵਿੱਚ ਸੁਧਾਰ ਕੀਤਾ। ਉਨ੍ਹਾਂ ਦਾਅਵਾ ਕੀਤਾ, ਆਪ ਸਰਕਾਰ ਨੇ ਨੀਤੀ ਵਿੱਚ ਬਦਲਾਅ ਕਰਕੇ ਲਾਇਸੈਂਸ ਅਤੇ ਸੀਐੱਲਯੂ ਪ੍ਰਾਪਤ ਕਰਨ ਲਈ ਡਿਵੈਲਪਰਾਂ ਕੋਲ 100% ਜ਼ਮੀਨ ਦੀ ਮਲਕੀਅਤ ਹੋਣਾ ਲਾਜ਼ਮੀ ਕੀਤਾ, ਜਿਸ ਨਾਲ ਪਹਿਲਾਂ ਦੀ ਖਾਮੀਆਂ ਭਰੀ ਨੀਤੀ ਨੂੰ ਠੀਕ ਕੀਤਾ ਗਿਆ। ਅਮਨ ਅਰੋੜਾ ਨੇ ਕੇਸ ਨਾਲ ਸਬੰਧਤ ਐਫਆਈਆਰ 'ਤੇ ਈ.ਡੀ. ਦੇ ਨਿਰਭਰ ਹੋਣ 'ਤੇ ਵੀ ਸਵਾਲ ਚੁੱਕੇ ਅਤੇ ਕਿਹਾ ਕਿ ਸਬੰਧਤ ਐਫਆਈਆਰ ਨੂੰ ਹਾਈ ਕੋਰਟ ਪਹਿਲਾਂ ਹੀ ਰੱਦ ਕਰ ਚੁੱਕੀ ਹੈ। ਉਨ੍ਹਾਂ ਪੁੱਛਿਆ, ਜੇਕਰ ਐਫਆਈਆਰ ਹੀ ਰੱਦ ਹੋ ਚੁੱਕੀ ਹੈ, ਤਾਂ ਈਸੀਆਈਆਰ ਦਾ ਕੀ ਆਧਾਰ ਰਹਿ ਜਾਂਦਾ ਹੈ? ਪੂਰੀ ਅਤੇ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਈਡੀ ਨੂੰ ਮੌਜੂਦਾ ਸਰਕਾਰ ਨੂੰ ਚੋਣਵੇਂ ਢੰਗ ਨਾਲ ਨਿਸ਼ਾਨਾ ਬਣਾਉਣ ਦੀ ਬਜਾਏ ਉਸ ਪੂਰੇ ਸਮੇਂ ਦੀ ਜਾਂਚ ਕਰਨੀ ਚਾਹੀਦੀ ਹੈ ਜਿਸ ਦੌਰਾਨ ਇਹ ਮਨਜ਼ੂਰੀਆਂ ਅਤੇ ਨੀਤੀਗਤ ਫੈਸਲੇ ਲਏ ਗਏ ਸਨ। ਉਨ੍ਹਾਂ ਪੰਜਾਬ ਦੇ ਪੁਰਾਣੇ ਮੁੱਖ ਮੰਤਰੀਆਂ ਅਤੇ ਮੰਤਰੀਆਂ ਸੁਖਬੀਰ ਸਿੰਘ ਬਾਦਲ, ਕੈਪਟਨ ਅਮਰਿੰਦਰ ਸਿੰਘ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਅਤੇ ਸੁਖਜਿੰਦਰ ਸਿੰਘ ਸਰਕਾਰੀਆ ਦੇ ਨਾਂ ਲੈਂਦਿਆਂ ਕਿਹਾ, ਜੇਕਰ ਤੁਹਾਡੀ ਜਾਂਚ ਸੱਚੀ ਹੈ, ਤਾਂ ਸਭ ਦੀ ਜਾਂਚ ਕਰੋ। 2012 ਤੋਂ ਬਾਅਦ ਜਿੰਨੇ ਵੀ ਜ਼ਿੰਮੇਵਾਰ ਰਹੇ ਹਨ, ਸਾਰਿਆਂ ਨੂੰ ਬੁਲਾਓ, ਤਦ ਹੀ ਸੱਚ ਸਾਹਮਣੇ ਆਵੇਗਾ। ਗੌਰਵ ਧੀਰ ਦਾ ਨਾਂ ਆਪਣੇ ਨਾਲ ਜੋੜ ਕੇ ਸਿਆਸੀ ਬਿਰਤਾਂਤ ਸਿਰਜਣ ਦੀਆਂ ਕੋਸ਼ਿਸ਼ਾਂ ਨੂੰ ਖਾਰਜ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਦੋਸਤੀ ਦਾ ਕਿਸੇ ਕਥਿਤ ਗੜਬੜੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। Contd...page-3

# ਸਕੂਲ ਬੱਸ ਤੇ ਪਿਕਅੱਪ ਦੀ ਆਹਮੋ-ਸਾਹਮਣੇ ਹੋਈ ਭਿਆਨਕ ਟੱਕਰ, ਮੌਕੇ 'ਤੇ ਮਚਿਆ ਚੀਕ-ਚਿਹਾੜਾ

**ਕੌਮੀ ਪਤ੍ਰਿਕਾ**

ਕਿਸ਼ਨਗੰਜ 2 ਸਤੰਬਰ। ਮੰਗਲਵਾਰ ਸਵੇਰੇ ਠਾਕੁਰਗੰਜ-ਕਿਸ਼ਨਗੰਜ ਮੁੱਖ ਮਾਰਗ 'ਤੇ 'ਵੈਲਿਊ ਪਲੱਸ' ਸੰਸਥਾਨ ਦੇ ਕੋਲ ਬੱਚਿਆਂ ਨੂੰ ਸਕੂਲ ਲਿਜਾ ਰਹੀ ਬੱਸ ਅਤੇ ਸਾਹਮਣੇ ਤੋਂ ਆ ਰਹੇ ਪਿਕਅੱਪ ਵਾਹਨ ਵਿਚਾਲੇ ਜ਼ਬਰਦਸਤ ਟੱਕਰ ਹੋ ਗਈ। ਇਸ ਸੜਕ ਹਾਦਸੇ 'ਚ ਸਕੂਲ ਬੱਸ 'ਚ ਸਵਾਰ ਦੋ ਸਕੂਲੀ ਵਿਦਿਆਰਥੀ ਅੰਸ਼ਿਕ ਤੌਰ 'ਤੇ ਜ਼ਖ਼ਮੀ ਹੋ ਗਏ, ਜਦਕਿ ਪਿਕਅੱਪ ਗੱਡੀ ਦੇ ਡਰਾਈਵਰ ਸਮੇਤ ਦੋ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਦੇ ਤੁਰੰਤ ਬਾਅਦ ਸਥਾਨਕ ਲੋਕਾਂ ਅਤੇ ਪੁਲਿਸ ਦੀ ਮਦਦ ਨਾਲ ਸਾਰੇ ਜ਼ਖ਼ਮੀਆਂ ਨੂੰ ਠਾਕੁਰਗੰਜ ਪ੍ਰਾਇਮਰੀ ਹੈਲਥ ਸੈਂਟਰ ਪਹੁੰਚਾਇਆ ਗਿਆ। ਚਸ਼ਮਦੀਦਾਂ ਮੁਤਾਬਕ ਚਮਾ ਪਬਲਿਕ ਸਕੂਲ ਦੀ ਬੱਸ ਮੰਗਲਵਾਰ ਸਵੇਰੇ ਡਾਂਗੀਬਸਤੀ ਇਲਾਕੇ ਤੋਂ ਬੱਚਿਆਂ ਨੂੰ ਲੈ ਕੇ ਠਾਕੁਰਗੰਜ ਸਥਿਤ ਸਕੂਲ ਵੱਲ ਆ ਰਹੀ ਸੀ। ਉਸ ਸਮੇਂ ਬੱਸ ਵਿੱਚ ਛੇ ਬੱਚੇ ਸਵਾਰ ਸਨ, ਜਦੋਂਕਿ ਬਾਕੀ ਬੱਚੇ ਮਹਾਂਵੀਰ ਸਥਾਨ ਦੇ ਨੇੜੇ ਤੋਂ ਬੱਸ ਵਿੱਚ ਸਵਾਰ ਹੋਣੇ ਸਨ। ਇਸੇ ਦੌਰਾਨ ਵੈਲਿਊ ਪਲੱਸ ਨੇੜੇ ਉਲਟ ਦਿਸ਼ਾ ਤੋਂ ਆ ਰਹੇ ਇੱਕ




ਬੇਕਾਬੂ ਪਿਕਅੱਪ ਵਾਹਨ ਨਾਲ ਬੱਸ ਦੀ ਆਹਮੋ-ਸਾਹਮਣੇ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਬੱਸ 'ਚ ਸਵਾਰ ਮਾਸੂਮ ਬੱਚਿਆਂ ਨੇ ਚੀਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਅਤੇ ਆਸ-ਪਾਸ ਦੇ ਦੁਕਾਨਦਾਰ ਅਤੇ ਰਾਹਗੀਰ ਮਦਦ ਲਈ ਦੌੜ ਗਏ। ਇਸ ਹਾਦਸੇ ਵਿੱਚ ਬੱਸ ਵਿੱਚ ਸਵਾਰ ਸੱਤਵੀਂ ਜਮਾਤ ਦੇ ਵਿਦਿਆਰਥੀ ਰਈਸ ਅਤੇ ਯੂਕੇਜੀ ਦੇ ਵਿਦਿਆਰਥੀ ਮੁਨੱਵਰ ਨੂੰ ਕੁਝ ਸੱਟਾਂ ਲੱਗੀਆਂ। ਸਥਾਨਕ ਲੋਕਾਂ ਦੀ ਸੂਚਨਾ 'ਤੇ ਪਹੁੰਚੀ ਪੁਲਸ ਟੀਮ ਨੇ ਦੋਵਾਂ ਬੱਚਿਆਂ ਨੂੰ ਤੁਰੰਤ ਠਾਕੁਰਗੰਜ ਹਸਪਤਾਲ ਭੇਜ ਦਿੱਤਾ, ਜਿੱਥੇ ਡਾਕਟਰਾਂ ਨੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਉਨ੍ਹਾਂ ਦੀ ਹਾਲਤ ਪੂਰੀ ਤਰ੍ਹਾਂ ਨਾਰਮਲ ਅਤੇ ਖਤਰੇ ਤੋਂ ਬਾਹਰ ਦੱਸੀ। ਬੱਸ 'ਚ ਸਵਾਰ ਬਾਕੀ ਚਾਰ ਬੱਚੇ ਸੁਰੱਖਿਅਤ ਹੋਣ ਦੀ ਸੂਚਨਾ ਮਿਲਣ 'ਤੇ ਪਰਿਵਾਰਕ ਮੈਂਬਰਾਂ ਨੇ ਸੁੱਖ ਦਾ ਸਾਹ ਲਿਆ। ਹਾਦਸੇ 'ਚ ਪਿਕਅੱਪ ਗੱਡੀ ਦੇ ਪਰਖੱਚੇ ਉਡ ਗਏ ਅਤੇ ਡਰਾਈਵਰ ਤੇ ਉਸ ਦਾ ਇਕ ਸਾਥੀ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ। ਦੋਵਾਂ ਨੂੰ ਠਾਕੁਰਗੰਜ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਸਬੰਧਤ ਪਿਕਅੱਪ ਕੰਪਨੀ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਬਿਹਤਰ ਅਤੇ ਉੱਚ ਪੱਧਰੀ ਇਲਾਜ ਲਈ ਬਾਹਰਲੇ ਵੱਡੇ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਘਬਰਾਏ ਹੋਏ ਬੱਚਿਆਂ ਦੇ ਮਾਪੇ ਵੱਡੀ ਗਿਣਤੀ 'ਚ ਹਸਪਤਾਲ ਅਤੇ ਮੌਕੇ 'ਤੇ ਪਹੁੰਚ ਗਏ। ਸੜਕ 'ਤੇ ਕਰਾਸ ਕਰਾਸ 'ਤੇ ਖੜ੍ਹੇ ਹਾਦਸਾਗ੍ਰਸਤ ਵਾਹਨਾਂ ਕਾਰਨ ਮੁੱਖ ਮਾਰਗ 'ਤੇ ਕੁਝ ਸਮੇਂ ਲਈ ਆਵਾਜਾਈ ਵਿੱਚ ਵਿਘਨ ਪਿਆ, ਜਿਸ ਨੂੰ ਪੁਲੀਸ ਨੇ ਸੁਚਾਰੂ ਢੰਗ ਨਾਲ ਬੰਦ ਕਰਵਾਇਆ। ਠਾਕੁਰਗੰਜ ਪੁਲਿਸ ਨੇ ਹਾਦਸਾਗ੍ਰਸਤ ਦੋਵੇਂ ਵਾਹਨਾਂ ਦੀ ਜਾਂਚ ਕਰਕੇ ਮਾਮਲੇ ਦੀ ਕਾਨੂੰਨੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਪੁਲਿਸ ਵਾਲਿਆਂ ਨਾਲ ਖੜ੍ਹ ਕੇ ਤਮਾਸ਼ਾ ਦੇਖ ਰਿਹਾ ਸੀ ਵਪਾਰੀ ਦੀ ਪਤਨੀ ਦਾ ਕਾਤਲ

**ਕੌਮੀ ਪਤ੍ਰਿਕਾ**

ਪਠਾਨਕੋਟ 2 ਸਤੰਬਰ। ਪਠਾਨਕੋਟ ਦੇ ਰਾਮਲੀਲਾ ਗਰਾਊਂਡ ਨੇੜੇ ਬੀਤੀ ਦੇਰ ਰਾਤ ਵਪਾਰੀ ਦੀ ਪਤਨੀ ਦਾ ਕਤਲ ਕਰਨ ਅਤੇ ਉਸ ਦੇ ਘਰ ਲੁੱਟਣ ਵਾਲੇ ਦੋਸ਼ੀ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ। ਮੁਲਜ਼ਮ ਦੀ ਪਛਾਣ ਵਰੁਣ ਕੁਮਾਰ ਵਾਸੀ ਪਠਾਨਕੋਟ ਵਜੋਂ ਹੋਈ ਹੈ। ਮੁਲਜ਼ਮ ਉਸੇ ਇਲਾਕੇ ਦਾ ਰਹਿਣ ਵਾਲਾ ਹੈ। ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਬੀਤੀ ਰਾਤ ਇਸ ਕਤਲ ਦੀ ਘਟਨਾ ਦਾ ਪਤਾ ਚੱਲਦੇ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਇਸ ਦੌਰਾਨ ਪੁਲਸ ਨੂੰ ਪਤਾ ਲੱਗਾ ਕਿ ਮੁਲਜ਼ਮ ਘਰੋਂ ਗਹਿਣੇ ਅਤੇ ਸੀਸੀਟੀਵੀ ਕੈਮਰੇ ਦੀ ਡੀਵੀਆਰ ਲੈ ਗਏ ਹਨ। ਪੁਲਸ ਨੇ ਮੁੱਢਲੀ ਜਾਂਚ ਦੇ ਆਧਾਰ 'ਤੇ ਉਕਤ ਦੋਸ਼ੀ



ਨੂੰ ਗ੍ਰਿਫਤਾਰ ਕਰ ਲਿਆ ਹੈ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਜਦੋਂ ਪੁਲਿਸ ਟੀਮ ਮੌਕੇ ਦੀ ਜਾਂਚ ਕਰ ਰਹੀ ਸੀ ਤਾਂ ਵਾਰਦਾਤ ਨੂੰ ਅੰਜਾਮ ਦੇਣ ਵਾਲਾ ਦੋਸ਼ੀ ਵੀ ਪੁਲਿਸ ਦੇ ਕੋਲ ਹੀ ਖੜ੍ਹਾ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਨੂੰ ਪੁਲਿਸ ਵੱਲੋਂ ਫੜ ਕੇ ਅਦਾਲਤ 'ਚ ਪੇਸ਼ ਕਰਕੇ ਉਸ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ। ਇਸ ਗੱਲ ਦਾ ਪਤਾ ਲਗਾਇਆ ਜਾਵੇਗਾ ਕਿ ਉਕਤ ਦੋਸ਼ੀ ਦੇ ਨਾਲ ਕੋਈ ਹੋਰ ਵਿਅਕਤੀ ਵੀ ਸੀ ਜਾਂ ਨਹੀਂ ਅਤੇ ਉਸ ਨੇ ਹੀ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਪਤਾ ਲੱਗਾ ਹੈ ਕਿ ਪਠਾਨਕੋਟ ਦੇ ਸਾਹਮਣੇ ਰਾਮਲੀਲਾ ਗਰਾਊਂਡ ਕੋਲ ਸੁਭਾਸ਼ ਚੰਦਰ ਦੀ ਪਤਨੀ ਆਸ਼ਾ ਨੂੰ ਕਿਸੇ ਵਿਅਕਤੀ ਨੇ ਜ਼ਖ਼ਮੀ ਕਰ ਦਿੱਤਾ ਹੈ। ਉਸ ਦਾ ਰਾਜ ਹਸਪਤਾਲ 'ਚ ਇਲਾਜ ਚੱਲ ਰਿਹਾ ਸੀ, ਜਿੱਥੇ ਉਸ ਦੀ ਮੌਤ ਹੋ ਗਈ। ਇਸ ਤੋਂ ਬਾਅਦ ਮੁਲਜ਼ਮਾਂ ਨੂੰ ਫੜਨ ਲਈ ਸੀਨੀਅਰ ਅਧਿਕਾਰੀਆਂ ਵੱਲੋਂ ਟੀਮਾਂ ਬਣਾਈਆਂ ਗਈਆਂ। ਪੁਲਿਸ ਟੀਮਾਂ ਨੇ ਮਨੁੱਖੀ ਸੂਹੀਆ ਅਤੇ ਤਕਨੀਕੀ ਸਹਾਇਤਾ ਦੀ ਮਦਦ ਨਾਲ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਿਸ ਟੀਮਾਂ ਨੇ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ 'ਚੋਂ ਵਾਰਦਾਤ 'ਚ ਵਰਤਿਆ ਗਿਆ ਸਾਮਾਨ ਬਰਾਮਦ ਕਰ ਲਿਆ ਹੈ।

## ਕਾਰ ਤੇ ਐਕਟਿਵਾ ਦੀ ਟੱਕਰ 'ਚ ਐਕਟਿਵਾ ਸਵਾਰ ਦੀ ਮੌਤ

ਮੁਕੇਰੀਆਂ 2 ਸਤੰਬਰ। ਜਲੰਧਰ-ਪਠਾਨਕੋਟ ਕੌਮੀ ਰਾਜ ਮਾਰਗ 'ਤੇ ਸਥਿਤ ਐਮਾ ਮਾਂਗਟ ਦਾਣਾ ਮੰਡੀ ਨੇੜੇ ਬੀਤੀ ਰਾਤ ਕਾਰ ਅਤੇ ਐਕਟਿਵਾ ਦੀ ਹੋਈ ਜ਼ਬਰਦਸਤ ਟੱਕਰ ਵਿੱਚ ਐਕਟਿਵਾ ਸਵਾਰ ਵਿਅਕਤੀ ਦੀ ਮੌਤ ਹੋ ਜਾਣ ਦੀ ਖ਼ਬਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰਾਜਵਿੰਦਰ ਸਿੰਘ ਪੁੱਤਰ ਰਾਮ ਦਿੱਤਾ ਵਾਸੀ ਪਿੰਡ ਲਤੀਫ਼ਪੁਰ ਆਪਣੀ ਐਕਟਿਵਾ ਨੰਬਰ ਪੀਬੀ-07-ਬੀਐੱਸ-4226 'ਤੇ ਸਵਾਰ ਹੋ ਕੇ ਮੁਕੇਰੀਆਂ ਪੇਪਰ ਮਿੱਲ ਤੋਂ ਆਪਣੇ ਪਿੰਡ ਵੱਲ ਜਾ ਰਿਹਾ ਸੀ। ਜਦੋਂ ਉਹ ਐਮਾ ਮਾਂਗਟ ਦਾਣਾ ਮੰਡੀ ਨੇੜੇ ਪਹੁੰਚਿਆ ਤਾਂ ਅਚਾਨਕ ਇੱਕ ਕਾਰ ਨਾਲ ਉਸ ਦੀ ਟੱਕਰ ਹੋ ਗਈ। ਹਾਦਸੇ ਵਿੱਚ ਐਕਟਿਵਾ ਸਵਾਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪੁੱਜੀ ਅਤੇ ਜ਼ਖ਼ਮੀ ਰਾਜਵਿੰਦਰ ਸਿੰਘ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਦੌਰਾਨ ਮੌਕੇ 'ਤੇ ਪੁੱਜੀ ਥਾਣਾ ਮੁਕੇਰੀਆਂ ਪੁਲਿਸ ਨੇ ਕਾਰ ਤੇ ਐਕਟਿਵਾ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਹਾਦਸੇ ਸਬੰਧੀ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਰਾਮਤੀਰਥ ਰੋਡ 'ਤੇ ਸਥਿਤ ਐਸਮਾ ਅਸਟੇਟ ਵਿਚ ਪਲਵਿੰਦਰ ਸਿੰਘ ਨਾਂ ਦੇ ਇਕ ਵਿਅਕਤੀ ਨੇ ਆਪਣੀ ਭੈਣ ਅਤੇ ਜੀਜਾ ਤੋਂ ਪ੍ਰੇਸ਼ਾਨ ਹੋ ਕੇ ਆਪਣੇ ਆਪ ਨੂੰ ਅੱਗ ਲਗਾ ਲਈ।

## ਬਿਲਗਾ-ਤਲਵਣ ਰੋਡ 'ਤੇ ਮੌਤ ਬਣ ਕੇ ਦੌੜ ਰਹੀਆਂ ਓਵਰਲੋਡ ਟਰਾਲੀਆਂ: ਬਿਨਾਂ ਤਰਪਾਲਾਂ ਤੋਂ ਉੱਡਦੀ ਮਿੱਟੀ ਕਾਰਨ ਲੋਕਾਂ ਦੀ ਜਾਨ ਖ਼ਤਰੇ 'ਚ, ਪ੍ਰਸ਼ਾਸਨ ਚੁੱਪ

ਬਿਲਗਾ 2 ਸਤੰਬਰ। ਬਿਲਗਾ ਤੋਂ ਤਲਵਣ ਨੂੰ ਜਾਂਦੀ ਮੁੱਖ ਸੜਕ 'ਤੇ ਇਨ੍ਹੀਂ ਦਿਨੀਂ ਨਿਯਮਾਂ ਨੂੰ ਛਿੱਕੇ ਟੰਗ ਕੇ ਚੱਲ ਰਹੀਆਂ ਓਵਰਲੋਡ ਮਿੱਟੀ ਦੀਆਂ ਟਰਾਲੀਆਂ ਆਮ ਲੋਕਾਂ ਦੀ ਜਾਨ ਨਾਲ ਖਿਲਵਾੜ ਕਰ ਰਹੀਆਂ ਹਨ। ਇਨ੍ਹਾਂ ਟਰਾਲੀਆਂ ਉੱਪਰ ਨਾ ਤਾਂ ਤਰਪਾਲਾਂ ਪਾਈਆਂ ਜਾ ਰਹੀਆਂ ਹਨ ਅਤੇ ਨਾ ਹੀ ਪ੍ਰਸ਼ਾਸਨ ਵੱਲੋਂ ਕੋਈ ਸਖ਼ਤ ਕਦਮ ਚੁੱਕਿਆ ਜਾ ਰਿਹਾ ਹੈ, ਜਿਸ ਕਾਰਨ ਇਲਾਕਾ ਨਿਵਾਸੀਆਂ ਅਤੇ ਰਾਹਗੀਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮਿਲੀ ਜਾਣਕਾਰੀ ਅਨੁਸਾਰ ਇਸ ਮਾਰਗ ਤੋਂ ਦਿਨ-ਰਾਤ ਮਿੱਟੀ ਨਾਲ ਭਰੀਆਂ ਓਵਰਲੋਡ ਟਰਾਲੀਆਂ ਬੇਖ਼ੌਫ਼ ਹੋ ਕੇ ਲੰਘਦੀਆਂ ਹਨ।



ਇਨ੍ਹਾਂ ਟਰਾਲੀਆਂ ਉੱਪਰ ਬਿਨਾਂ ਤਰਪਾਲਾਂ ਤੋਂ ਮਿੱਟੀ ਲੱਦੀ ਹੋਣ ਕਾਰਨ ਤੇਜ਼ ਹਵਾ ਨਾਲ ਮਿੱਟੀ ਸੜਕ 'ਤੇ ਉੱਡਦੀ ਹੈ, ਜਿਸ ਨਾਲ ਪਿੱਛੇ ਆਉਣ ਵਾਲੇ ਦੋਪਹੀਆ ਵਾਹਨ ਚਾਲਕਾਂ ਦੀਆਂ ਅੱਖਾਂ ਵਿੱਚ ਮਿੱਟੀ ਪੈਂਦੀ ਹੈ ਅਤੇ ਵੱਡੇ ਸੜਕੀ ਹਾਦਸੇ ਦਾ ਡਰ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਟਰਾਲੀਆਂ ਵਿੱਚੋਂ ਡਿੱਗਦੇ ਮਿੱਟੀ ਦੇ ਢੇਰ ਪਿੱਛੇ ਆਉਂਦੇ ਵਾਹਨਾਂ ਦਾ ਨੁਕਸਾਨ ਕਰ ਰਹੇ ਹਨ ਅਤੇ ਕਈ ਵਾਰ ਮੋਟਰਸਾਈਕਲ ਸਵਾਰ ਤਿਲਕ ਕੇ ਗੰਭੀਰ ਜ਼ਖ਼ਮੀ ਵੀ ਹੋ ਚੁੱਕੇ ਹਨ। ਇਸ ਰੋਡ ਤੋਂ ਰੋਜ਼ਾਨਾ ਸਕੂਲੀ ਬੱਚੇ, ਔਰਤਾਂ ਅਤੇ ਨੌਕਰੀਪੇਸ਼ਾ ਲੋਕ ਆਉਂਦੇ-ਜਾਂਦੇ ਹਨ, ਪਰ ਪ੍ਰਸ਼ਾਸਨ ਦੀ ਅਣਦੇਖੀ ਅਤੇ ਚੁੱਪ ਕਾਰਨ ਮਿੱਟੀ ਦੀ ਢੋਆ-ਢੁਆਈ ਕਰਨ ਵਾਲਿਆਂ ਦੇ ਹੌਸਲੇ ਬੁਲੰਦ ਹਨ। ਇਲਾਕਾ ਨਿਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਟਰੈਫਿਕ ਪੁਲਿਸ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਬਿਲਗਾ-ਤਲਵਣ ਰੋਡ 'ਤੇ ਚੱਲ ਰਹੀਆਂ ਇਨ੍ਹਾਂ ਓਵਰਲੋਡ ਅਤੇ ਬਿਨਾਂ ਤਰਪਾਲਾਂ ਵਾਲੀਆਂ ਟਰਾਲੀਆਂ ਖ਼?ਲਾਫ਼ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਕਿਸੇ ਵੱਡੇ ਹਾਦਸੇ ਨੂੰ ਹੋਣ ਤੋਂ ਰੋਕਿਆ ਜਾ ਸਕੇ।

# ਫੇਸਬੁੱਕ 'ਤੇ ਅਣਜਾਣ ਵਿਅਕਤੀ ਨਾਲ ਦੋਸਤੀ ਕਰ 15 ਲੱਖ ਦਾ ਲੱਗਾ ਵੱਡਾ ਚੂਨਾ

**ਕੌਮੀ ਪਤ੍ਰਿਕਾ**

ਗੋਰਖਪੁਰ 2 ਸਤੰਬਰ। ਗੋਰਖਪੁਰ ਦੇ ਖਜਨੀ ਇਲਾਕੇ ਦੇ




ਇਕ ਵਿਅਕਤੀ ਨਾਲ ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ 'ਤੇ ਦੋਸਤੀ ਕਰਨ ਤੋਂ ਬਾਅਦ ਕਥਿਤ ਤੌਰ 'ਤੇ ?1.5 ਮਿਲੀਅਨ (ਲਗਭਗ £1.5 ਮਿਲੀਅਨ) ਤੋਂ ਵੱਧ ਦੀ ਠੱਗੀ ਕੀਤੀ ਗਈ, ਇਸ ਦੀ ਜਾਣਕਾਰੀ ਪੁਲਸ ਸੂਤਰਾਂ ਨੇ ਮੰਗਲਵਾਰ ਨੂੰ ਦਿੱਤੀ। ਇਸ ਦੌਰਾਨ ਖਜਨੀ ਪੁਲਸ ਸਟੇਸ਼ਨ ਖੇਤਰ ਦੇ ਅਧੀਨ ਆਉਂਦੇ ਪਿੰਡ ਖੋਰੀਆ ਭੀਟੀ ਦੇ ਇੰਦਰਲਾਲ ਜੈਸਵਾਲ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਨੁਸਾਰ, ਉਸਨੇ ਫੇਸਬੁੱਕ 'ਤੇ ਸ਼ਾਰਲੋਟ ਓਲੀਵੀਆ ਨਾਮ ਦੀ ਇਕ ਔਰਤ ਨਾਲ ਦੋਸਤੀ ਕੀਤੀ, ਜਿਸਨੇ ਦਾਅਵਾ ਕੀਤਾ ਕਿ ਉਹ ਅਮਰੀਕਾ ਤੋਂ ਹੈ ਅਤੇ ਸੀਰੀਆ 'ਚ ਕੰਮ ਕਰਦੀ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਜੈਸਵਾਲ ਨੇ ਆਪਣੀ ਸ਼ਿਕਾਇਤ 'ਚ ਕਿਹਾ ਹੈ ਕਿ ਜਿਵੇਂ-ਜਿਵੇਂ ਉਨ੍ਹਾਂ ਦੀ ਗੱਲਬਾਤ ਨੇੜੇ ਹੁੰਦੀ ਗਈ, ਔਰਤ ਨੇ ਭਾਰਤ ਆਉਣ ਦੀ ਇੱਛਾ ਜ਼ਾਹਰ ਕੀਤੀ ਅਤੇ ਬਾਅਦ 'ਚ ਦਾਅਵਾ ਕੀਤਾ ਕਿ ਉਹ ਦਿੱਲੀ ਹਵਾਈ ਅੱਡੇ 'ਤੇ ਪਹੁੰਚ ਗਈ ਹੈ, ਪਰ ਅਧਿਕਾਰੀਆਂ ਨੇ ਉਸਦਾ ਸਾਮਾਨ ਜ਼ਬਤ ਕਰ ਲਿਆ ਸੀ ਅਤੇ ਉਸਦੀ ਰਿਹਾਈ ਲਈ ਪੈਸੇ ਦੀ ਮੰਗ ਕਰ ਰਹੇ ਸਨ। ਪੁਲਸ ਸੂਤਰਾਂ ਅਨੁਸਾਰ, ਜੈਸਵਾਲ ਨੇ ਕਿਹਾ ਕਿ ਉਹ ਔਰਤ ਦੇ ਦਾਅਵਿਆਂ 'ਤੇ ਵਿਸ਼ਵਾਸ ਕਰਦਾ ਹੈ ਅਤੇ ਬੈਂਕ ਐਪ ਰਾਹੀਂ ਉਸ ਦੁਆਰਾ ਪ੍ਰਦਾਨ ਕੀਤੇ ਗਏ ਕਈ ਬੈਂਕ ਖਾਤਿਆਂ 'ਚ 15,20,399 ਰੁਪਏ ਟ?ਰਾਂਸਫਰ ਕਰ ਦਿੰਦਾ ਹੈ। ਸੂਤਰਾਂ ਅਨੁਸਾਰ, ਜਦੋਂ ਔਰਤ ਨੇ ਹੋਰ ਪੈਸੇ ਮੰਗੇ, ਤਾਂ ਜੈਸਵਾਲ ਨੂੰ ਪੁਲਸ ਨਾਲ ਸੰਪਰਕ ਕੀਤਾ। ਇਸ ਦੌਰਾਨ ਜੈਸਵਾਲ ਨੇ ਜਾਂਚਕਰਤਾਵਾਂ ਨੂੰ ਦੱਸਿਆ ਕਿ ਔਰਤ ਨਾਲ ਜੁੜੇ ਵਟਸਐਪ ਨੰਬਰ 'ਤੇ ਸ਼ਾਰਲਟ ਓਲੀਵੀਆ ਅਤੇ ਸੋਨਮ ਕੁਮਾਰੀ ਦੇ ਨਾਮ ਸਨ। ਅਧਿਕਾਰੀਆਂ ਨੇ ਕਿਹਾ ਕਿ ਜੈਸਵਾਲ ਨੇ ਪੁਲਸ ਨੂੰ ਵਿੱਤੀ ਲੈਣ-ਦੇਣ ਅਤੇ ਹੋਰ ਸਬੂਤ ਵੀ ਜਮ?ਹਾਂ ਕਰਵਾਏ ਹਨ। ਖਜਾਨੀ ਇੰਸਪੈਕਟਰ ਜਯੰਤ ਕੁਮਾਰ ਸਿੰਘ ਨੇ ਕਿਹਾ, ਸ਼ਾਰਲੋਟ ਓਲੀਵੀਆ ਨਾਮ ਦੀ ਇਕ ਅਣਪਛਾਤੀ ਔਰਤ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਈਬਰ ਕ੍ਰਾਈਮ ਸੈੱਲ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅਧਿਆਪਕਾਂ ਨੇ ਸਮੂਹਿਕ ਛੁੱਟੀ ਲੈਣ ਲਈ ਫਰੀਦਕੋਟ ਜ਼ਿਲੇ ਦੇ ਸਿੱਖਿਆ ਅਧਿਕਾਰੀਆਂ ਨੂੰ ਸੌਂਪੇ ਨੋਟਿਸ

ਫਰੀਦਕੋਟ 2 ਸਤੰਬਰ। ਸਾਂਝਾ ਮੁਲਾਜ਼ਮ ਪੈਨਸ਼ਨਰ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਸਮੇਤ ਡੈਮੋਕਰੇਟਿਕ ਮੁਲਾਜ਼ਮ ਫਰੰਟ ਦੇ ਝੰਡਿਆਂ ਹੇਠ ਬਣਾਈ ਸਾਂਝੀ ਤਾਲਮੇਲ ਕਮੇਟੀ ਦੇ 2 ਸਤੰਬਰ ਦੇ ਮਹਾਬੰਦ ਵਿਚ ਸ਼ਾਮਲ ਹੋਣ ਲਈ ਫਰੀਦਕੋਟ ਜ਼ਿਲੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਉਸ ਦਿਨ ਸਮੂਹਿਕ ਛੁੱਟੀ ਲੈਣ ਲਈ ਅੱਜ ਜ਼ਿਲਾ ਸਿੱਖਿਆ ਅਫ਼ਸਰ ਸੈਕੰਡਰੀ ਅਤੇ ਐਲੀਮੈਂਟਰੀ ਨੂੰ ਅਗਾਊਂ ਨੋਟਿਸ ਸੌਂਪੇ ਗਏ। ਇਸ ਨੋਟਿਸ ਅਨੁਸਾਰ ਸਮੂਹ ਅਧਿਆਪਕ ਅਤੇ ਨਾਨ ਟੀਚਿੰਗ ਸਟਾਫ ਸਮੇਤ ਸਕੂਲ ਹੈੱਡ 2 ਸਤੰਬਰ ਨੂੰ ਸਮੂਹਿਕ ਛੁੱਟੀ ਲੈਂਦੇ ਹੋਏ ਸਕੂਲਾਂ ਵਿਚ ਹਾਜ਼ਰ ਨਾ ਹੋ ਕੇ ਜ਼ਿਲਾ ਪੱਧਰੀ ਰੋਸ ਪ੍ਰਦਰਸ਼ਨਾਂ ਵਿਚ ਸ਼ਾਮਲ ਹੋਣਗੇ। ਜੇਕਰ ਕਿਸੇ ਵੀ ਕਰਮਚਾਰੀ ਜਾਂ ਸਕੂਲ ਮੁਖੀ ਨੂੰ ਵਿਭਾਗ ਵੱਲੋਂ ਸਮੂਹਿਕ ਛੁੱਟੀ ਲੈਣ ਤੋਂ ਰੋਕਿਆ ਗਿਆ ਜਾਂ ਦਬਾਅ ਪਾਇਆ ਗਿਆ ਤਾਂ ਇਹ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਥੇਬੰਦੀਆਂ ਦੇ ਆਗੂਆਂ ਨੇ ਸਾਂਝਾ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਪੂਰਾ ਬਣਦਾ ਮਹਿੰਗਾਈ ਭੱਤਾ ਜਾਰੀ ਕਰਨ, 17-07-2020 ਅਤੇ 15-01-2015 ਦੇ ਮਾਰੂ ਪੱਤਰ ਨੂੰ ਰੱਦ ਕਰਨ, ਪੁਰਾਣੀ ਪੈਨਸ਼ਨ ਲਈ 2022 ਵਿਚ ਜਾਰੀ ਨੋਟੀਫਿਕੇਸ਼ਨ ਨੂੰ ਲਾਗੂ ਕਰਨ, ਸਮੂਹ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਆਦਿ ਮੰਗਾਂ ਦੇ ਪੂਰਾ ਕਰਵਾਉਣ ਤੱਕ ਸੰਘਰਸ਼ ਜ਼ਾਰੀ ਰੱਖਿਆ ਜਾਵੇਗਾ, ਇਸ ਮੌਕੇ ਡੀ. ਟੀ. ਐੱਫ. ਫਰੀਦਕੋਟ ਦੇ ਪ੍ਰਧਾਨ ਸੁਖਵਿੰਦਰ ਸੁੱਖੀ, ਐਲੀਮੈਂਟਰੀ ਟੀਚਰਜ ਯੂਨੀਅਨ ਦੇ ਪ੍ਰਧਾਨ ਪ੍ਰੀਤ ਭਗਵਾਨ, ਜੀ. ਐੱਸ. ਟੀ. ਯੂ ਦੇ ਪ੍ਰਧਾਨ ਗੁਰਿੰਦਰ ਮਨੀ, ਮਾਸਟਰ ਕੇਡਰ ਯੂਨੀਅਨ ਫਰੀਦਕੋਟ ਦੇ ਪ੍ਰਧਾਨ ਧਰਮਿੰਦਰ ਸਿੰਘ ਅਤੇ ਈ. ਟੀ. ਟੀ. ਟੀਚਰਜ਼ ਯੂਨੀਅਨ ਫਰੀਦਕੋਟ ਦੇ ਪ੍ਰਧਾਨ ਵਰਿੰਦਰ ਅਮਰ ਸਮੇਤ ਵੱਡੀ ਗਿਣਤੀ ਵਿਚ ਅਧਿਆਪਕ ਹਾਜ਼ਰ ਸਨ।

## ਕਾਂਗਰਸੀ ਕੌਂਸਲਰ ਦੇ ਚਾਚੇ 'ਤੇ ਚੱਲੀਆਂ ਗੋਲੀਆਂ

ਗੁਰਦਾਸਪੁਰ 2 ਸਤੰਬਰ। ਗੁਰਦਾਸਪੁਰ ਦੇ ਕਸਬਾ ਫਤਿਹਗੜ੍ਹ ਚੂੜੀਆਂ 'ਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਵਾਰਡ ਨੰਬਰ 5 ਦੇ ਕਾਂਗਰਸੀ ਕੌਂਸਲਰ ਰਣਜੀਤ ਸਿੰਘ ਦੇ ਚਾਚਾ ਅਮਰਜੀਤ ਸਿੰਘ 'ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਗੋਲੀਆਂ ਚਲਾ ਦਿੱਤੀਆਂ। ਗੋਲੀ ਅਮਰਜੀਤ ਸਿੰਘ ਦੇ ਮੋਢੇ 'ਚ ਲੱਗੀ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੂੰ ਤੁਰੰਤ ਫਤਿਹਗੜ੍ਹ ਚੂੜੀਆਂ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ, ਜਿੱਥੋਂ ਡਾਕਟਰਾਂ ਨੇ ਉਸਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਅੰਮ੍ਰਿਤਸਰ ਰੈਫਰ ਕਰ ਦਿੱਤਾ। ਘਟਨਾ ਦੀ ਸੂਚਨਾ ਮਿਲਦੇ ਹੀ ਡੀਐਸਪੀ ਫਤਿਹਗੜ੍ਹ ਚੂੜੀਆਂ ਲਲਿਤ ਕੁਮਾਰ ਅਤੇ ਐਸਐਚਓ ਗੁਰਿੰਦਰ ਸਿੰਘ ਢਿੱਲੋਂ ਪੁਲਸ ਟੀਮ ਸਮੇਤ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਇਸ ਸਬੰਧੀ ਜ਼ਖ਼ਮੀ ਅਮਰਜੀਤ ਸਿੰਘ ਦੇ ਭਤੀਜੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਮਰਜੀਤ ਸਿੰਘ ਸਟੇਸ਼ਨ ਰੋਡ ਤੋਂ ਅਜਨਾਲਾ ਰੋਡ ਵੱਲ ਜਾ ਰਹੇ ਸਨ ਤਾਂ ਰਸਤੇ 'ਚ ਦੋ ਮੋਟਰਸਾਈਕਲ ਸਵਾਰਾਂ ਨੇ ਉਨ੍ਹਾਂ ਨੂੰ ਰੋਕ ਕੇ ਗੋਲੀਆਂ ਚਲਾ ਦਿੱਤੀਆਂ। ਉੱਥੇ ਹੀ ਡੀਐਸਪੀ ਲਲਿਤ ਕੁਮਾਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਗਹਿਣਿਆਂ ਵਾਲਾ ਪਰਸ ਤੇ ਨਕਦੀ ਲੁੱਟ ਕੇ ਬਦਮਾਸ਼ ਹੋਏ ਫਰਾਰ

ਲੁਧਿਆਣਾ 2 ਸਤੰਬਰ। ਬੇਖ਼ੌਫ ਬਦਮਾਸ਼ਾਂ ਨੇ ਲੁਧਿਆਣਾ ਦੀ ਸ਼ਹੀਦੀ ਪਾਰਕ ਦੇ ਨੇੜੇ ਔਰਤ ਦਾ ਪਰਸ ਝਪਟ ਲਿਆ। ਥਾਣਾ ਡਿਵੀਜ਼ਨ ਨੰਬਰ 3 ਦੀ ਪੁਲਿਸ ਨੇ 65 ਸਾਲਾ ਵਿਅਕਤੀ ਦੀ ਸ਼ਿਕਾਇਤ 'ਤੇ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਖ਼?ਲਾਫ਼ ਪਰਸ ਝਪਟਣ ਦੇ ਦੋਸ਼ ਹੇਠ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦਵਾਈ ਨਗਰ ਦੇ ਰਹਿਣ ਵਾਲੇ ਗੁਲਸ਼ਨ ਡੁਮਰਾ ਨੇ ਦੱਸਿਆ ਕਿ ਉਹ ਆਪਣੀ ਪਤਨੀ ਕੰਚਨ ਅਰੋੜਾ ਨਾਲ ਪੈਦਲ ਘਰ ਦੇ ਨੇੜੇ ਸਥਿਤ ਮਾਰਕੀਟ ਤੋਂ ਕੁਝ ਘਰੇਲੂ ਸਾਮਾਨ ਲੈਣ ਲਈ ਗਏ ਸਨ। ਸਾਮਾਨ ਖਰੀਦਣ ਤੋਂ ਬਾਅਦ ਜਦੋਂ ਦੋਵੇਂ ਵਾਪਸ ਘਰ ਆ ਰਹੇ ਸਨ ਤਾਂ ਸ਼ਹੀਦੀ ਪਾਰਕ ਦੇ ਨੇੜੇ ਪੈਂਦੇ ਡਾਕਟਰ ਵਿਨੋਦ ਕਪੂਰ ਦੇ ਕਲੀਨਿਕ ਕੋਲ ਪਿੱਛੋਂ ਦੋ ਅਣਪਛਾਤੇ ਵਿਅਕਤੀ ਮੋਟਰਸਾਈਕਲ 'ਤੇ




ਸਵਾਰ ਹੋ ਕੇ ਤੇਜ਼ ਰਫ਼ਤਾਰ ਨਾਲ ਆਏ। ਸ਼ਿਕਾਇਤ ਮੁਤਾਬਕ ਮੋਟਰਸਾਈਕਲ ਸਵਾਰਾਂ ਨੇ ਉਸ ਦੀ ਪਤਨੀ ਦੇ ਸੱਜੇ ਹੱਥ ਵਿੱਚ ਫੜਿਆ ਪਰਸ ਝਪਟ ਲਿਆ ਅਤੇ ਮੌਕੇ ਤੋਂ ਫਰਾਰ ਹੋ ਗਏ। ਸ਼ਿਕਾਇਤ ਕਰਤਾ ਮੁਤਾਬਕ ਪਰਸ 'ਚ ਸੋਨੇ ਦੇ ਗਹਿਣੇ ਅਤੇ ਕਰੀਬ 2,000 ਰੁਪਏ ਨਕਦੀ ਸੀ। ਸ਼ਿਕਾਇਤਕਰਤਾ ਵੱਲੋਂ ਪੁਲਿਸ ਨੂੰ ਸੂਚਿਤ ਕੀਤਾ ਗਿਆ। ਥਾਣਾ ਡਿਵੀਜ਼ਨ ਨੰਬਰ 3 ਦੀ ਪੁਲਿਸ ਨੇ ਬਿਆਨ ਦਰਜ ਕਰਕੇ ਦੋ ਅਣਪਛਾਤੇ ਮੁਲਜ਼ਮਾਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ। ਮਾਮਲੇ ਦੀ ਜਾਂਚ ਕਰ ਰਹੇ ਏ.ਐੱਸ.ਆਈ. ਬਲਵਿੰਦਰ ਕੌਰ ਨੇ ਦੱਸਿਆ ਕਿ ਪੁਲਿਸ ਇਲਾਕੇ 'ਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲ ਰਹੀ ਹੈ। ਜਲਦੀ ਹੀ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਜਾਵੇਗਾ।

## ਬੰਦੇ ਨੇ ਆਪਣੀ ਘਰਵਾਲੀ ਦਾ ਕੀਤਾ ਕਤਲ, ਪੁੱਤ ਨੇ ਪਿਓ ਦੀ ਲੈ ਲਈ ਜਾਨ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 2 ਸਤੰਬਰ। ਰਾਜਸਥਾਨ ਦੇ ਚਿਤੌੜਗੜ੍ਹ ਜ਼ਿਲ੍ਹੇ ਤੋਂ ਇਕ ਰੂਹ ਕੰਬਾਊ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਪਰਿਵਾਰਕ ਝਗੜੇ ਤੋਂ ਬਾਅਦ ਇੱਕ ਵਿਅਕਤੀ ਨੇ ਆਪਣੀ ਪਹਿਲੀ ਪਤਨੀ ਦਾ ਗੋਲ?ੀ ਮਾਰ ਕੇ ਕਤਲ ਕਰ ਦਿੱਤਾ। ਇਸ ਵਾਰਦਾਤ ਮਗਰੋਂ ਗੁੱਸੇ 'ਚ ਆਏ ਉਸ ਦੇ ਪੁੱਤ ਨੇ ਲਾਠੀਆਂ-ਡੰਡਿਆਂ ਨਾਲ ਕੁੱਟ-ਕੁੱਟ ਕੇ ਆਪਣੇ ਪਿਓ ਦਾ ਕਤਲ ਕਰ ਦਿੱਤਾ। ਪੁਲਸ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਹ ਘਟਨਾ ਸੋਮਵਾਰ ਰਾਤ ਗੰਗਰਾਰ ਥਾਣਾ ਖੇਤਰ ਦੇ ਸੁਵਾਨੀਆ ਪਿੰਡ ਵਿੱਚ ਵਾਪਰੀ। ਪੁਲਸ ਡਿਪਟੀ ਸੁਪਰਡੈਂਟ ਉਦੇ ਸਿੰਘ ਅਨੁਸਾਰ, 3 ਵਿਆਹ ਕਰਵਾ ਚੁੱਕਾ ਭਗਵਾਨਾ ਕਾਲਬੇਲੀਆ (55)




ਸੁਵਾਨੀਆ ਪਿੰਡ ਵਿੱਚ ਤਾਰਾ ਨਾਂ ਦੀ ਔਰਤ ਨਾਲ ਰਹਿ ਰਿਹਾ ਸੀ। ਜਦੋਂ ਭਗਵਾਨਾ ਖੇਤ ਵਿੱਚ ਆਪਣੇ ਕੁਝ ਦੋਸਤਾਂ ਨਾਲ ਬੈਠਾ ਸੀ, ਤਾਂ ਉਸ ਦੀ ਪਹਿਲੀ ਪਤਨੀ ਭੋਮਲੀ (50) ਅਤੇ ਪੁੱਤਰ ਅਨਿਲ ਉੱਥੇ ਆ ਪਹੁੰਚੇ। ਉਨ੍ਹਾਂ ਨੇ ਭਗਵਾਨਾ ਨੂੰ ਆਪਣੇ ਪਿੰਡ ਵਾਪਸ ਚੱਲਣ ਲਈ ਕਿਹਾ, ਜਿਸ ਨੂੰ ਲੈ ਕੇ ਉਨ੍ਹਾਂ ਵਿਚਾਲੇ ਬਹਿਸ ਹੋ ਗਈ। ਤਕਰਾਰ ਦੌਰਾਨ ਮਾਮਲਾ ਇੰਨਾ ਭਖ ਗਿਆ ਕਿ ਭਗਵਾਨਾ ਨੇ ਬੰਦੂਕ ਨਾਲ ਗੋਲੀ ਚਲਾ ਦਿੱਤੀ, ਜਿਸ ਨਾਲ ਭੋਮਲੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮਾਂ ਦੇ ਕਤਲ ਤੋਂ ਗੁੱਸੇ ਵਿੱਚ ਆਏ ਅਨਿਲ ਨੇ ਡੰਡੇ ਨਾਲ ਆਪਣੇ ਪਿਓ ਭਗਵਾਨਾ 'ਤੇ ਹਮਲਾ ਕਰ ਦਿੱਤਾ ਤੇ ਮਾਰ-ਮਾਰ ਲਹੂ-ਲੁਹਾਨ ਕਰ ਦਿੱਤਾ, ਜਿਸ ਕਾਰਨ ਉਸ ਦੀ ਵੀ ਮੌਤ ਹੋ ਗਈ। ਅਨਿਲ ਨੇ ਲੜਾਈ ਰੁਕਵਾਉਣ ਆਈ ਤਾਰਾ 'ਤੇ ਵੀ ਹਮਲਾ ਕਰ ਦਿੱਤਾ, ਜਿਸ ਨਾਲ ਉਹ ਜ਼ਖਮੀ ਹੋ ਗਈ ਅਤੇ ਉਸ ਦਾ ਇਲਾਜ ਹਸਪਤਾਲ 'ਚ ਚੱਲ ਰਹਾ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਮ੍ਰਿਤਕਾਂ ਦੀਆਂ ਦੇਹਾਂ ਨੂੰ ਹਸਪਤਾਲ ਪਹੁੰਚਾਇਆ। ਫਿਲਹਾਲ ਪਿੰਡ ਵਿੱਚ ਪੁਲਸ ਬਲ ਤੈਨਾਤ ਕਰ ਦਿੱਤਾ ਗਿਆ ਹੈ ਅਤੇ ਪੁਲਸ ਨੇ ਅਨਿਲ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ।

## ਕੇਂਦਰੀ ਜੇਲ੍ਹ ਗੁਰਦਾਸਪੁਰ 'ਚ ਹਵਾਲਾਤੀ ਕੋਲੋਂ 10.74 ਗ੍ਰਾਮ ਸ਼ੱਕੀ ਨਸ਼ੀਲਾ ਪਦਾਰਥ ਬਰਾਮਦ

ਗੁਰਦਾਸਪੁਰ 2 ਸਤੰਬਰ। ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਬੰਦ ਇੱਕ ਹਵਾਲਾਤੀ ਕੋਲੋਂ ਜੇਲ੍ਹ ਕਰਮਚਾਰੀਆਂ ਵੱਲੋਂ 10.74 ਗ੍ਰਾਮ ਚਿੱਟੇ ਰੰਗ ਦਾ ਸ਼ੱਕੀ ਨਸ਼ੀਲਾ ਪਦਾਰਥ ਬਰਾਮਦ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜੇਲ੍ਹ ਪ੍ਰਸ਼ਾਸਨ ਵੱਲੋਂ ਪੁਲਿਸ ਨੂੰ ਸੂਚਿਤ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰਵਾਈ ਗਈ ਹੈ। ਇਸ ਸਬੰਧੀ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਕੁਲਤਾਰ ਚੰਦ ਵੱਲੋਂ ਪੁਲਸ ਨੂੰ ਜਾਣਕਾਰੀ ਦਿੱਤੀ ਗਈ। ਜਾਣਕਾਰੀ ਅਨੁਸਾਰ ਦੱਸਿਆ ਗਿਆ ਹੈ ਕਿ ਕਰਨ ਪੁੱਤਰ ਡੈਨੀਅਲ ਮਸੀਹ, ਵਾਸੀ ਕ੍ਰਿਸ਼ਨਾ ਮੁਹੱਲਾ, ਅਵਾਖਾ ਦੀਨਾਨਗਰ, ਮੁਕੱਦਮਾ ਨੰਬਰ 90/2026 ਤਹਿਤ 26 ਅਪ੍ਰੈਲ 2026 ਤੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ ਬੰਦ ਹੈ। ਜੇਲ੍ਹ ਪ੍ਰਸ਼ਾਸਨ ਅਨੁਸਾਰ 27 ਅਗਸਤ ਦੀ ਸ਼ਾਮ ਨੂੰ ਮੁਲਾਕਾਤ ਦੌਰਾਨ ਕਰਨ ਨੂੰ ਉਸ ਦੇ ਰਿਸ਼ਤੇਦਾਰ ਸੋਨੀਆ ਅਤੇ ਸੰਦੀਪ ਮਸੀਹ ਮਿਲਣ ਲਈ ਆਏ ਸਨ। ਮੁਲਾਕਾਤ ਖ਼ਤਮ ਹੋਣ ਉਪਰੰਤ ਜਦੋਂ ਆਪਣੀ ਬੈਰਕ ਵੱਲ ਜਾ ਰਿਹਾ ਸੀ ਤਾਂ ਜੇਲ੍ਹ ਕਰਮਚਾਰੀਆਂ ਨੂੰ ਉਸ 'ਤੇ ਸ਼ੱਕ ਹੋਇਆ। ਇਸ ਤੋਂ ਬਾਅਦ ਉਸ ਦੀ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਉਸ ਦੀ ਜੇਬ ਵਿੱਚੋਂ ਚਿੱਟੇ ਰੰਗ ਦੀਆਂ ਕੁਝ ਸਲਾਈਆਂ/ਪੁੜੀਆਂ ਵਰਗਾ ਪਦਾਰਥ ਬਰਾਮਦ ਹੋਇਆ। ਜਦੋਂ ਇਸ ਦਾ ਵਜ਼ਨ ਕੀਤਾ ਗਿਆ ਤਾਂ ਇਹ 10.74 ਗ੍ਰਾਮ ਨਿਕਲਿਆ। ਜੇਲ੍ਹ ਪ੍ਰਸ਼ਾਸਨ ਵੱਲੋਂ ਉਕਤ ਪਦਾਰਥ ਨੂੰ ਸ਼ੱਕੀ ਨਸ਼ੀਲਾ ਪਦਾਰਥ ਦੱਸਿਆ ਗਿਆ ਹੈ।ਹੁਣ ਪੁਲਸ ਵੱਲੋਂ ਬਰਾਮਦ ਪਦਾਰਥ ਦੀ ਜਾਂਚ ਸਮੇਤ ਮਾਮਲੇ ਦੀ ਅਗਲੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## 35 ਸਾਲਾ ਮਹਿਲਾ ਦਾ ਚਾਕੂਆਂ ਨਾਲ ਬੇਰਹਿਮੀ ਨਾਲ ਕਤਲ, ਖ਼ੂਨ ਨਾਲ ਲਥਪਥ ਮਿਲੀ ਲਾਸ਼

ਜ਼ੀਰਕਪੁਰ 2 ਸਤੰਬਰ। ਜ਼ੀਰਕਪੁਰ ਦੇ ਬਿਸ਼ਨਪੁਰਾ ਇਲਾਕੇ ਵਿੱਚ ਪੈਂਦੀ ਦਸ਼ਮੇਸ਼ ਨਗਰ ਕਲੋਨੀ ਤੋਂ ਇੱਕ ਦਿਲ ਦਹਿਲਾ ਦੇਣ ਵਾਲੀ ਵਾਰਦਾਤ ਸਾਹਮਣੇ ਆਈ ਹੈ। ਇੱਥੇ ਇੱਕ ਮਕਾਨ ਵਿੱਚ 35 ਸਾਲਾਂ ਮਹਿਲਾ ਦੀ ਖ਼ੂਨ ਨਾਲ ਲਥਪਥ ਲਾਸ਼ ਮਿਲਣ ਤੋਂ ਬਾਅਦ ਪੂਰੇ ਇਲਾਕੇ ਵਿੱਚ ਸਨਸਨੀ ਫੈਲ ਗਈ। ਜਾਣਕਾਰੀ ਮੁਤਾਬਕ ਮਹਿਲਾ 'ਤੇ ਤੇਜ਼ਧਾਰ ਹਥਿਆਰ, ਚਾਕੂਆਂ ਨਾਲ ਕਈ ਵਾਰ ਕੀਤੇ ਗਏ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਫੋਰੈਂਸਿਕ ਟੀਮਾਂ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ, ਜਿਨ੍ਹਾਂ ਵੱਲੋਂ ਘਟਨਾ ਸਥਾਨ ਤੋਂ ਸਬੂਤ ਇਕੱਠੇ ਕੀਤੇ ਗਏ ਹਨ। ਪੁਲਿਸ ਵੱਲੋਂ ਮਕਾਨ ਅਤੇ ਆਲੇ-ਦੁਆਲੇ ਦੇ ਇਲਾਕੇ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਮੁੱਢਲੀ ਜਾਣਕਾਰੀ ਅਨੁਸਾਰ ਮ੍ਰਿਤਕ ਮਹਿਲਾ ਦਾ ਆਪਣੇ ਪਹਿਲੇ ਪਤੀ ਨਾਲ ਪਿਛਲੇ ਕਈ ਸਾਲਾਂ ਤੋਂ ਮਨ-ਮੁਟਾਵ ਚੱਲ ਰਿਹਾ ਸੀ। ਇਸੇ ਰੰਜਿਸ਼ ਦੇ ਚੱਲਦਿਆਂ ਪੁਲਿਸ ਨੂੰ ਸ਼ੱਕ ਹੈ ਕਿ ਮਹਿਲਾ ਦਾ ਕਤਲ ਉਸਦੇ ਪਹਿਲੇ ਪਤੀ ਵੱਲੋਂ ਹੀ ਕੀਤਾ ਗਿਆ ਹੋ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਸ਼ੱਕੀ ਵਿਅਕਤੀ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਵੱਲੋਂ ਉਸ ਦੀ ਭਾਲ ਲਈ ਟੀਮਾਂ ਲਗਾਈਆਂ ਜਾ ਰਹੀਆਂ ਹਨ ਅਤੇ ਕਤਲ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ। ਉੱਧਰ ਪੁਲਿਸ ਨੇ ਮ੍ਰਿਤਕ ਮਹਿਲਾ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੋਸਟਮਾਰਟਮ ਰਿਪੋਰਟ ਤੋਂ ਮੌਤ ਦੇ ਕਾਰਨਾਂ ਅਤੇ ਸੱਟਾਂ ਦੀ ਪ੍ਰਕਿਰਤੀ ਸਬੰਧੀ ਹੋਰ ਜਾਣਕਾਰੀ ਸਾਹਮਣੇ ਆਉਣ ਦੀ ਉਮੀਦ ਹੈ।

## ਤਪਾ ਮੰਡੀ ਦੀ ਸੁਮਨ ਬਾਂਸਲ ਨੇ 67 ਸਾਲ ਦੀ ਉਮਰ 'ਚ ਸ਼ੂਟਿੰਗ 'ਚ ਜਿੱਤੇ ਚਾਰ ਮੈਡਲ

**ਕੌਮੀ ਪਤ੍ਰਿਕਾ**

ਤਪਾ ਮੰਡੀ 2 ਸਤੰਬਰ। ਸਥਾਨਕ ਮੰਡੀ ਦੀ ਡਾ. ਸੁਮਨ ਬਾਂਸਲ ਨੇ 67 ਸਾਲ ਦੀ ਉਮਰ ਵਿਚ ਸ਼ੂਟਿੰਗ ਦੇ ਖੇਤਰ ਵਿਚ ਸ਼ਾਨਦਾਰ ਪ੍ਰਾਪਤੀ ਕਰਦਿਆਂ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ। ਸੇਵਾਮੁਕਤ ਡਾਕਟਰ ਡਾ. ਸਰਿੰਦਰ ਬਾਂਸਲ ਦੀ ਪਤਨੀ ਡਾ. ਸੁਮਨ ਬਾਂਸਲ ਨੇ 51ਵੀਂ ਚੰਡੀਗੜ੍ਹ ਸਟੇਟ ਸ਼ੂਟਿੰਗ ਚੈਂਪੀਅਨਸ਼ਿਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਰ ਤਮਗੇ ਜਿੱਤੇ ਹਨ। ਡਾ. ਸੁਮਨ ਬਾਂਸਲ ਨੇ ਸੀਨੀਅਰ ਵਰਗ ਦੇ 50 ਮੀਟਰ ਅਤੇ 10 ਮੀਟਰ ਏਅਰ ਪਿਸਟਲ ਮੁਕਾਬਲਿਆਂ ਵਿਚ ਸੋਨ ਤਮਗੇ ਹਾਸਲ ਕੀਤੇ। ਇਸ ਤੋਂ ਇਲਾਵਾ 50 ਮੀਟਰ ਮੁਕਾਬਲੇ ਵਿਚ ਚਾਂਦੀ ਅਤੇ 10 ਮੀਟਰ ਮੁਕਾਬਲੇ ਵਿਚ



ਮਾਸਟਰ ਵਰਗ ਦਾ ਕਾਂਸੀ ਦਾ ਤਮਗਾ ਵੀ ਆਪਣੇ ਨਾਮ ਕੀਤਾ। ਉਨ੍ਹਾਂ ਦੀ ਇਸ ਪ੍ਰਾਪਤੀ ਨਾਲ ਪਰਿਵਾਰ ਅਤੇ ਤਪਾ ਮੰਡੀ ਵਾਸੀਆਂ ਵਿੱਚ ਖ਼ੁਸ਼ੀ ਦੀ ਲਹਿਰ ਹੈ। ਡਾ. ਸੁਮਨ ਬਾਂਸਲ ਦਾ ਸ਼ੂਟਿੰਗ ਪ੍ਰਤੀ ਰੁਝਾਨ ਬਚਪਨ ਤੋਂ ਹੀ ਸੀ। ਸ੍ਰੀਗੰਗਾਨਗਰ ਵਿੱਚ ਬਚਪਨ ਦੌਰਾਨ ਉਹ ਖਿਡੌਣਾ ਬੰਦੂਕ ਨਾਲ ਨਿਸ਼ਾਨਾ ਲਗਾਉਣ ਦਾ ਅਭਿਆਸ ਕਰਦੀ ਸੀ। ਸੱਤਵੀਂ ਜਮਾਤ ਵਿਚ ਉਹ ਐਨਸੀਸੀ ਨਾਲ ਜੁੜੀ ਅਤੇ ਕਾਲਜ ਸਮੇਂ ਵੀ ਸ਼ੂਟਿੰਗ ਪ੍ਰਤੀ ਆਪਣੀ ਦਿਲਚਸਪੀ ਬਣਾਈ ਰੱਖੀ। ਵਿਆਹ ਤੋਂ ਬਾਅਦ ਪਰਿਵਾਰਕ ਜ਼ਿੰਮੇਵਾਰੀਆਂ ਅਤੇ ਬੱਚਿਆਂ ਦੀ ਪਰਵਰਿਸ਼ ਕਾਰਨ ਇਹ ਸ਼ੌਕ ਕੁਝ ਸਮੇਂ ਲਈ ਪਿੱਛੇ ਰਹਿ ਗਿਆ। ਬੱਚਿਆਂ ਦੇ ਵੱਡੇ ਹੋਣ ਤੋਂ ਬਾਅਦ 65 ਸਾਲ ਦੀ ਉਮਰ ਵਿੱਚ ਉਨ੍ਹਾਂ ਨੇ ਮੁੜ ਸ਼ੂਟਿੰਗ ਸ਼ੁਰੂ ਕਰਨ ਦਾ ਫੈਸਲਾ ਕੀਤਾ। ਉਨ੍ਹਾਂ ਦੇ ਪਤੀ ਡਾ. ਸਰਿੰਦਰ ਬੰਸਲ ਨੇ ਵੀ ਉਨ੍ਹਾਂ ਦਾ ਪੂਰਾ ਸਾਥ ਦਿੱਤਾ। ਡਾ. ਸੁਮਨ ਬੰਸਲ ਨੇ ਸੈਕਟਰ-25 ਪੁਲਿਸ ਰੇਂਜ ਵਿੱਚ ਅਭਿਆਸ ਕੀਤਾ ਅਤੇ ਕੋਚ ਬਾਬੂ ਰਾਮ ਦੀ ਰਹਿਨੁਮਾਈ ਹੇਠ ਆਪਣੀ ਖੇਡ ਨੂੰ ਹੋਰ ਨਿਖਾਰਿਆ। ਸ਼ੂਟਿੰਗ ਤੋਂ ਇਲਾਵਾ ਡਾ. ਸੁਮਨ ਬਾਂਸਲ ਨੂੰ ਸੰਗੀਤ ਵਿੱਚ ਵੀ ਖਾਸ ਦਿਲਚਸਪੀ ਹੈ। ਉਹ ਪੰਜਾਬ ਯੂਨੀਵਰਸਿਟੀ ਵਿੱਚ ਸੰਗੀਤ ਦੀ ਪੜ੍ਹਾਈ ਕਰ ਰਹੀ ਹੈ ਅਤੇ ਗਿਟਾਰ ਵੀ ਵਜਾਉਂਦੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਉਮਰ ਕਿਸੇ ਵੀ ਸੁਪਨੇ ਨੂੰ ਪੂਰਾ ਕਰਨ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਉਨ੍ਹਾਂ ਦੀ ਇਹ ਪ੍ਰਾਪਤੀ ਹਰ ਉਮਰ ਦੇ ਲੋਕਾਂ ਲਈ ਪ੍ਰੇਰਣਾ ਦਾ ਸਰੋਤ ਬਣੀ ਹੈ।

## ਮਾਹਿਲਪੁਰ ਵਿਖੇ ਪੈਟਰੋਲ ਪੰਪ ਤੋਂ ਨੌਜਵਾਨ ਦੀ ਮਿਲੀ ਲਾਸ਼

ਮਾਹਿਲਪੁਰ 2 ਸਤੰਬਰ। ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਥਾਣਾ ਮਾਹਿਲਪੁਰ ਨੇੜੇ ਪਿੰਡ ਟੂਟੋਮਜਾਰਾ ਕੋਲ ਬੰਦ ਪਏ ਪੈਟਰੋਲ ਪੰਪ 'ਤੇ ਇਕ ਅਣਪਛਾਤੇ ਨੌਜਵਾਨ ਦੀ ਲਾਸ਼ ਬਰਾਮਦ ਹੋਈ ਹੈ। ਸੂਚਨਾ ਮਿਲਣ 'ਤੇ ਮੌਕੇ 'ਤੇ ਪੁੱਜੀ ਥਾਣਾ ਮਾਹਿਲਪੁਰ ਦੀ ਪੁਲਸ ਨੇ ਲਾਸ਼ ਕਬਜ਼ੇ ਵਿਚ ਲੈ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਮਾਹਿਲਪੁਰ ਦੀ ਐੱਸ. ਐੱਚ. ਓ. ਰਮਨਦੀਪ ਨੇ ਦੱਸਿਆ ਕਿ ਸੂਚਨਾ ਮਿਲੀ ਸੀ ਕਿ ਟੂਟੋਮਜਾਰਾ ਨਜ਼ਦੀਕ ਬੰਦ ਪਏ ਪੈਟਰੋਲ ਪੰਪ 'ਤੇ ਇਕ ਨੌਜਵਾਨ ਦੀ ਲਾਸ਼ ਪਈ ਹੈ। ਉਹ ਪੁਲਸ ਟੀਮ ਨਾਲ ਤੁਰੰਤ ਮੌਕੇ 'ਤੇ ਪਹੁੰਚੇ ਤਾਂ ਦੇਖਿਆ ਕਿ ਉਥੇ 30-35 ਸਾਲਾ ਨੌਜਵਾਨ ਦੀ ਲਾਸ਼ ਪਈ ਸੀ, ਜਿਸ ਦੇ ਸਰੀਰ 'ਤੇ ਕੋਈ ਵੀ ਜ਼ਖ਼ਮ ਨਹੀਂ ਸੀ। ਮ੍ਰਿਤਕ ਵਿਅਕਤੀ ਦੀ ਪਛਾਣ ਨਹੀਂ ਹੋ ਸਕੀ। ਐੱਸ. ਐੱਚ. ਓ. ਰਮਨਦੀਪ ਨੇ ਦੱਸਿਆ ਕਿ ਉਨ੍ਹਾਂ ਨੇ ਲਾਸ਼ ਨੂੰ ਪਛਾਣ ਵਾਸਤੇ 72 ਘੰਟੇ ਲਈ ਗੜ੍ਹਸ਼ੰਕਰ ਦੇ ਹਸਪਤਾਲ ਦੀ ਮੋਰਚਰੀ ਵਿਚ ਰੱਖ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਘਰ 'ਚ ਇਕੱਲੀ ਔਰਤ ਦਾ ਕਰੰਟ ਲਗਾ ਕੇ ਕਤਲ

ਕੌਮੀ ਪੱਤ੍ਰਿਕਾ

ਤਰਨਤਾਰਨ 2 ਸਤੰਬਰ। ਨਜ਼ਦੀਕੀ ਪਿੰਡ ਮਲੀਆ ਖੁਰਦ ਵਿਖੇ ਘਰ ਵਿਚ ਮੌਜੂਦ ਇਕੱਲੀ ਔਰਤ ਦਾ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਘਰ ਅੰਦਰ ਦਾਖਲ ਹੋ ਕੇ ਕਰੰਟ ਲਗਾਉਂਦੇ ਹੋਏ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਹਾਲਾਂਕਿ ਦੋਵੇਂ ਮੁਲਜ਼ਮ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੌਕੇ ਤੋਂ ਆਸਾਨੀ ਨਾਲ ਫਰਾਰ ਹੋਣ ਵਿਚ ਕਾਮਯਾਬ ਹੋ ਗਏ। ਇਸ ਮਾਮਲੇ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਵੱਲੋਂ ਜਿੱਥੇ ਅਣਪਛਾਤੇ ਵਿਅਕਤੀਆਂ ਖਿਲਾਫ ਪਰਚਾ ਦਰਜ ਕਰ ਲਿਆ ਗਿਆ ਹੈ, ਉੱਥੇ ਹੀ ਮੁਲਜ਼ਮਾਂ ਦੀ ਭਾਲ ਸਬੰਧੀ ਵੱਖ-ਵੱਖ ਟੀਮਾਂ ਵੱਲੋਂ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਇਸ ਵਾਰਦਾਤ ਤੋਂ ਬਾਅਦ ਪਿੰਡ ਵਿਚ ਲੋਕਾਂ ਅੰਦਰ ਸਹਿਮ ਭਰਿਆ ਮਾਹੌਲ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਕੁਲਦੀਪ ਕੌਰ (38) ਪਤਨੀ ਲਖਵਿੰਦਰ ਸਿੰਘ ਵਾਸੀ ਮਲੀਆ ਖੁਰਦ ਜਦੋਂ ਬੀਤੇ ਕੱਲ੍ਹ ਆਪਣੇ ਘਰ ਵਿਚ ਦੁਪਹਿਰ ਸਮੇਂ ਇਕੱਲੀ ਮੌਜੂਦ ਸੀ ਤਾਂ ਇਸ ਦੌਰਾਨ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਉਨ੍ਹਾਂ ਦੇ ਘਰ ਅੰਦਰ ਦਾਖਲ ਹੋ ਕੇ ਉਸਨੂੰ ਕਰੰਟ ਲਗਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਤੋਂ ਬਾਅਦ ਔਰਤ ਦੀ ਘਰ ਵਿਚ ਮੌਤ ਹੋ ਗਈ। ਮਿਲੀ ਜਾਣਕਾਰੀ ਦੇ ਅਨੁਸਾਰ ਕੁਲਦੀਪ ਕੌਰ ਜੋ ਘਰੇਲੂ ਔਰਤ ਸੀ ਅਤੇ ਕਮੇਟੀਆਂ ਪਾਇਆ ਕਰਦੀ ਸੀ ਦਾ ਘਰ ਵਿਚ ਦਾਖਲ ਹੋਣ ਵਾਲੇ ਦੋ ਤਸੀਹੇ ਦੇ ਕੇ ਕਤਲ ਕਿਉਂ ਕੀਤਾ ਗਿਆ, ਇਸ ਨੂੰ ਲੈ ਕੇ ਜਿੱਥੇ ਪੁਲਸ ਵੱਖ-ਵੱਖਰੇ ਤੋਂ ਜਾਂਚ ਕਰ ਰਹੀ ਹੈ, ਉੱਥੇ ਹੀ ਲੋਕਾਂ ਵਿਚ ਸਹਿਮ ਭਰਿਆ ਮਾਹੌਲ ਵੇਖਣ ਨੂੰ ਮਿਲ ਰਿਹਾ ਹੈ। ਘਰ ਵਿਚ ਦਾਖਲ ਹੋਣ ਵਾਲੇ ਅਣਪਛਾਤੇ ਵਿਅਕਤੀ ਸੀ.ਸੀ.ਟੀ.ਵੀ ਕੈਮਰੇ ਵਿਚ ਕੈਦ ਹੋ ਚੁੱਕੇ ਹਨ। ਇਹ ਵਾਰਦਾਤ ਉਸ ਵੇਲੇ ਵਾਪਰੀ ਜਦੋਂ ਕੁਲਦੀਪ ਕੌਰ ਦਾ 17 ਸਾਲਾ ਬੇਟਾ ਸਕੂਲ ਗਿਆ ਹੋਇਆ ਸੀ ਜਦਕਿ ਪਤੀ ਲਖਵਿੰਦਰ ਸਿੰਘ ਜੋ ਸਾਬਕਾ ਫੌਜੀ ਹੈ ਅਤੇ ਇਸ ਸਮੇਂ ਐੱਫ.ਸੀ.ਆਈ ਦੇ ਗੁਦਾਮ ਜੰਡਿਆਲਾ ਗੁਰੂ ਵਿਖੇ ਨੌਕਰੀ ਕਰਦਾ ਹੈ। ਪਤੀ ਲਖਵਿੰਦਰ ਸਿੰਘ ਅਤੇ ਬੇਟਾ ਜਦੋਂ ਸ਼ਾਮ ਸਮੇਂ ਘਰ ਅੰਦਰ ਪੁੱਜੇ ਤਾਂ ਕੁਲਦੀਪ ਕੌਰ ਦੀ ਮ੍ਰਿਤਕ ਦੇਹ ਨੂੰ ਵੇਖ ਕੇ ਉਨ੍ਹਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਇਸ ਬਾਰੇ ਦੀ ਸੂਚਨਾ ਤੁਰੰਤ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੂੰ ਦਿੱਤੀ ਗਈ, ਜਿਸ ਤੋਂ ਬਾਅਦ ਮੌਕੇ ਤੇ ਥਾਣਾ ਮੁਖੀ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਤੋਂ ਇਲਾਵਾ ਡੀ.ਐੱਸ.ਪੀ ਸਿਟੀ ਸੁਖਬੀਰ ਸਿੰਘ ਸਣੇ ਹੋਰ ਪੁਲਸ ਕਰਮਚਾਰੀ ਮੌਕੇ 'ਤੇ ਪੁੱਜੇ ਅਤੇ ਮ੍ਰਿਤਕ ਦੇਹ ਨੂੰ ਕਬਜ਼ੇ ਵਿਚ ਲੈਂਦੇ ਹੋਏ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਤਰਨਤਾਰਨ ਦੇ ਮੁਖੀ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਕੁਲਦੀਪ ਕੌਰ ਦੇ ਸਰੀਰ ਉੱਪਰ ਕਰੰਟ ਲਗਾਏ ਜਾਣ ਦੇ ਨਿਸ਼ਾਨ ਪਾਏ ਗਏ ਹਨ, ਜਿਸ ਦੀ ਮ੍ਰਿਤਕ ਦੇਹ ਦਾ ਪੋਸਟਮਾਰਟਮ ਸਿਵਲ ਹਸਪਤਾਲ ਤਰਨਤਾਰਨ ਤੋਂ ਸ਼ੁੱਕਰਵਾਰ ਕਰਵਾਇਆ ਜਾ ਰਿਹਾ ਹੈ ਤੇ ਦੱਸਿਆ ਕਿ ਇਸ ਸਬੰਧ ਵਿਚ ਪਤੀ ਲਖਵਿੰਦਰ ਸਿੰਘ ਦੇ ਬਿਆਨਾਂ ਹੇਠ ਅਣਪਛਾਤੇ ਵਿਅਕਤੀਆਂ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਇਸ ਕਤਲ ਕੇਸ ਨੂੰ ਸੁਲਝਾਉਣ ਲਈ ਸੀ.ਆਈ.ਏ ਸਟਾਫ ਤੋਂ ਇਲਾਵਾ ਵੱਖ-ਵੱਖ ਟੀਮਾਂ ਵੱਲੋਂ ਆਪਣਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ, ਜਿਸ ਦੇ ਚੱਲਦਿਆਂ ਮੁਲਜ਼ਮਾਂ ਨੂੰ ਜਲਦ ਗ੍ਰਿਫਤਾਰ ਕਰ ਲਿਆ ਜਾਵੇਗਾ।

## ਲੁਧਿਆਣਾ 'ਚ ਰੂਹ ਕੰਬਾਊ ਹਾਦਸਾ ! ਮਾਵਾਂ-ਧੀਆਂ ਦੀ ਦਰਦਨਾਕ ਮੌਤ

ਲੁਧਿਆਣਾ 2 ਸਤੰਬਰ। ਘੰਟਾਘਰ-ਲੱਕੜ ਬਾਜ਼ਾਰ ਮਾਰਗ 'ਤੇ ਅੱਜ ਤੜਕਸਾਰ ਬੇਹੱਦ ਦਰਦਨਾਕ ਤੇ ਰੂਹ ਕੰਬਾਊ ਹਾਦਸਾ ਵਾਪਰਿਆ। ਇਸ ਹਾਦਸੇ ਵਿਚ ਧੂਪਰ ਦੇ ਰੇਲ ਨਾਲ ਲੱਦੇ 10 ਟਾਇਰੀ ਟਰੱਕ ਨੇ ਪੈਦਲ ਸੜਕ ਪਾਰ ਕਰ ਰਹੀ ਮਾਂ-ਧੀ ਨੂੰ ਬੁਰੀ ਤਰ੍ਹਾਂ ਦਰੜ ਦਿੱਤਾ। ਹਾਦਸਾ ਇੰਨਾ ਭਿਆਨਕ ਸੀ ਕੀ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਡਵੀਜ਼ਨ ਨੰਬਰ 1 ਦੀ ਪੁਲਸ ਟੀਮ ਮੌਕੇ 'ਤੇ ਪਹੁੰਚੀ ਤੇ ਦੋਹਾਂ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਅੱਗੇ ਦੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ। ਮੌਕੇ ਦੇ ਗਵਾਹਾਂ ਮੁਤਾਬਕ, ਇਹ ਹਾਦਸਾ ਸਵੇਰੇ 6.15 ਤੋਂ 6.30 ਵਜੇ ਦੇ ਦਰਮਿਆਨ ਵਾਪਰਿਆ। 10 ਟਾਇਰੀ ਭਾਰੀ ਟਰੱਕ ਗੜ੍ਹਸ਼ੰਕਰ ਤੋਂ ਲੁਧਿਆਣਾ ਆਇਆ ਸੀ ਤੇ ਉਸ ਨੇ ਸ਼ਹਿਰ ਦੇ ਅੰਦਰ ਹੀ ਧੂਪਰ ਦਾ ਮਾਲ ਉਤਾਰਨਾ ਸੀ। ਟਰੱਕ ਘੰਟਾਘਰ ਚੌਕ ਵੱਲੋਂ ਲੱਕੜ ਬਾਜ਼ਾਰ ਵੱਲ ਜਾ ਰਿਹਾ ਸੀ। ਇਸ ਦੌਰਾਨ ਇਕ ਮਹਿਲਾ ਆਪਣੀ ਧੀ ਦੇ ਨਾਲ ਸੜਕ ਪਾਰ ਕਰ ਰਹੀ ਸੀ ਤਾਂ ਅਚਾਨਕ ਇਸ ਟਰੱਕ ਦੀ ਲਪੇਟ ਵਿਚ ਆ ਗਈ ਤੇ ਦੋਹਾਂ ਦੀ ਮੌਤ ਹੋ ਗਈ। ਮੁੱਢਲੀ ਜਾਣਕਾਰੀ ਮੁਤਾਬਕ, ਟਰੱਕ ਚਾਲਕ ਸਲੇਮ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਉੱਥੇ ਹੀ ਮ੍ਰਿਤਕ ਮਾਵਾਂ-ਧੀਆਂ ਦੀ ਅਜੇ ਪਛਾਣ ਨਹੀਂ ਹੋ ਸਕੀ। ਪੁਲਸ ਨੇ ਟਰੱਕ ਨੂੰ ਕਬਜ਼ੇ ਵਿਚ ਲੈ ਕੇ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਸ ਅਫ਼ਸਰ ਮਨਪ੍ਰੀਤ ਸਿੰਘ ਮੁਤਾਬਕ ਆਲੇ-ਦੁਆਲੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।

## ਕਿਸਾਨ ਦੇ ਖੇਤਾਂ 'ਚੋਂ ਮਿਲੀ 4 ਕਿਲੋ ਹੈਰੋਇਨ ਦੀ ਖੇਪ

ਤਰਨਤਾਰਨ 2 ਸਤੰਬਰ। ਭਾਰਤ-ਪਾਕਿਸਤਾਨ ਸਰਹੱਦ 'ਤੇ ਪੈਂਦੇ ਪਿੰਡ ਕਾਲੀਆ ਵਿਖੇ ਇਕ ਕਿਸਾਨ ਦੇ ਖੇਤਾਂ ਵਿਚੋਂ ਤਲਾਸ਼ੀ ਦੌਰਾਨ 4 ਕਿਲੋ 405 ਗ੍ਰਾਮ ਹੈਰੋਇਨ ਬਰਾਮਦ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪ੍ਰਾਪਤ ਜਾਣਕਾਰੀ ਮੁਤਾਬਕ ਥਾਣਾ ਵਲਟੋਹਾ ਅਧੀਨ ਆਉਂਦੀ ਪੁਲਸ ਚੌਕੀ ਅਲਗੋਂ ਕੋਠੀ ਦੇ ਇੰਚਾਰਜ ਏ. ਐੱਸ. ਆਈ. ਵਰਿਆਮ ਸਿੰਘ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਪਿੰਡ ਕਾਲੀਆ ਵਿਖੇ ਇਕ ਕਿਸਾਨ ਦੇ ਖੇਤਾਂ ਵਿਚ ਇਤਰਾਜ਼ਯੋਗ ਚੀਜ਼ ਪਈ ਹੈ, ਜਿਸ ਦੇ ਚਲਦਿਆਂ ਏ. ਐੱਸ. ਆਈ. ਵਰਿਆਮ ਸਿੰਘ ਅਤੇ ਬੀ. ਐੱਸ. ਐੱਫ਼. ਦੇ ਜਵਾਨਾਂ ਨੇ ਸਾਂਝੇ ਤੌਰ 'ਤੇ ਸਰਚ ਆਪ੍ਰੇਸ਼ਨ ਚਲਾਇਆ। ਇਸ ਦੌਰਾਨ ਕਿਸਾਨ ਦੇ ਖੇਤਾਂ ਵਿਚੋਂ ਇਕ ਨੀਲਾ ਥੈਲਾ ਬਰਾਮਦ ਹੋਇਆ। ਇਸ ਦੀ ਤਲਾਸ਼ੀ ਲੈਣ 'ਤੇ 4 ਕਿਲੋ 405 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ।

## ਸਬੂਤ ਪੇਸ਼ ਕਰਨ ਦੀ ਬਜਾਏ ਈਡੀ ਚਿੱਠੀਆਂ, ਲੀਕ ਅਤੇ ਮੀਡੀਆ ਰਿਪੋਰਟਾਂ ਰਾਹੀਂ ਆਪ ਲੀਡਰਸ਼ਿਪ ਨੂੰ ਬਦਨਾਮ ਕਰ ਰਹੀ ਹੈ: ਅਮਨ ਅਰੋੜਾ

Contd.......Front page

ਉਨ੍ਹਾਂ ਕਿਹਾ, ਗੌਰਵ ਕੱਲ੍ਹ ਵੀ ਮੇਰਾ ਦੋਸਤ ਸੀ, ਅੱਜ ਵੀ ਮੇਰਾ ਦੋਸਤ ਹੈ ਅਤੇ ਕੱਲ੍ਹ ਵੀ ਮੇਰਾ ਦੋਸਤ ਰਹੇਗਾ। ਜੇਕਰ ਈਡੀ ਕੋਲ ਅਮਨ ਅਰੋੜਾ ਖਿਲਾਫ ਕੋਈ ਸਬੂਤ ਹੈ, ਤਾਂ ਉਹ ਮੇਰੇ ਤੱਕ ਪਹੁੰਚਣ ਲਈ ਕਿਸੇ ਹੋਰ ਦਾ ਨਾਂ ਵਰਤਣ ਦੀ ਬਜਾਏ ਸਿੱਧਾ ਅਮਨ ਅਰੋੜਾ ਨਾਲ ਗੱਲ ਕਰੇ। ਅਮਨ ਅਰੋੜਾ ਨੇ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਖ਼ਬਰਾਂ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਈਡੀ ਦੁਆਰਾ ਲਗਾਏ ਗਏ ਦੋਸ਼ਾਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਕਰਨ ਅਤੇ ਸੰਬੰਧਤ 'ਆਪ' ਆਗੂਆਂ ਦਾ ਪੱਖ ਜ਼ਰੂਰ ਲੈਣ। ਉਨ੍ਹਾਂ ਕਿਹਾ ਕਿ ਬਿਨਾਂ ਪੁਸ਼ਟੀ ਕੀਤੇ ਦੋਸ਼ਾਂ ਦੀ ਵਾਰ-ਵਾਰ ਪ੍ਰਕਾਸ਼ਨਾ ਨਾਲ ਅਕਸ ਨੂੰ ਨੁਕਸਾਨ ਪਹੁੰਚ ਰਿਹਾ ਹੈ ਅਤੇ ਪ੍ਰਭਾਵਿਤ ਵਿਅਕਤੀ ਮਾਨਹਾਨੀ ਦੀ ਕਾਨੂੰਨੀ ਕਾਰਵਾਈ ਕਰਨ ਲਈ ਮਜਬੂਰ ਹੋ ਸਕਦੇ ਹਨ। ਅਮਨ ਅਰੋੜਾ ਨੇ ਕਿਹਾ, ਇਹ ਜਾਂਚ ਤੋਂ ਭੱਜਣ ਦੀ ਗੱਲ ਨਹੀਂ ਹੈ। ਅਸੀਂ ਤੱਥਾਂ ਅਤੇ ਸਬੂਤਾਂ 'ਤੇ ਆਧਾਰਿਤ ਨਿਰਪੱਖ ਜਾਂਚ ਦਾ ਸਵਾਗਤ ਕਰਦੇ ਹਾਂ। ਪਰ ਚੋਣਵੇਂ ਢੰਗ ਨਾਲ ਨਿਸ਼ਾਨਾ ਬਣਾਉਣਾ, ਮੀਡੀਆ ਲੀਕ ਅਤੇ ਚਰਿੱਤਰ ਹੱਤਿਆ ਦੀਆਂ ਕੋਸ਼ਿਸ਼ਾਂ ਸਬੂਤਾਂ ਦਾ ਵਿਕਲਪ ਨਹੀਂ ਹੋ ਸਕਦੀਆਂ। ਉਨ੍ਹਾਂ ਕਿਹਾ ਕਿ ਭਾਜਪਾ ਦੀ ਵੱਡੀ ਰਣਨੀਤੀ ਭਰਮ ਪੈਦਾ ਕਰਨਾ, ਸਿਆਸੀ ਲੀਡਰਸ਼ਿਪ ਨੂੰ ਡਰਾਉਣਾ ਅਤੇ ਸਰਕਾਰੀ ਅਧਿਕਾਰੀਆਂ ਨੂੰ ਦਬਾਅ ਹੇਠ ਰੱਖਣਾ ਹੈ ਤਾਂ ਜੋ ਚੁਣੀ ਹੋਈ ਸਰਕਾਰ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਨਾ ਕਰ ਸਕੇ। ਉਨ੍ਹਾਂ ਕਿਹਾ, ਪੰਜਾਬ ਦੇ ਲੋਕ ਸਮਝਦੇ ਹਨ ਕਿ ਕੀ ਹੋ ਰਿਹਾ ਹੈ। ਭਾਜਪਾ ਕੋਲ ਗਵਰਨੈਂਸ ਅਤੇ ਵਿਕਾਸ 'ਤੇ ਕੋਈ ਜਵਾਬ ਨਹੀਂ ਹੈ, ਇਸ ਲਈ ਉਹ ਡਰ ਅਤੇ ਅਰਾਜਕਤਾ ਦਾ ਮਾਹੌਲ ਬਣਾਉਣਾ ਚਾਹੁੰਦੀ ਹੈ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

### NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

### NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

### NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

### NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

### PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

### NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

### PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

### NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

### NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

### NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

### PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

### PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

### NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

### NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

### NAME CHANGE
I, Jassi Jain W/o Parmjit Singh R/o House No-36/71, New Hari Avenue, Randhawa Road, Sector-10, Kharar, SAS Nagar(Mohali), Punjab-140301, have changed my name and shall hereafter be known as Jasbir Kaur. I have changed only my name not my religion.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

## ਵਿਸ਼ੇਸ਼ ਰੇਲਗੱਡੀਆਂ ਦੀ ਸੰਚਾਲਨ ਮਿਆਦ ਵਿਚ ਵਾਧਾ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਲਈ ਰੇਲਵੇ ਵਲੋਂ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀਆਂ ਦੀ ਸੰਚਾਲਨ ਮਿਆਦ ਨੂੰ ਵਧਾਉਣ ਦਾ ਫੈਸਲਾ ਲਿਆ ਗਿਆ ਹੈ, ਜਿਨ੍ਹਾਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

| ਰੇਲਗੱਡੀ ਨੰਬਰ | ਸਟੇਸ਼ਨ ਤੋਂ | ਸਟੇਸ਼ਨ ਤਕ | ਚੱਲਣ ਦੇ ਦਿਨ | ਪੂਰਵ ਅਧਿਸੂਚਿਤ ਮਿਤੀ | ਵਿਸਥਾਰ ਦਾ ਸਮਾਂ | ਕੁਲ ਫੇਰੇ |
|---|---|---|---|---|---|---|
| 02563 | ਬਰੌਨੀ ਜੰ. | ਨਵੀਂ ਦਿੱਲੀ | ਰੋਜ਼ਾਨਾ | 31.08.26 | 04.09.26 ਤੋਂ 30.11.26 | 88 |
| 02564 | ਨਵੀਂ ਦਿੱਲੀ | ਬਰੌਨੀ ਜੰ. | ਰੋਜ਼ਾਨਾ | 01.09.26 | 05.09.26 ਤੋਂ 01.12.26 | 88 |
| 02569 | ਦਰਭੰਗਾ ਜੰ. | ਨਵੀਂ ਦਿੱਲੀ | ਰੋਜ਼ਾਨਾ | 31.08.26 | 04.09.26 ਤੋਂ 30.11.26 | 88 |
| 02570 | ਨਵੀਂ ਦਿੱਲੀ | ਦਰਭੰਗਾ ਜੰ. | ਰੋਜ਼ਾਨਾ | 01.09.26 | 05.09.26 ਤੋਂ 01.12.26 | 88 |
| 09609 | ਉਦੈਪੁਰ ਸਿਟੀ | ਯੋਗ ਨਗਰੀ ਰਿਸ਼ੀਕੇਸ਼ | ਮੰਗਲਵਾਰ | 28.07.26 | 20.10.26 ਤੋਂ 24.11.26 | 06 |
| 09610 | ਯੋਗ ਨਗਰੀ ਰਿਸ਼ੀਕੇਸ਼ | ਉਦੈਪੁਰ ਸਿਟੀ | ਬੁਧਵਾਰ | 29.07.26 | 21.10.26 ਤੋਂ 25.11.26 | 06 |

ਨੋਟ:- ਬਾਕੀ ਜਾਣਕਾਰੀ ਪਹਿਲਾਂ ਵਾਂਗ ਹੈ

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਉਪਰੋਕਤ ਰੇਲਗੱਡੀਆਂ ਦੇ ਰਸਤੇ ਵਿਚ ਪੈਣ ਵਾਲੇ ਹੋਰ ਸਟੇਸ਼ਨਾਂ ਦੀ ਵਿਸਤ੍ਰਿਤ ਸਮੇਂ-ਸਾਰਣੀ ਅਤੇ ਸ਼੍ਰੇਣੀਆਂ ਦੀ ਜਾਣਕਾਰੀ ਦੇ ਲਈ ਰੇਲਮਦਦ ਹੈਲਪਲਾਈਨ ਨੰ. 139 'ਤੇ ਸੰਪਰਕ ਕਰਨ ਜਾਂ ਰੇਲਵੇ ਦੀ ਵੈਬਸਾਈਟ https://enquiry.indianrail.gov.in ਵੇਖੋ ਜਾਂ NTES App ਵੇਖੋ

'ਤੇ ਸਾਨੂੰ ਫਾਲੋ ਕਰੋ

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਵੇਖੋ:- www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

ਉੱਤਰ ਰੇਲਵੇ ਤੁਹਾਡੀ ਸੁਵਿਧਾ - ਸਾਡਾ ਲਕਸ਼ ਸਾਨੂੰ www.nr.indianrailways.gov.in ਉੱਤੇ ਮਿਲੋ 3028/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਰੇਲਯਾਤਰੀ ਕਿਰਪਾ ਧਿਆਨ ਦੇਣ !

### ਮਹੱਤਵਪੂਰਨ ਜਾਣਕਾਰੀ

### ਵਿਸ਼ੇਸ਼ ਰੇਲਗੱਡੀਆਂ ਦਾ ਸੰਚਾਲਨ

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਦੇ ਲਈ ਉਤਰ ਰੇਲਵੇ ਦੁਆਰਾ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀਆਂ ਹੇਠਾਂ ਦਿਤੀ ਗਈ ਸਮੇਂ-ਸਾਰਣੀ ਦੇ ਅਨੁਸਾਰ ਸੰਚਾਲਿਤ ਕੀਤੀਆਂ ਜਾਣਗੀਆਂ:-

**04090/04089 ਨਵੀਂ ਦਿੱਲੀ - ਦਾਨਾਪੁਰ - ਨਵੀਂ ਦਿੱਲੀ ਰੀਜ਼ਰਵ ਸਪੈਸ਼ਲ ਐਕਸਪ੍ਰੈਸ** — 8 ਫੇਰੇ

| ਰੇਲਗੱਡੀ ਨੰ. 04090 | | ਸਟੇਸ਼ਨ | ਰੇਲਗੱਡੀ ਨੰ. 04089 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 23:30 | ਨਵੀਂ ਦਿੱਲੀ | 09:45 | ---- |
| 23:55 | 00:05 | ਦਿੱਲੀ ਜੰ. | 09:00 | 09:10 |
| 00:48 | 00:50 | ਗਾਜ਼ੀਆਬਾਦ ਜੰ. | 08:15 | 08:17 |
| 01:45 | 01:47 | ਅਲੀਗੜ੍ਹ ਜੰ. | 06:30 | 06:32 |
| 02:50 | 02:52 | ਟੂੰਡਲਾ ਜੰ. | 05:08 | 05:10 |
| 06:25 | 06:30 | ਗੋਵਿੰਦਪੁਰੀ | 02:50 | 02:55 |
| 08:55 | 09:05 | ਪ੍ਰਯਾਗਰਾਜ ਜੰ. | 00:05 | 00:15 |
| 11:10 | 11:20 | ਪੰ. ਦੀਨ ਦਿਆਲ ਉਪਾਧਿਆਏ ਜੰ. | 21:00 | 21:10 |
| 12:30 | 12:32 | ਬਕਸਰ | 17:50 | 17:52 |
| 13:20 | 13:22 | ਆਰਾ | 17:08 | 17:10 |
| 15:00 | ---- | ਦਾਨਾਪੁਰ | ---- | 16:40 |

ਚੱਲਣ ਦੀ ਮਿਤੀ : 04090 ਨਵੀਂ ਦਿੱਲੀ ਤੋਂ ਹਰੇਕ ਸ਼ੁਕਰਵਾਰ ਨੂੰ ਮਿਤੀ 04.09.2026 ਤੋਂ 25.09.2026 ਤਕ ਅਤੇ 04089 ਦਾਨਾਪੁਰ ਤੋਂ ਹਰੇਕ ਸ਼ਨੀਵਾਰ ਨੂੰ ਮਿਤੀ 05.09.2026 ਤੋਂ 26.09.2026 ਤਕ

ਸਥਾਨ: 3 ਟੀਯਰ ਏਸੀ., ਸਲੀਪਰ ਅਤੇ ਜਨਰਲ

**04213/04214 ਅਯੁਧਿਆ ਕੈਂਟ - ਆਨੰਦ ਵਿਹਾਰ (ਟ.) -ਅਯੁਧਿਆ ਕੈਂਟ ਰੀਜ਼ਰਵ ਸਪੈਸ਼ਲ ਐਕਸਪ੍ਰੈਸ** — 2 ਫੇਰੇ

| ਰੇਲਗੱਡੀ ਨੰ. 04213 | | ਸਟੇਸ਼ਨ | ਰੇਲਗੱਡੀ ਨੰ. 04214 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 18:20 | ਅਯੁਧਿਆ ਕੈਂਟ | 21:35 | ---- |
| 19:48 | 19:50 | ਬਾਰਾਬੰਕੀ | 19:30 | 19:32 |
| 20:45 | 20:55 | ਲਖਨਊ | 17:40 | 17:50 |
| 00:55 | 00:57 | ਬਰੇਲੀ | 13:13 | 13:15 |
| 02:42 | 02:50 | ਮੁਰਾਦਾਬਾਦ | 11:35 | 11:45 |
| 04:08 | 04:10 | ਹਾਪੁੜ | 09:38 | 09:40 |
| 05:20 | 05:22 | ਗਾਜ਼ੀਆਬਾਦ | 09:00 | 09:02 |
| 06:10 | ---- | ਆਨੰਦ ਵਿਹਾਰ ਟਰਮੀਨਲ | ---- | 08:20 |

ਚੱਲਣ ਦੀ ਮਿਤੀ : 04213 ਅਯੁਧਿਆ ਕੈਂਟ ਤੋਂ ਮਿਤੀ 03.09.2026 (ਵੀਰਵਾਰ) ਨੂੰ ਅਤੇ 04214 ਆਨੰਦ ਵਿਹਾਰ (ਟ.) ਤੋਂ ਮਿਤੀ 04.09.2026 (ਸ਼ੁਕਰਵਾਰ) ਨੂੰ।

ਸਥਾਨ: 3 ਟੀਯਰ ਏਸੀ., ਇਕੋਨਾਮੀ ਅਤੇ ਜਨਰਲ

**04217/04218 ਵਾਰਾਨਸੀ - ਆਨੰਦ ਵਿਹਾਰ (ਟ.) - ਵਾਰਾਨਸੀ ਰੀਜ਼ਰਵ ਸਪੈਸ਼ਲ ਐਕਸਪ੍ਰੈਸ** — 2 ਫੇਰੇ

| ਰੇਲਗੱਡੀ ਨੰ. 04217 | | ਸਟੇਸ਼ਨ | ਰੇਲਗੱਡੀ ਨੰ. 04218 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 15:40 | ਵਾਰਾਨਸੀ | 00:25 | --- |
| 17:25 | 17:30 | ਮਾਂ ਬੇਲਹਾ ਦੇਵੀ ਧਾਮ ਪ੍ਰਤਾਪਗੜ੍ਹ | 21:45 | 21:50 |
| 18:50 | 18:52 | ਰਾਯ ਬਰੇਲੀ ਜੰ. | 20:15 | 20:20 |
| 20:55 | 21:05 | ਲਖਨਊ | 18:30 | 18:40 |
| 01:08 | 01:10 | ਬਰੇਲੀ | 13:28 | 13:30 |
| 03:00 | 03:10 | ਮੁਰਾਦਾਬਾਦ | 12:00 | 12:10 |
| 04:28 | 04:30 | ਹਾਪੁੜ | 09:53 | 09:55 |
| 06:05 | 06:07 | ਗਾਜ਼ੀਆਬਾਦ | 09:15 | 09:17 |
| 07:10 | ---- | ਆਨੰਦ ਵਿਹਾਰ ਟਰਮੀਨਲ | ---- | 08:30 |

ਚੱਲਣ ਦੀ ਮਿਤੀ : 04217 ਵਾਰਾਨਸੀ ਤੋਂ ਮਿਤੀ 03.09.2026 (ਵੀਰਵਾਰ) ਨੂੰ ਅਤੇ 04218 ਆਨੰਦ ਵਿਹਾਰ (ਟ.) ਤੋਂ ਹਰੇਕ ਬੁਧਵਾਰ ਨੂੰ ਮਿਤੀ 04.09.2026 (ਸ਼ੁਕਰਵਾਰ) ਨੂੰ।

ਸਥਾਨ: 3 ਟੀਯਰ ਏਸੀ., ਇਕੋਨਾਮੀ ਅਤੇ ਜਨਰਲ

ਵਿਸਤ੍ਰਿਤ ਜਾਣਕਾਰੀ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਯਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enquiry.indianrail.gov.in ਵੇਖੋ।

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਵੇਖੋ:- www.railmadad.indianrailways.gov.in ਰੇਲਮਦਦ ਐਪ ਡਾਊਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ ਸਦਾ ਤੁਹਾਡੀ ਸੇਵਾ ਵਿਚ ਸਾਨੂੰ www.nr.indianrailways.gov.in 'ਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



# ਬੁੱਢੇ ਨਹੀਂ ਬਜ਼ੁਰਗ ਬਣੋ

ਜ਼ਿੰਦਗੀ ਦੇ ਉੱਚੇ ਨੀਵੇਂ ਧਰਾਤਲ ਨੂੰ ਤਹਿ ਕਰਦਿਆਂ, ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਤੋਂ ਕਾਫੀ ਹੱਦ ਤਕ ਸੁਰਖ਼ਰੂ ਹੋਣ ਤੋਂ ਬਾਅਦ, ਵਿਅਕਤੀ ਜੀਵਨ ਦੀ ਇਕ ਅਜਿਹੀ ਅਵਸਥਾ ਵਿਚ ਦਾਖ਼ਲ ਹੁੰਦਾ ਹੈ ਜਿੱਥੇ ਪਹੁੰਚ ਕੇ ਉਸ ਨੂੰ ਸਕੂਨ ਅਤੇ ਸੁਰੱਖਿਆ ਦੀ ਤਾਲਾਸ਼ ਹੁੰਦੀ ਹੈ। ਇਹ ਅਵਸਥਾ ਬੁਢਾਪੇ ਦੀ ਹੁੰਦੀ ਹੈ। ਅਕਸਰ ਇਹ ਸਮਝਿਆ ਜਾਂਦਾ ਹੈ ਕਿ ਇਸ ਅਵਸਥਾ ਵਿਚ ਪਹੁੰਚਦਿਆਂ ਵਿਅਕਤੀ ਕੋਲ ਜ਼ਿੰਦਗੀ ਦੇ ਤਜਰਬਿਆਂ ਦੀ ਕਾਫ਼ੀ ਪੂੰਜੀ ਜਮ੍ਹਾਂ ਹੋ ਜਾਣ ਕਾਰਨ ਉਹ ਵਧੇਰੇ ਸਹਿਣਸ਼ੀਲ, ਆਪਣੇ ਬੋਲਾਂ ਨਾਲ ਦੂਸਰਿਆਂ ਨੂੰ ਮਾਨਸਿਕ ਸਕੂਨ ਦੇਣ ਅਤੇ ਉਨ੍ਹਾਂ ਦੀ ਹਰ ਸਮੱਸਿਆ ਦਾ ਸਮਾਧਾਨ ਕਰਨ ਲਈ ਪਰਪੱਕ ਹੋ ਜਾਂਦਾ ਹੈ।

ਬਜ਼ੁਰਗ ਅਤੇ ਬੁੱਢਾ, ਬੁਢਾਪੇ ਦੀ ਹੀ ਅਵਸਥਾ ਹੈ ਪਰ ਫਿਰ ਵੀ ਇਨ੍ਹਾਂ ਵਿਚ ਉਸੇ ਤਰ੍ਹਾਂ ਦਾ ਅੰਤਰ ਹੈ ਜਿਵੇਂ ਕਿਸੇ ਵਿਅਕਤੀ ਨੂੰ ਜਾਨਵਰ ਕਿਹਾ ਜਾਵੇ ਤਾਂ ਉਹ ਬੁਰਾ ਮਹਿਸੂਸ ਕਰਦਾ ਹੈ ਪਰ ਜੇ ਸ਼ੇਰ ਕਿਹਾ ਜਾਵੇ ਤਾਂ ਮੁਸਕਾਨ ਉਸ ਦੇ ਚਿਹਰੇ ’ਤੇ ਆਪਣੀ ਹੋਂਦ ਵਿਖਾ ਦਿੰਦੀ ਹੈ। ਵੇਖਣ ਵਿਚ ਅਕਸਰ ਆਉਂਦਾ ਹੈ ਕਿ ਕਈ ਵਿਅਕਤੀ ਇਸ ਅਵਸਥਾ ਤਕ ਪਹੁੰਚ ਕੇ ਵੀ ਆਪਣੇ ਨਿਭਾਏ ਜਾਣ ਵਾਲੇ ਕਿਰਦਾਰਾਂ ਤੋਂ ਜ਼ਿੰਮੇਵਾਰ ਦਿਖਾਈ ਨਹੀਂ ਦਿੰਦੇ। ਅਜਿਹੇ ਲੋਕਾਂ ਬਾਰੇ ਇਹੀ ਸੁਣਨ ਨੂੰ ਮਿਲਦਾ ਹੈ ਕਿ ਇਸ ਨੂੰ ਤਾਂ ਧੁੱਪੇ ਹੀ ਧੌਲੇ ਆਏ ਹਨ।

### ਤਾਲਮੇਲ ਬਿਠਾਓ

ਬੁਢਾਪੇ ਦੀ ਅਵਸਥਾ ਵਿਚ ਵਿਅਕਤੀ ਨੂੰ ਬਜ਼ੁਰਗ ਕਹਿ ਕੇ ਸਤਿਕਾਰਿਆ ਜਾਂਦਾ ਹੈ ਪਰ ਜੋ ਵਿਅਕਤੀ ਇਸ ਅਵਸਥਾ ਵਿਚ ਨਿਭਾਏ ਜਾਣ ਵਾਲੇ ਕਿਰਦਾਰਾਂ ਦੀਆਂ ਨਿਸ਼ਾਨੀਆਂ ਤੋਂ ਵਾਂਝੇ ਰਹਿ ਜਾਂਦੇ ਹਨ, ਉਨ੍ਹਾਂ ਨੂੰ ਬੁੱਢੇ ਹੀ ਕਿਹਾ ਜਾਂਦਾ ਹੈ। ਅਜਿਹੇ ਬੁੱਢੇ ਲੋਕ ਇਸ ਉਮਰ ਵਿਚ ਵੀ ਆਪਣੇ ਪਰਿਵਾਰ ਦੇ ਜੀਆਂ ਨਾਲ ਤਾਲਮੇਲ ਬਣਾਉਣ ਵਿਚ ਅਸਮਰਥ ਹੁੰਦੇ ਹਨ ਜਿਸ ਕਰਕੇ ਉਨ੍ਹਾਂ ਦੀ ਜ਼ਿੰਦਗੀ ਨਰਕ ਬਣ ਜਾਂਦੀ ਹੈ। ਇਸ ਲਈ ਲੋੜ ਹੈ, ਇਸ ਅਵਸਥਾ ਵਿਚ ਬੱਚਿਆਂ ਦੀ ਸੋਚ ਦੇ ਹਾਣੀ ਬਣਦੇ ਹੋਏ, ਆਪਣੀਆਂ ਪ੍ਰਾਪਤੀਆਂ ਦਾ ਢੰਡੋਰਾ ਪਿੱਟਣ ਦੀ ਬਜਾਏ, ਬੱਚਿਆਂ ਦੀਆਂ ਤਰੱਕੀਆਂ ’ਤੇ ਖ਼ੁਸ਼ ਹੁੰਦੇ ਹੋਏ, ਉਨ੍ਹਾਂ ਨੂੰ ਉਤਸ਼ਾਹਿਤ ਕਰਨ ਦੀ ਤਾਂ ਹੀ ਬਜ਼ੁਰਗਾਂ ਵਾਲਾ ਸਤਿਕਾਰ ਪਾ ਸਕਦੇ ਹਾਂ।

ਗੁਣਾਂ ਦੇ ਸਹਾਰੇ ਹੀ ਵਿਅਕਤੀ ਸਫਲ ਹੋ ਸਕਦਾ ਹੈ। ਵਿਵੇਕ ਤੇ ਨਿਮਰਤਾ ਨਾਲ ਸ਼ਿਖ਼ਰ ਨੂੰ ਛੂਹ ਜਾਂਦਾ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਨਵੇਂ ਜ਼ਮਾਨੇ ਅਨੁਸਾਰ ਬੱਚਿਆਂ ਦੀ ਸਮਰਥਾ ਅਤੇ ਸਮਝ ਸਾਡੇ ਨਾਲੋਂ ਕਿਤੇ ਜ਼ਿਆਦਾ ਹੈ। ਖਾਹ-ਮਖਾਹ ਉਨ੍ਹਾਂ ਦੇ ਕੰਮਾਂ ਵਿਚ ਦਖ਼ਲ ਦੇਣ ਵਾਲੇ ਲੋਕ ਬੁੱਢੇ ਹੀ ਰਹਿ ਜਾਂਦੇ ਹਨ ਬਜ਼ੁਰਗ ਨਹੀਂ ਬਣਦੇ। ਬੱਚਿਆਂ ਨੂੰ ਆਪਣਾ ਜੀਵਨ ਜਿਊਣ ਦਿਓ ਅਤੇ ਤੁਸੀਂ ਆਪਣਾ ਜੀਵਨ ਜੀਓ ਤਾਂ ਹੀ ਬਜ਼ੁਰਗਾਂ ਵਾਲਾ ਸਤਿਕਾਰ ਮਿਲ ਸਕਦਾ ਹੈ।

### ਵਿਕਾਰਾਂ ਤੋਂ ਪਾਓ ਛੁਟਕਾਰਾ

ਮਨੁੱਖੀ ਮਨ ਦੇ ਧਰਾਤਲ ’ਤੇ ਅਕਸਰ ਵਿਕਾਰ ਪੁੰਗਰਦੇ ਹਨ ਜੋ ਉਸ ਦਾ ਪੂਰਨ ਵਿਕਾਸ ਨਹੀਂ ਹੋਣ ਦਿੰਦੇ। ਇਨ੍ਹਾਂ ਦਾ ਤਿਆਗ ਕਰਨਾ ਬਹੁਤ ਜ਼ਰੂਰੀ ਹੁੰਦਾ ਹੈ। ਜੋ ਵਿਅਕਤੀ ਬੁਢਾਪੇ ਦੀ ਅਵਸਥਾ ਵਿਚ ਪਹੁੰਚ ਕੇ ਵੀ ਇਨ੍ਹਾਂ ਤੋਂ ਛੁਟਕਾਰਾ ਨਹੀਂ ਪਾ ਸਕਦੇ ਉਹ ਬੁੱਢੇ ਹੀ ਹੁੰਦੇ ਹਨ। ਅਜਿਹੇ ਵਿਅਕਤੀ ਆਪਣੇ ਜੀਆਂ ਵਿਚ ਵੀ ਵਿਸ਼ਵਾਸ ਦੀ ਗੰਢ ਨੂੰ ਮਜ਼ਬੂਤ ਨਹੀਂ ਰੱਖ ਸਕਦੇ ਜੋ ਉਨ੍ਹਾਂ ਲਈ ਘਾਤਕ ਸਿੱਧ ਹੁੰਦਾ ਹੈ। ਅਜਿਹੇ ਵਿਅਕਤੀਆਂ ਦੇ ਮਨ ਵਿਚ ਅਜੇ ਵੀ ਇੰਨੀਆਂ ਉਮੀਦਾਂ ਪਲਦੀਆਂ ਰਹਿੰਦੀਆਂ ਹਨ ਕਿ ਉਹ ਇਕਾਗਰ ਹੋਣ ਵਿਚ ਨਾਕਾਮ ਰਹਿੰਦੇ ਹਨ ਜਿਸ ਕਰਕੇ ਪਰਿਵਾਰ ਦੇ ਜੀਆਂ ਦੀ ਆਲੋਚਨਾ ਅਤੇ ਨਿੰਦਾ ਕਰਦੇ ਰਹਿਣ ਕਾਰਨ ਬਣਦੇ ਸਨਮਾਨ ਤੋਂ ਵਾਂਝੇ ਰਹਿ ਜਾਂਦੇ ਹਨ। ਆਤਮ-ਸੰਜਮ ਦੀ ਕਮੀ ਕਾਰਨ ਆਪਣੀ ਪ੍ਰਤਿਭਾ ਗੁਆ ਬੈਠਦੇ ਹਨ ਅਤੇ ਨਦੀ ਦੇ ਵਗਦੇ ਵਹਾਅ ਦੀ ਤਰ੍ਹਾਂ ਇਸ ਅਵਸਥਾ ਵਿਚ ਵੀ ਅਨੇਕਾਂ ਔਕੜਾਂ ਦਾ ਸਾਹਮਣਾ ਕਰਦੇ ਰਹਿੰਦੇ ਹਨ। ਉਹ ਮਹਿਸੂਸ ਕਰਨ ਲੱਗ ਪੈਂਦੇ ਹਨ ਕਿ ਹੁਣ ਬੇਕਾਰ ਹੋ ਚੁੱਕੇ ਹਨ ਅਤੇ ਉਨ੍ਹਾਂ ਦਾ ਜੀਵਨ ਕਿਸੇ ਕੰਮ ਦਾ ਨਹੀਂ ਰਿਹਾ।

ਆਪਣੇ-ਆਪ ਨੂੰ ਦੂਜਿਆਂ ਤੋਂ ਵੱਧ ਸਿਆਣਾ ਅਤੇ ਦੂਜੇ ਨੂੰ ਹੀਣਾ ਸਮਝਦੇ ਹੋਏ ਪਰਿਵਾਰ ਦੇ ਜੀਆਂ ਅਤੇ ਰਿਸ਼ਤੇਦਾਰਾਂ ਦੀ ਬੁਰਿਆਈ ਕਰੀ ਜਾਣਾ ਉਨ੍ਹਾਂ ਨੂੰ ਬਜ਼ੁਰਗ ਨਹੀਂ ਬਣਨ ਦਿੰਦਾ। ਚੰਗੀ ਸੋਚ ਵਾਲੇ ਮਨੁੱਖ ਉਮਰ ਦੇ ਹਰ ਪੜਾਅ ’ਤੇ ਚੰਗਾ ਹੀ ਸੋਚਦੇ ਹਨ। ਸੰਜਮ, ਨਿਯਮ, ਸਬਰ-ਸੰਤੋਖ, ਸਕਾਰਾਤਮਕ ਸੋਚ ਅਤੇ ਮਨ ਨੂੰ ਨਿਯੰਤਰਣ ਕਰਨ ਵਾਲੇ ਵਿਅਕਤੀ ਬਜ਼ੁਰਗ ਹੁੰਦੇ ਹਨ। ਅਜਿਹੇ ਲੋਕਾਂ ਵਿਚ ਪਵਿੱਤਰਤਾ, ਦ੍ਰਿੜ੍ਹਤਾ ਅਤੇ ਉੱਦਮ ਵਾਲੇ ਗੁਣ ਕਦੇ ਵੀ ਆਪਣੀ ਹੋਂਦ ਨਹੀਂ ਗੁਆਉਂਦੇ। ਇਸੇ ਕਾਰਨ ਗੂੜ੍ਹ ਹਨੇਰਿਆਂ ਵਾਂਗ ਕਦੇ ਨਾ ਮੁੱਕਣ ਵਾਲੀ ਭਟਕਣ ਵੀ ਉਨ੍ਹਾਂ ਦਾ ਕੁਝ ਨਹੀਂ ਵਿਗਾੜ ਸਕਦੀ।

### ਚੁੱਪ ਹੈ ਖ਼ੁਸ਼ੀ ਦਾ ਰਾਜ਼

ਕਹਿੰਦੇ ਹਨ ਕਿ ਇਕ ਬਜ਼ੁਰਗ ਜੋੜਾ ਬੁਢਾਪੇ ਦੀ ਅਵਸਥਾ ਵਿਚ ਵੀ ਬਹੁਤ ਖ਼ੁਸ਼ ਰਹਿੰਦਾ ਸੀ। ਕਿਸੇ ਨਿਰਾਸ਼ ਰਹਿਣ ਵਾਲੇ ਬਜ਼ੁਰਗ ਨੇ ਉਨ੍ਹਾਂ ਕੋਲੋਂ ਖ਼ੁਸ਼ ਰਹਿਣ ਦਾ ਭੇਦ ਜਾਣਨਾ ਚਾਹਿਆ। ਬਜ਼ੁਰਗ ਨੇ ਉੱਤਰ ਦਿੱਤਾ ਕਿ ਜੀਵਨ ਦੇ ਇਸ ਮੋੜ ’ਤੇ ਇਕੋ ਨੀਤੀ ਅਪਣਾਈ ਹੈ ਕਿ ਦੂਜਿਆਂ ਤੋਂ ਜ਼ਿਆਦਾ ਆਸ ਨਾ ਰੱਖੋ ਅਤੇ ਜੋ ਮਿਲੇ ਉਸ ਵਿਚ ਸੰਤੁਸ਼ਟ ਰਹੋ। ਮੈਂ ਤੇ ਮੇਰੀ ਪਤਨੀ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਆਪਣੇ ਬੇਟਿਆਂ-ਨੂੰਹਾਂ ਨੂੰ ਸੌਂਪ ਕੇ ਬੇਫ਼ਿਕਰੀ ਨਾਲ ਰਹਿੰਦੇ ਹਾਂ। ਹੁਣ ਉਹ ਜੋ ਕਹਿੰਦੇ ਹਨ, ਉਹ ਅਸੀਂ ਕਰ ਦਿੰਦੇ ਹਾਂ ਅਤੇ ਜੋ ਕੁਝ ਵੀ ਖੁਆਉਂਦੇ ਹਨ, ਖਾ ਲੈਂਦੇ ਹਾਂ। ਆਪਣੇ ਪੋਤਰੇ-ਪੋਤਰੀਆਂ ਨਾਲ ਹੱਸਦੇ-ਖੇਡਦੇ ਰਹਿੰਦੇ ਹਾਂ।’

‘ਸਾਡੇ ਬੱਚੇ ਜਦੋਂ ਕੋਈ ਭੁੱਲ ਕਰਦੇ ਹਨ ਤਾਂ ਵੀ ਅਸੀਂ ਚੁੱਪ ਰਹਿੰਦੇ ਹਾਂ। ਅਸੀਂ ਉਨ੍ਹਾਂ ਦੇ ਕਿਸੇ ਕੰਮ ਵਿਚ ਵੀ ਅੜਿਕਾ ਨਹੀਂ ਬਣਦੇ। ਜਦੋਂ ਕਦੇ ਉਹ ਸਾਡੇ ਕੋਲ ਸਲਾਹ-ਮਸ਼ਵਰੇ ਲਈ ਆਉਂਦੇ ਹਨ ਤਾਂ ਅਸੀਂ ਆਪਣੇ ਜੀਵਨ ਦੇ ਸਾਰੇ ਤਜਰਬੇ ਉਨ੍ਹਾਂ ਸਾਹਮਣੇ ਰੱਖਦਿਆਂ ਉਨ੍ਹਾਂ ਵੱਲੋਂ ਕੀਤੀ ਗਈ ਭੁੱਲ ਨਾਲ ਪੈਦਾ ਮਾੜੇ ਨਤੀਜਿਆਂ ਪ੍ਰਤੀ ਸੁਚੇਤ ਕਰ ਦਿੰਦੇ ਹਾਂ। ਹੁਣ ਉਹ ਸਾਡੀ ਸਲਾਹ ’ਤੇ ਕਿੰਨਾ ਅਮਲ ਕਰਦੇ ਹਨ ਜਾਂ ਨਹੀਂ ਕਰਦੇ ਉਹ ਦੇਖਣਾ ਅਤੇ ਆਪਣਾ ਮਨ ਦੁਖੀ ਕਰਨਾ ਸਾਡਾ ਕੰਮ ਨਹੀਂ। ਉਹ ਸਾਡੀਆਂ ਹਦਾਇਤਾਂ ਅਨੁਸਾਰ ਜ਼ਰੂਰ ਚੱਲਣ, ਇਹ ਸਾਡੀ ਇੱਛਾ ਨਹੀਂ ਹੁੰਦੀ। ਸਲਾਹ ਦੇਣ ਤੋਂ ਬਾਅਦ ਵੀ ਜੇ ਉਹ ਭੁੱਲ ਕਰਦੇ ਹਨ ਤਾਂ ਅਸੀਂ ਫ਼ਿਕਰ ਨਹੀਂ ਕਰਦੇ। ਉਸ ’ਤੇ ਵੀ ਜੇ ਉਹ ਮੁੜ ਸਾਡੇ ਕੋਲ ਆਉਂਦੇ ਹਨ ਤਾਂ ਅਸੀਂ ਫਿਰ ਨੇਕ ਸਲਾਹ ਦੇ ਕੇ ਉਨ੍ਹਾਂ ਨੂੰ ਵਿਦਾ ਕਰਦੇ ਹਾਂ। ਇਹੀ ਸਾਡੇ ਖ਼ੁਸ਼ ਰਹਿਣ ਦਾ ਕਾਰਨ ਹੈ।’

ਇਸ ਲਈ ਦੋਸਤੋ, ਬੁਢਾਪੇ ਦੀ ਅਵਸਥਾ ਵਿਚ ਪਹੁੰਚ ਕੇ ਆਪਣੇ-ਆਪ ਨੂੰ ਖ਼ੁਸ਼ ਰੱਖਣ, ਪਰਿਵਾਰ ਵਿਚ ਰਾਤ ਦੀ ਰਾਣੀ ਵਾਂਗ ਮਹਿਕਾਂ ਖਿਲਾਰਨ ਅਤੇ ਆਨੰਦਿਤ ਰਹਿਣ ਲਈ, ਆਪਣੇ ਵਿਚ ਲੋੜੀਂਦੀਆਂ ਤਬਦੀਲੀਆਂ ਲਿਆ ਕੇ ਬਜ਼ੁਰਗ ਅਖਵਾਈਏ, ਬੁੱਢੇ ਨਹੀਂ। •



• ਕੈਲਾਸ਼ ਚੰਦਰ ਸ਼ਰਮਾ
8054016816

*ਮਨੁੱਖੀ ਮਨ ’ਚ ਅਕਸਰ ਵਿਕਾਰ ਪੁੰਗਰਦੇ ਹਨ ਜੋ ਉਸ ਦਾ ਵਿਕਾਸ ਨਹੀਂ ਹੋਣ ਦਿੰਦੇ। ਇਨ੍ਹਾਂ ਦਾ ਤਿਆਗ ਕਰਨਾ ਬਹੁਤ ਜ਼ਰੂਰੀ ਹੁੰਦਾ ਹੈ। ਜੋ ਵਿਅਕਤੀ ਬੁਢਾਪੇ ਵਿਚ ਪਹੁੰਚ ਕੇ ਵੀ ਇਨ੍ਹਾਂ ਤੋਂ ਛੁਟਕਾਰਾ ਨਹੀਂ ਪਾ ਸਕਦੇ ਉਹ ਬੁੱਢੇ ਹੁੰਦੇ ਹਨ ਸਿਆਣੇ ਨਹੀਂ। ਅਜਿਹੇ ਵਿਅਕਤੀ ਆਪਣੇ ਜੀਆਂ ਵਿਚ ਵੀ ਵਿਸ਼ਵਾਸ ਦੀ ਗੰਢ ਨੂੰ ਮਜ਼ਬੂਤ ਨਹੀਂ ਰੱਖ ਸਕਦੇ।*

### ਜੜ੍ਹਾਂ ਨਾਲ ਜੁੜੇ ਰਹੋ

ਆਪਣੀ ਸ਼ਖ਼ਸੀਅਤ ਵਿਚ ਗਹਿਰਾਈ ਅਤੇ ਵਿਚਾਰਾਂ ਵਿਚ ਸ਼ੁੱਧਤਾ ਬਣਾਈ ਰੱਖੋ। ਕਦੇ ਵੀ ਆਪਣੀਆਂ ਜੜ੍ਹਾਂ ਨਾਲੋਂ ਨਾ ਟੁੱਟੋ। ਇਨਸਾਨ ਉਦੋਂ ਬੁਰੀ ਤਰ੍ਹਾਂ ਹਾਰ ਜਾਂਦਾ ਹੈ ਜਦੋਂ ਉਸ ਨੂੰ ਪਤਾ ਲੱਗਦਾ ਹੈ ਕਿ ਜਿਨ੍ਹਾਂ ਨੂੰ ਤੁਸੀਂ ਸਭ ਕੁਝ ਮੰਨਦੇ ਹੋ ਉਨ੍ਹਾਂ ਲਈ ਤੁਸੀਂ ਕੁਝ ਵੀ ਨਹੀਂ ਹੋ। ਜੇ ਆਪਣਿਆਂ ਦੇ ਨਜ਼ਦੀਕ ਰਹਿਣਾ ਹੈ ਤਾਂ ਖ਼ਾਮੋਸ਼ ਰਹੋ ਅਤੇ ਜੇ ਆਪਣਿਆਂ ਨੂੰ ਨਜ਼ਦੀਕ ਰੱਖਣਾ ਹੈ ਤਾਂ ਕੋਈ ਵੀ ਗੱਲ ਦਿਲ ’ਤੇ ਨਾ ਲਗਾਓ। ਹਾਸਾ ਤਣਾਅ ਨੂੰ ਖ਼ਤਮ ਕਰਦਾ ਹੈ ਅਤੇ ਮੁਸਕਾਨ ਨਾਲ ਖ਼ੁਸ਼ੀ ਮਿਲਦੀ ਹੈ। ਸੋ ਇਸ ਅਵਸਥਾ ਵਿਚ ਖ਼ੁਸ਼ ਰਹਿਣ ਦੀ ਆਦਤ ਪਾ ਲਓ। ਸਿਆਣੇ ਕਹਿੰਦੇ ਹਨ ਕਿ “ਖ਼ੁਸ਼ੀ ਦੇ ਵਿਚਾਰ ਉਨ੍ਹਾਂ ਤਰੇਲ ਦੀਆਂ ਬੂੰਦਾਂ ਵਰਗੇ ਹੁੰਦੇ ਹਨ ਜੋ ਸਾਡੇ ਤਣਾਅ ਨੂੰ ਖ਼ਤਮ ਕਰਦੇ ਹੋਏ ਦੁੱਖਾਂ ਨੂੰ ਧੋ ਦਿੰਦੇ ਹਨ।” ਇਸ ਲਈ ਖ਼ੁਸ਼ ਰਹਿਣਾ ਸਿੱਖੋ।

### ਬਣੋ ਰਾਹ ਦਸੇਰੇ

ਜ਼ਿੰਦਗੀ ਦੀ ਤ੍ਰਾਸਦੀ ਹੈ ਕਿ ਅਸੀਂ ਬੁੱਢੇ ਜਲਦੀ ਹੋ ਜਾਂਦੇ ਹਾਂ ਪਰ ਸਿਆਣੇ ਦੇਰ ਨਾਲ ਬਣਦੇ ਹਾਂ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਮਨੁੱਖ ਦੇ ਦੁੱਖਾਂ-ਸੁੱਖਾਂ ਦੀ ਸਾਥੀ ਉਸ ਦੀ ਆਪਣੀ ਔਲਾਦ ਹੀ ਹੁੰਦੀ ਹੈ ਅਤੇ ਸਾਡਾ ਕੰਮ ਉਨ੍ਹਾਂ ਲਈ ਰਾਹ ਦਸੇਰਾ ਬਣਨਾ ਹੈ। ਮੋਮਬੱਤੀ ਕਦੇ ਵੀ ਨਹੀਂ ਬੋਲਦੀ ਪਰ ਉਸ ਦੀ ਰੋਸ਼ਨੀ ਹੀ ਉਸ ਦੀ ਪਛਾਣ ਦੱਸ ਦਿੰਦੀ ਹੈ। ਇਸੇ ਤਰ੍ਹਾਂ ਚੁੱਪ ਰਹਿ ਕੇ ਆਪਣੇ ਵਿਵਹਾਰ ਰਾਹੀਂ ਹੀ ਆਪਣੇ ਬਜ਼ੁਰਗ ਹੋਣ ਦਾ ਅਹਿਸਾਸ ਦੂਜਿਆਂ ਤਕ ਜਾਣ ਦਿਓ। ਦੂਜਿਆਂ ਵੱਲੋਂ ਕੀਤੀ ਕੇਅਰ ਨੂੰ ਖੁੱਲ੍ਹਦਿਲੀ ਨਾਲ ਪ੍ਰਵਾਨ ਕਰਦੇ ਹੋਏ ਉਨ੍ਹਾਂ ਦੀ ਪ੍ਰਸੰਸਾ ਕਰੋ। ਆਪਣੀ ਆਲੋਚਨਾ ਸੁਣ ਕੇ ਕਦੇ ਨਾ ਭੜਕੋ ਬਲਕਿ ਬਰਦਾਸ਼ਤ ਕਰੋ। ਦੋਗਲਾਪਣ ਨਾ ਰੱਖੋ। ਇਸ ਨਾਲ ਸ਼ਾਂਤੀ ਅਤੇ ਅੰਦਰੂਨੀ ਤਾਲਮੇਲ ਰੱਖਣਾ ਮੁਸ਼ਕਲ ਹੋ ਜਾਂਦਾ ਹੈ ਜਿਸ ਕਾਰਨ ਨਿਰਾਸ਼ਾ ਮਿਲਦੀ ਹੈ। ਇਸ ਅਵਸਥਾ ਵਿਚ ਖ਼ੁਦ ਦੇ ਆਚਰਣ ਰਾਹੀਂ ਸਮਾਜ ਵਿਚ ਇਮਾਨਦਾਰੀ, ਨਿਯਮ-ਪਾਲਣ ਅਤੇ ਕਦਰਾਂ-ਕੀਮਤਾਂ ਸਥਾਪਤ ਕਰਨ ਦੀ ਕੋਸ਼ਿਸ਼ ਕਰੋ। ਨਿਮਰ ਬਣ ਕੇ ਰਹੋ। ਚੰਗਾ ਯਾਦ ਰੱਖੋ ਅਤੇ ਬੁਰਾ ਭੁੱਲ ਜਾਓ। ਦੂਸਰੇ ਕਿਸੇ ਵੀ ਨਜ਼ਰੀਏ ਨਾਲ ਵੇਖਦੇ ਹੋਣ, ਆਪਣੀ ਜ਼ਿੰਦਗੀ ਨੂੰ ਇਸ ਤਰ੍ਹਾਂ ਜੀਓ ਕਿ ਉਨ੍ਹਾਂ ’ਤੇ ਪ੍ਰਭਾਵ ਪਾਇਆ ਜਾ ਸਕੇ।



*ਜੋ ਬੀਤ ਗਿਆ ਉਹ ਵਾਪਸ ਨਹੀਂ ਆਉਣਾ। ਇਸ ਲਈ ਸਾਨੂੰ ਹਰ ਪਲ ਨੂੰ ਖੁੱਲ੍ਹ ਕੇ ਜਿਊਣਾ ਚਾਹੀਦਾ ਹੈ। ਇਹ ਤਾਂ ਹੀ ਹੋ ਸਕਦਾ ਹੈ ਜੇ ਰਿਣਾਤਮਕ ਸੋਚਣੀ ਨੂੰ ਤਿਆਗ ਕੇ ਸਕਾਰਾਤਮਿਕਤਾ ਗ੍ਰਹਿਣ ਕਰੀਏ...*

# ਆਓ ਭੁੱਲਣ ਦੀ ਕਲਾ ਸਿੱਖੀਏ



ਜ਼ਿੰਦਗੀ ਬਹੁਤ ਖ਼ੂਬਸੂਰਤ ਗੁਲਦਸਤਾ ਹੈ। ਪਰ ਅਸੀਂ ਇਸ ਗੁਲਦਸਤੇ ਨੂੰ ਕੰਡਿਆਂ ਨਾਲ ਭਾਵ ਕੁਝ ਅਜਿਹੀਆਂ ਯਾਦਾਂ ਨਾਲ ਸਜਾ ਕੇ ਰੱਖਿਆ ਹੋਇਆ ਹੈ ਜੋ ਜ਼ਿੰਦਗੀ ਨੂੰ ਨੀਰਸ ਤੇ ਬਦ-ਅਸੀਸ ਬਣਾ ਰਹੀਆਂ ਹਨ। ਇਸ ਦਾ ਇਕ ਹੋਰ ਕਾਰਨ ਇਹ ਵੀ ਹੈ ਕਿ ਲੋਕ ਉਨਾਂ ਘਟਨਾਵਾਂ ਤੇ ਅਨੁਭਵਾਂ ਨੂੰ ਯਾਦ ਕਰਨਾ ਪੰਸਦ ਨਹੀਂ ਕਰ ਰਹੇ ਜਿਨ੍ਹਾਂ ਦੁਆਰਾ ਜੀਵਨ ਨੂੰ ਖ਼ੁਸ਼ਹਾਲ ਤੇ ਆਨੰਦਤ ਬਣਾਇਆ ਜਾ ਸਕੇ, ਬਲਕਿ ਉਨ੍ਹਾਂ ਪਲਾਂ ਨੂੰ ਯਾਦ ਕਰਦੇ ਹਨ ਜਿਸ ਨਾਲ ਤੁਸੀਂ ਆਪ ਤਾਂ ਦੁੱਖ ਵਿਚ ਹੁੰਦੇ ਹੀ ਹੋ ਨਾਲ ਦੂਜਿਆਂ ਨੂੰ ਵੀ ਉਸ ਵਿਚ ਧਕੇਲਣ ਦੀ ਕੋਸ਼ਿਸ਼ ਕਰਦੇ ਹੋ। ਅਜਿਹੀ ਸੋਚਣੀ ਦੇ ਮਾਲਕ ਲੋਕ ਕਦੇ ਵੀ ਪ੍ਰੰਸਨਤਾ ਪ੍ਰਾਪਤ ਨਹੀਂ ਕਰ ਸਕਦੇ। ਬੁਰੇ ਸਮੇਂ ਦੇ ਭੱਦੇ ਖ਼ਿਆਲਾਂ ਨੂੰ ਫੜ ਕੇ ਬੈਠੇ ਰਹਿਣਾ ਹੀ ਸਭ ਤੋਂ ਵੱਡੀ ਤ੍ਰਾਸਦੀ ਦਾ ਕਾਰਨ ਬਣ ਜਾਂਦੀ ਹੈ। ਮਨੁੱਖ ਅੱਜ ਕੈਦੀ ਬਣਿਆ ਹੋਏ ਹੈ ਆਪਣੇ ਖ਼ੁਆਬਾਂ ਤੇ ਖ਼ਵਾਹਿਸ਼ਾਂ ਦਾ ਪਰ ਜੇ ਇਹ ਸਾਰਥਿਕ ਨਹੀਂ ਤਾਂ ਉਨ੍ਹਾਂ ਨੂੰ ਆਪਣੀਆਂ ਯਾਦਾਂ ’ਚੋਂ ਬਾਹਰ ਕੱਢ ਕੇ ਨਵੇਂ ਦੀ ਤਲਾਸ਼ ਕਰਨੀ ਚਾਹੀਦੀ ਹੈ। ਮਨੁੱਖ ਗ਼ਲਤੀਆਂ ਦਾ ਪੁਤਲਾ ਹੈ ਤੇ ਗ਼ਲਤੀ ਹੋ ਜਾਣਾ ਕੁਦਰਤੀ ਵੀ ਹੈ ਤੇ ਜੋ ਉਸ ਗ਼ਲਤੀ ਨੂੰ ਮੰਨ ਕੇ, ਉਸ ਨੂੰ ਸੁਧਾਰ ਲੈਂਦੇ ਹਨ ਸਫਲਤਾ ਉਨਾਂ ਦੇ ਹੀ ਕਦਮ ਚੁੰਮਦੀ ਹੈ। ਸਮਝਦਾਰੀ ਵੀ ਇਸੇ ਵਿਚ ਹੈ ਕਿ ਪ੍ਰਾਪਤ ਹੋਏ ਅਨੁਭਵ ਨੂੰ ਪੱਲੇ ਬੰਨ੍ਹ ਕੇ ਸਹੀ ਚੋਣ ਦੀ ਸੋਝੀ ਦਾ ਪ੍ਰਾਪਤ ਹੋਣਾ ਹੈ ਨਾ ਕਿ ਉਸ ਗ਼ਲਤੀ ਨੂੰ ਦੁਹਰਾ ਕੇ ਬੇਵਕੂਫ਼ੀ ਕਰਨਾ। ਇਸ ਤਰ੍ਹਾਂ ਤੁਸੀਂ ਜਦੋਂ ਕੁਝ ਬੁਰਾ ਭੁੱਲਣਾ ਸ਼ੁਰੂ ਕਰਦੇ ਹੋ ਤਾਂ ਉਸ ਨਾਲ ਆਪਣੇ ਤੇ ਦੂਜਿਆਂ ਨੂੰ ਵੀ ਸੁੱਖਮਈ ਜੀਵਨ ਜਿਊਣ ਦਾ ਮੌਕਾ ਦਿੰਦੇ ਹੋ।

ਸਾਡੇ ਨੇਤਾ ਹੀ ਦੇਖ ਲੋ ਜੋ ਕਿ ਆਏ ਦਿਨ ਪ੍ਰਚਾਰ ਤੰਤਰ ਦੇ ਨਾਂ ’ਤੇ ਭੜਕਾਊ ਭਾਸ਼ਣ ਦਿੰਦੇ ਹਨ। ਜਿਸ ਨਾਲ ਬੀਤੀਆਂ ਸੰਪ੍ਰਦਾਇਕ ਘਟਨਾਵਾਂ ਨੂੰ ਮੁੜ-ਮੁੜ ਕੇ ਤਾਜ਼ਾ ਕੀਤਾ ਜਾਂਦਾ ਹੈ ਤੇ ਦੇਸ਼ ਵਿਚ ਅਰਾਜਕਤਾ ਦਾ ਮਾਹੌਲ ਪੈਦਾ ਕਰ ਦਿੱਤਾ ਜਾਂਦਾ ਹੈ। ਜੇਕਰ ਨੇਤਾ ਬੀਤੀਆਂ ਘਟਨਾਵਾਂ ਨੂੰ ਭੁੱਲਾ ਕੇ ਨਵੇਂ ਵਿਚਾਰਾਂ ਤੇ ਨਵੀਆਂ ਨੀਤੀਆਂ ਬਣਾ ਕੇ ਨਵ-ਸਿਰਜਣਾ ਕਰੇ ਤਾਂ ਹੀ ਸਾਡਾ ਸਮਾਜ ਤਰੱਕੀ ਕਰ ਸਕੇਗਾ।

ਭਾਰਤ-ਪਾਕਿ ਵਿਚ ਹੋ ਚੁੱਕੀਆਂ ਲੜਾਈਆਂ ਦੇ ਕਾਰਨ ਭਾਵੇਂ ਜੋ ਵੀ ਸੀ। ਉਹ ਉਸ ਸਮੇਂ ਦੀਆਂ ਸਥਿਤੀਆਂ ਦੀ ਪੈਦਾਵਾਰ ਸਨ ਪਰ ਜੇ ਅਜੋਕੇ ਸਮੇਂ ਦੇ ਨੇਤਾ ਉਨ੍ਹਾਂ ਹਾਦਸਿਆਂ ਨੂੰ ਆਧਾਰ ਬਣਾ ਕੇ ਸੱਤਾ ਤੇ ਰਾਜ ਕਰਦੇ ਹਨ ਤਾਂ ਇਸ ਵਿਚ ਕੋਈ ਸਿਆਣਪ ਨਹੀਂ ਰਹਿ ਜਾਂਦੀ। ਜੇਕਰ ਉਨ੍ਹਾਂ ਗੱਲਾਂ ਨੂੰ ਭੁੱਲਾ ਕੇ ਕੋਈ ਨੇਤਾ ਦੂਜੇ ਦੇਸ਼ ਨਾਲ ਮੁੜ ਸਾਂਝ ਕਾਇਮ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਸਾਨੂੰ ਉਸ ਨਾਲ ਸਹਿਮਤੀ ਪ੍ਰਗਟਾਉਣੀ ਚਾਹੀਦੀ ਹੈ ਨਾ ਕਿ ਪਿਛਲਝਾਤ ਮਾਰਨੀ ਚਾਹੀਦੀ ਹੈ। ਦੋਵੇਂ ਦੇਸ਼ਾਂ ਨੂੰ ਅਮਨ ਤੇ ਸ਼ਾਂਤੀ ਨਾਲ ਹਰ ਗੱਲ ਦਾ ਨਿਪਟਾਰਾ ਕਰਨਾ ਚਾਹੀਦਾ ਹੈ ਪਰ ਜੇ ਪਿੱਛਲਝਾਤ ਹੀ ਰੱਖੀ ਤਾਂ ਤੁਸੀਂ ਕਦੇ ਵੀ ਅਗਾਂਹ ਵਧੂ ਸੋਚ ਦੇ ਧਾਰਨੀ ਨਹੀਂ ਬਣ ਸਕਦੇ। ਇਸ ਬਾਰੇ ਇਕ ਕਥਾ ਸੁਣਾਉਂਦੀ ਹਾਂ, ਇਕ ਵਾਰ ਦੋ ਭਿਖਸ਼ੂ ਯਾਤਰਾ ’ਤੇ ਸਨ। ਅੱਗੇ ਇਕ ਬਰਸਾਤੀ ਨਾਲ਼ਾ ਬੜੇ ਉਫ਼ਾਨ ’ਤੇ ਸੀ। ਵਰਖਾ ਸੀ ਕਿ ਰੁਕਣ ਦਾ ਨਾਂ ਹੀ ਨਹੀਂ ਸੀ ਲੈ ਰਹੀ। ਦੋਹਾਂ ਭਿਖਸ਼ੂਆਂ ਨੇ ਕਿਨਾਰੇ ’ਤੇ ਖੜ੍ਹੀ, ਪੂਰੀ ਤਰ੍ਹਾਂ ਭਿੱਜੀ ਹੋਈ ਕੰਨਿਆਂ ਨੂੰ ਦੇਖਿਆ ਜੋ ਨਾਲ਼ਾ ਪਾਰ ਕਰਨ ਦੀ ਉਡੀਕ ਕਰ ਰਹੀ ਸੀ। ਉਸ ਦੇ ਇਕ ਹੱਥ ਵਿਚ ਚੌਲਾਂ ਦੀ ਪੋਟਲੀ ਫੜੀ ਸੀ। ਉਮਰ ਵਿਚ ਛੋਟੇ ਭਿਖਸ਼ੂ ਨੇ ਕਿਹਾ, ‘ਆ ਮੇਰੀ ਪਿੱਠ ’ਤੇ ਬਹਿ ਜਾ। ਮੈਂ ਤੈਨੂੰ ਨਾਲ਼ਾ ਪਾਰ ਕਰਵਾ ਦਿੰਦਾ ਹਾਂ। ਕੰਨਿਆਂ ਪਹਿਲਾਂ ਤਾਂ ਝਿਜਕੀ ਪਰ ਫਿਰ ਕੁਝ ਸੋਚ ਕੇ ਭਿਖਸ਼ੂ ਦੀ ਪਿੱਠ ’ਤੇ ਬਹਿ ਗਈ। ਨਾਲ਼ਾ ਪਾਰ ਕਰਨ ਤੋਂ ਬਾਅਦ ਉਹ ਭਿਖਸ਼ੂ ਦਾ ਧੰਨਵਾਦ ਕਰ ਕੇ ਆਪਣੇ ਪਿੰਡ ਨੂੰ ਤੁਰ ਗਈ। ਦੂਜੀ ਸਵੇਰ ਵੱਡੇ ਭਿਖਸ਼ੂ ਨੇ ਪੁੱਛਿਆ, ‘ਕੱਲ੍ਹ ਤੂੰ ਉਸ ਕੁੜੀ ਨੂੰ ਛੋਹਿਆ। ਤੂੰ ਸੰਨਿਆਸੀ ਹੋ ਕੇ ਅਜਿਹਾ ਕਿਉਂ ਕੀਤਾ। ਛੋਟਾ ਭਿਖਸ਼ੂ ਇਹ ਸੁਣ ਕੇ ਜ਼ੋਰ ਦੀ ਹੱਸਿਆ ਤੇ ਬੋਲਿਆ, ‘ਮੈਂ ਤਾਂ ਕੱਲ੍ਹ ਜੋ ਵਾਪਰਿਆ ਸੀ, ਭੁੱਲ ਵੀ ਗਿਆ ਹਾਂ ਪਰ ਤੂੰ ਉਹ ਵਿਚਾਰੀ ਅਬਲਾ ਨੂੰ ਆਪਣੇ ਅਵਚੇਤਨ ਵਿਚ ਅਜੇ ਵੀ ਚੁੱਕਿਆ ਹੋਇਆ ਏ। ਧੰਨ ਹੋ ਤੁਸੀਂ ਭੰਤੇ! ਮੈਂ ਤਾਂ ਉਸ ਨੂੰ ਕਦੋਂ ਦਾ ਭੁੱਲ ਚੁੱਕਿਆਂ। ‘ਸੋ ਕੁਝ ਇਹੋ ਹਾਲ ਸਾਡੇ ਸਮਾਜ ਦੇ ਲੋਕਾਂ ਦਾ ਵੀ ਹੈ। ਵਰਤਮਾਨ ਵਿਚ ਤਾਂ ਅਸੀਂ ਜਿਉਂ ਹੀ ਨਹੀਂ ਰਹੇਂ। ਪੁਰਾਣੀਆਂ ਯਾਦਾਂ ਵਿਚ ਹੀ ਪਿਸ ਰਹੇਂ ਹਾਂ।



• ਜੋਤੀ



ਪਰਿਵਾਰਕ ਰਿਸ਼ਤੇ, ਸਾਕ ਸਬੰਧੀਆਂ ਤੇ ਮਿੱਤਰਾਂ ਨਾਲ ਪੈਦ ਹੋ ਰਹੀ ਖੱਟਾਸ ਦਾ ਕਾਰਨ ਵੀ ਇਕ ਦੂਜੇ ਤੋਂ ਹੋਈਆਂ ਗ਼ਲਤੀ ਨੂੰ ਨ ਭੁੱਲਣਾ ਹੀ ਹੈ। ਅੰਮ੍ਰਿਤਾ ਪ੍ਰੀਤਮ ਦ ਇਕ ਨਾਵਲ ਹੈ ‘ਪਿੰਜਰ’ ਜਿਸ ਵਿ ਪੂਰੋ ਨਾਂ ਦੀ ਕੁੜੀ ਨੂੰ ਰਸ਼ੀਦਾ ਨਾਂ ਦ ਲੜਕਾ ਉਧਾਲ ਕੇ ਲੈ ਜਾਂਦਾ ਹੈ। ਉ ਨੂੰ ਲੈ ਜਾਣ ਦਾ ਕਾਰਨ ਪੁਸ਼ਤਾਨ ਦੁਸ਼ਮਣੀ ਸੀ ਪਰ ਬਾਅਦ ਵਿਚ ਉ ਆਪਣੀ ਇਸ ਗ਼ਲਤੀ ਲਈ ਸਾਰ ਉਮਰ ਪਛਤਾਉਂਦਾ ਹੈ ਉਨ੍ਹਾਂ ਦੀ ਉ ਦੁਸ਼ਮਣੀ ਨੇ ਪੂਰੋ ਦੀ ਜ਼ਿੰਦਗੀ ਬਰਬਾ ਕਰ ਦਿੱਤੀ। ਹੁਣ ਗੱਲ ਇਹ ਹੈ ਕਿ ਰਸ਼ੀਦਾ ਉਸ ਦੁਸ਼ਮਣੀ ਨੂੰ ਭੁੱਲ ਚੁੱਕ ਹੁੰਦਾ ਤਾਂ ਸ਼ਾਇਦ ਪੂਰੋ ਆਪਣੇ ਘ ਸੁਖੀ ਵਸਦੀ ਹੁੰਦੀ ਤੇ ਰਸ਼ੀਦਾ ਵੀ।

ਕੁਝ ਅਜਿਹੀਆਂ ਘਟਨਾਵਾਂ ਸਾਡੇ ਤਨ ਤੇ ਮਨ ਦੋਵਾਂ ਨੂੰ ਦੂਸ਼ਿ ਕਰਦੀਆਂ ਹਨ ਉਨ੍ਹਾਂ ਦਾ ਤਿਆਗ ਕਰਨਾ ਹੀ ਬਿਹਤਰ ਹੈ। ਜਦੋਂ ਅਸ ਕੁਝ ਗੱਲਾਂ ਨੂੰ ਨਹੀਂ ਭੁੱਲਦੇ ਫਿ ਉਸ ਨਾਲ ਸਾਡਾ ਤਨ ਤੇ ਮਨ ਦੋਵੇਂ ਹੀ ਕਸ਼ਟ ਵਿੱਚੋਂ ਗੁਜ਼ਰ ਰਹੇ ਹੁੰਦੇ ਹ ਤੇ ਇਸ ਪੀੜਾ ਤੋਂ ਮੁਕਤੀ ਲਈ ਲੋਕ ਨਸ਼ੀਲੀਆਂ ਦਵਾਈਆਂ, ਨਸ਼ਿਆਂ ਕਈ ਮੈਡੀਟੇਸ਼ਨ ਦਾ ਪ੍ਰਯੋਗ ਕਰ ਲੱਗ ਜਾਂਦੇ ਹਨ। ਲੋਕ ਆਪਣ ਜ਼ਿੰਦਗੀ ਨੂੰ ਭਰਮ ਵਿਚ ਗੁਜ਼ਾਰ ਰ ਹਨ। ਅਜਿਹੇ ਭਰਮ ਜੋ ਸਾਡੇ ਖ਼ੁਦ ਸਿਰਜੇ ਹੋਏ ਹਨ। ਅਸੀਂ ਇਨ੍ਹਾਂ ਭਰਮ ਵਿੱਚੋਂ ਬਾਹਾਰ ਨਹੀਂ ਆਉਂਦੇ। ਅਸ ਇਨ੍ਹਾਂ ਭਰਮਾਂ ਵਿਚ ਹੀ ਪਲ-ਪਲ ਤਿਲ-ਤਿਲ ਕਰ ਕੇ ਦਮ ਤੋੜ ਦਿੰਦੇ ਹਾਂ

ਜ਼ਿੰਦਗੀ ਬਹੁਤ ਛੋਟੀ ਹੈ, ਸਮ ਬਹੁਤ ਤੇਜ਼ ਚਾਲ ਚੱਲ ਰਿਹਾ ਹੈ ਜੋ ਬੀਤ ਗਿਆ ਉਹ ਵਾਪਸ ਨਹੀ ਆਉਣਾ। ਇਸ ਲਈ ਸਾਨੂੰ ਹ ਪਲ ਨੂੰ ਖੁੱਲ੍ਹ ਕੇ ਜਿਊਣਾ ਚਾਹੀਦ ਹੈ। ਇਹ ਤਾਂ ਹੀ ਹੋ ਸਕਦਾ ਹੈ ਰਿਣਾਤਮਕ ਸੋਚਣੀ ਨੂੰ ਤਿਆਗ ਸਕਾਰਾਤਮਿਕਤਾ ਗ੍ਰਹਿਣ ਕਰੀਏ ਸੁਰਜੀਤ ਪਾਤਰ ਦੀ ਇਕ ਕਵਿਤਾ ਹੈ

ਦੂਰ ਜੇਕਰ ਅਜੇ ਸਵੇਰਾ ਹੈ,
ਇਸ ’ਚ ਕਾਫ਼ੀ ਕਸੂਰ ਮੇਰਾ ਹੈ,
ਮੈਂ ਕਿਵੇਂ ਕਾਲੀ ਰਾਤ ਨੂੰ ਕੋਸਾਂ,
ਮੇਰੇ ਦਿਲ ਵਿਚ ਹੀ ਜਦ ਹਨੇਰਾ ਹੈ

ਦੋਸਤੋ ਆਪਣੇ ਮਨ ’ਚ ਪਏ ਨ੍ਹੇ ਨੂੰ ਦੂਰ ਕਰੀਏ ਤੇ ਇਕ ਨਵੀਂ ਸਵੇ ਸਿਰਜੀਏ। ਆਓ ਭੁੱਲਣ ਦੀ ਕਲ ਸਿੱਖੀਏ ਤੇ ਜੀਵਨ ਨੂੰ ਖ਼ੁਸ਼ੀਆਂ ਭ ਰਾਹ ਵੱਲ ਲੈ ਜਾਈਏ •

## ਕਲਮਾਂ ਦਾ ਕਾਫ਼ਲਾ

# ਸਭ ਤੋਂ ਪੁਰਾਣੀ ਅਤੇ ਸਰਗਰਮ ਪੰਜਾਬੀ ਸਾਹਿਤ ਸਭਾ ਗੁਰਦਾਸਪੁਰ

*ਜਿੱਥੇ ਦੁਨੀਆ ਅਹੁਦਿਆਂ ਦੀ ਦੌੜ ਵਿਚ ਇਕ ਦੂਜੇ ਨੂੰ ਪਛਾੜਨ ਦੀ ਕੋਸ਼ਿਸ਼ ਕਰਦੀ ਹੈ ਉੱਥੇ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਅਤੇ ਪ੍ਰੀਤਮ ਸਿੰਘ ਦਰਦੀ ਨੇ ਸਭਾ ਦੇ ਹੋਰ ਮੈਂਬਰਾਂ ਨਾਲ ਸਲਾਹ ਕਰ ਕੇ 1971 ਵਿਚ ਸਹਿਮਤੀ ਨਾਲ ਪ੍ਰਿੰਸੀਪਲ ਸੁਜਾਨ ਸਿੰਘ ਨੂੰ ਸਭਾ ਦਾ ਪ੍ਰਧਾਨ ਚੁਣ ਲਿਆ...*



• ਤਰਸੇਮ ਸਿੰਘ ਭੰਗੂ
94656-56214

ਇਹ ਸਭਾ ਜ਼ਿਲ੍ਹਾ ਗੁਰਦਾਸਪੁਰ ਦੀਆਂ ਸਮੂਹ ਸਾਹਿਤ ਸਭਾਵਾਂ ਵਿੱਚੋਂ ਸਭ ਤੋਂ ਪੁਰਾਣੀ ਅਤੇ ਸਰਗਰਮ ਸਭਾ ਰਹੀ ਹੈ। ਇਸ ਸਭਾ ਦੀ ਸਥਾਪਨਾ ਪ੍ਰੀਤਮ ਸਿੰਘ ਦਰਦੀ ਨੇ ਉਸਤਾਦ ਬਰਕਤ ਰਾਮ ਯੁਮਨ ਦੀ ਸਰਪ੍ਰਸਤੀ ਹੇਠ 1965 ਵਿਚ ਕੀਤੀ ਸੀ। 1966 ਵਿਚ ਪੰਜਾਬੀ ਸੂਬਾ ਬਣਿਆ, ਉਸ ਵੇਲੇ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਸ਼ਿਮਲੇ ਪੜ੍ਹਾਉਂਦੇ ਸਨ। 1967 ਵਿਚ ਕਿਰਪਾਲ ਸਿੰਘ ਯੋਗੀ ਦੀ ਬਤੌਰ ਪ੍ਰੋਫੈਸਰ ਸਰਕਾਰੀ ਕਾਲਜ ਗੁਰਦਾਸਪੁਰ ਵਿਚ ਨਿਯੁਕਤੀ ਹੋ ਗਈ। ਉਨ੍ਹਾਂ ਨੇ ਪ੍ਰੀਤਮ ਸਿੰਘ ਦਰਦੀ ਜੀ ਨਾਲ ਮਿਲ ਕੇ ਇਸ ਸਭਾ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕੀਤਾ ਤੇ ਬਕਾਇਦਾ ਮਾਸਿਕ ਇਕੱਤਰਤਾਵਾਂ ਸ਼ੁਰੂ ਹੋ ਗਈਆਂ।

1970 ਵਿਚ ਪੰਜਾਬੀ ਕਹਾਣੀ ਦੇ ਪਿਤਾਮਾ ਪ੍ਰਿੰਸੀਪਲ ਸੁਜਾਨ ਸਿੰਘ ਜੀ ਨਵੇਂ ਖੁੱਲ੍ਹੇ ਗੁਰੂ ਨਾਨਕ ਕਾਲਜ ਗੁਰਦਾਸਪੁਰ ਵਿਚ ਬਤੌਰ ਪ੍ਰਿੰਸੀਪਲ ਆ ਗਏ। ਜਿੱਥੇ ਦੁਨੀਆ ਅਹੁਦਿਆਂ ਦੀ ਦੌੜ ਵਿਚ ਇਕ ਦੂਜੇ ਨੂੰ ਪਛਾੜਨ ਦੀ ਕੋਸ਼ਿਸ਼ ਕਰਦੀ ਹੈ ਉੱਥੇ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ ਅਤੇ ਪ੍ਰੀਤਮ ਸਿੰਘ ਦਰਦੀ ਨੇ ਸਭਾ ਦੇ ਹੋਰ ਮੈਂਬਰਾਂ ਨਾਲ ਸਲਾਹ ਕਰ ਕੇ 1971 ਵਿਚ ਸਹਿਮਤੀ ਨਾਲ ਪ੍ਰਿੰਸੀਪਲ ਸੁਜਾਨ [illegible] ਪ੍ਰਭਾਵ ਹੀ ਸੀ ਜੋ ਤਾਉਮਰ ਸਭਾ ਦੇ ਪ੍ਰਧਾਨ ਰਹੇ। ਉਨ੍ਹਾਂ ਦੀ ਅਗਵਾਈ ਵਿਚ ਮੈਂਬਰਾਂ ਦੀ ਗਿਣਤੀ ’ਚ ਚੋਖਾ ਵਾਧਾ ਹੋਇਆ। ਇਸ ਸਭਾ ਵਿਚ ਉਰਦੂ ਅਤੇ ਹਿੰਦੀ ਦੇ ਲੇਖਕ ਵੀ ਜੁੜੇ ਜੋ ਦੂਰੋਂ-ਦੂਰੋਂ ਪਹੁੰਚ ਕੇ ਸਭਾ ਦੇ ਸਮਾਗਮਾਂ ਵਿਚ ਸ਼ਿਰਕਤ ਕਰਦੇ ਸਨ। ਉਨ੍ਹਾਂ ਇਕ ਸੁਝਾਅ ਰਖਿਆ ਕਿ ‘ਪੰਜਾਬੀ ਸਾਹਿਤ ਸਭਾ ਗੁਰਦਾਸਪੁਰ’ ਦੀ ਜਗ੍ਹਾ ਸਭਾ ਦਾ ਨਾਂ ‘ਸਾਹਿਤ ਸਭਾ ਗੁਰਦਾਸਪੁਰ’ ਹੋਣਾ ਚਾਹੀਦਾ ਹੈ। ਕਿਉਂਕਿ ਦੂਸਰੀਆਂ ਭਾਸ਼ਾਵਾਂ ਦੇ ਲੇਖਕ ਵੀ ਜੁੜੇ ਹੋਏ ਹਨ। ਇਹ ਸੁਝਾਅ ਸਰਬਸੰਮਤੀ ਨਾਲ ਮੰਨ ਲਿਆ ਗਿਆ।

ਪ੍ਰਿੰਸੀਪਲ ਜੀ ਦੇ ਸੁਝਾਅ ਨਾਲ ਸਭਾ ਦੀ ਰਜਿਸਟ੍ਰੇਸ਼ਨ ‘ਸਾਹਿਤ ਸਭਾ ਗੁਰਦਾਸਪੁਰ’ ਦੇ ਨਾਂ ’ਤੇ ਕਰਵਾਈ ਗਈ ਜੋ ਉਦੋਂ ਬਹੁਤ ਜ਼ਰੂਰੀ ਸੀ। ਉਦੋਂ ਤਕ ਜ਼ਿਲ੍ਹੇ ਦੇ ਪ੍ਰਮੁੱਖ ਲੇਖਕਾਂ ਤੋਂ ਇਲਾਵਾ ਭੁਪਿੰਦਰ ਸਿੰਘ ਪੀ.ਸੀ.ਐੱਸ., ਐੱਸ. ਕੇ.ਰਾਮ ਪਾਲ (ਦੋ ਆਂਖੇਂ ਬਾਰ੍ਹਾਂ ਹਾਥ’ ਫਿਲਮ ਦੀ ਕਹਾਣੀ ਦੇ ਲੇਖਕ), ਮਨਮੋਹਨ ਅਨੰਦ (ਫਿਲਮੀ ਐਕਟਰ ਦੇਵ ਆਨੰਦ ਦੇ ਭਰਾ), ਕਾਮਰੇਡ ਰਤਨ ਲਾਲ ਐਮ. ਐਲ.ਏ., ਧਿਆਨ ਸਿੰਘ ਸ਼ਾਹ ਸਿਕੰਦਰ, ਜਸਵੰਤ ਸਿੰਘ ਰਾਹੀ, ਮੇਦਨ ਸਿੰਘ ਮੇਦਨ (ਤੇਜਾ ਸਿੰਘ ਸੁਤੰਤਰ ਦੇ ਭਰਾ), ਜਨਕ ਰਾਜ ਕੰਵਲ, ਪੂਰਨ ਚੰਦ ਆਸਿਮ, ਡਾ. ਅਸ਼ੋਕ ਹਸਤੀਰ, ਵਿਸ਼ਨੂੰ ਗੁਰਦਾਸਪੁਰੀ, ਪੀ.ਸੀ. ਵਫ਼ਾ ਅਤੇ ਕਈ ਹੋਰ ਨਾਮੀ ਗ੍ਰਾਮੀ ਸਾਹਿਤਕ ਹਸਤੀਆਂ ਸਭਾ ਨਾਲ ਜੁੜ ਚੁੱਕੀਆਂ ਸਨ। ਅਹੁਦੇਦਾਰਾਂ ਵਿੱਚੋਂ ਪ੍ਰਿੰ. ਸੁਜਾਨ ਸਿੰਘ ਜੀ ਤੋਂ ਇਲਾਵਾ ਪ੍ਰੀਤਮ ਸਿੰਘ ਦਰਦੀ, ਪ੍ਰੋ. ਕਿਰਪਾਲ ਸਿੰਘ ਯੋਗੀ, ਬੀਬਾ ਬਲਵੰਤ, ਆਰ ਨੀਲਮ, ਬਲਵੰਤ ਸਿੰਘ ਸਬਜ਼ਾ, ਅਵਤਾਰ ਸਿੰਘ ਸਿੱਧੂ, ਕਮਲਜੀਤ ਕਮਲ ਅਤੇ ਕਾਮਰੇਡ ਮੁਲਖ਼ ਰਾਜ ਦੁਆਰਾ ਸਭਾ ਦੀਆਂ ਗਤੀਵਿਧੀਆਂ ਤੇਜ਼ ਕਰਨ ਵਿਚ ਵਿਸ਼ੇਸ਼ ਯੋਗਦਾਨ ਪਾਇਆ ਗਿਆ।

### ਸਭਾ ਦੇ ਵਿਸ਼ੇਸ਼ ਸਮਾਗਮ

10 ਮਈ 1975 ਨੂੰ ਪ੍ਰਿੰਸੀਪਲ ਸੁਜਾਨ ਸਿੰਘ ਜੀ ਦੀ ਅਗਵਾਈ ਹੇਠ ਆਲ [illegible] ਗਰਾਉਂਡ ਵਿਚ ਆਯੋਜਿਤ ਕੀਤਾ ਗਿਆ। ਜਿਸ ਵਿਚ ਹੋਰਨਾਂ ਤੋਂ ਇਲਾਵਾ ਉਰਦੂ ਦੇ ਨਾਮਵਰ ਸ਼ਾਇਰ ਡਾ. ਬਸ਼ੀਰ ਬਦਰ, ਸਾਹਿਰ ਹੁਸ਼ਿਆਰਪੁਰੀ ਅਤੇ ਪੰਜਾਬੀ ਦੇ ਉੱਚ ਕੋਟੀ ਦੇ ਕਵੀ ਪ੍ਰੋ. ਮੋਹਨ ਸਿੰਘ ਤੇ ਐੱਸ. ਐੱਸ. ਮੀਸ਼ਾ ਸ਼ਾਮਿਲ ਹੋਏ। ਰਜਵੰਤ ਸਿੰਘ ਕੰਗ ਡਿਪਟੀ ਕਮਿਸ਼ਨਰ ਨੇ ਪ੍ਰਧਾਨਗੀ ਕੀਤੀ ਅਤੇ ਡਿਪਟੀ ਉਦਯੋਗ ਮੰਤਰੀ ਖ਼ੁਸ਼ਹਾਲ ਬਹਿਲ ਨੇ ਉਦਘਾਟਨ ਕੀਤਾ। ਮੁਸ਼ਾਇਰੇ ਦੀ ਸਮੁੱਚੀ ਕਾਰਵਾਈ ਆਲ ਇੰਡੀਆ ਰੇਡੀਓ ਤੋਂ ਨਸ਼ਰ ਕੀਤੀ ਗਈ। 12 ਫਰਵਰੀ 1978 ਨੂੰ ਸਾਹਿਤ ਅਕਾਦਮੀ ਪੁਰਸਕਾਰ ਵਿਜੇਤਾ ਐੱਸ. ਐੱਸ. ਮੀਸ਼ਾ ਦਾ ਸਨਮਾਨ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਪ੍ਰਿੰ. ਸੁਜਾਨ ਸਿੰਘ ਨੇ ਕੀਤੀ। 16-17 ਸਤੰਬਰ 1978 ਨੂੰ ਦੋ ਦਿਨਾ ਕਵੀ ਦਰਬਾਰ ਅਤੇ ਕਹਾਣੀ [illegible] ਰਾਮਪਾਲ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋ. ਪ੍ਰੀਤਮ ਸਿੰਘ ਇਸ ਸਮਾਗਮ ਦੇ ਮੁੱਖ ਮਹਿਮਾਨ ਸਨ।

10-11 ਨਵੰਬਰ 1979 ਨੂੰ ਬੀਬਾ ਬਲਵੰਤ ਦੇ ਉੱਦਮ ਨਾਲ ਜ਼ਿਲ੍ਹਾ ਪ੍ਰੀਸ਼ਦ ਹਾਲ ਵਿਚ ਦੋ ਦਿਨਾ ਕਹਾਣੀ ਗੋਸ਼ਟੀ ਦਾ ਪ੍ਰਬੰਧ ਕੀਤਾ ਗਿਆ। ਜਿਸ ਵਿਚ ਕਿਰਪਾਲ ਕਜ਼ਾਕ, ਜਸਬੀਰ ਭੁੱਲਰ, ਜੁਗਿੰਦਰ ਕੈਰੋਂ, ਦਲਬੀਰ ਚੇਤਨ, ਪ੍ਰੇਮ ਗੋਰਖੀ, ਵਰਿਆਮ ਸੰਧੂ, ਮੁਖਤਾਰ ਗਿੱਲ ਅਤੇ ਹੋਰ ਕਈ ਕਹਾਣੀਕਾਰ ਸ਼ਾਮਲ ਹੋਏ। ਪ੍ਰਿੰ. ਸੁਜਾਨ ਸਿੰਘ ਨੇ ਪ੍ਰਧਾਨਗੀ ਕੀਤੀ ਅਤੇ ਜਸਵੰਤ ਸਿੰਘ ਵਿਰਦੀ ਇਸ ਸਮਾਗਮ ਦੇ ਮੁੱਖ ਮਹਿਮਾਨ ਸਨ। 25 ਅਗਸਤ 1985 ਨੂੰ ਪ੍ਰਿੰ. ਐੱਸ. ਐੱਸ. ਅਮੋਲ ਦੀ ਪ੍ਰਧਾਨਗੀ ਹੇਠ ਸੈਣੀ ਗੈਸਟ ਹਾਊਸ ਵਿਖੇ ਪ੍ਰਿੰ. ਸੁਜਾਨ ਸਿੰਘ ਨੂੰ ਸਨਮਾਨਿਤ ਕੀਤਾ [illegible] ਉਰਦੂ ਦੇ ਨਾਮਵਰ ਸ਼ਾਇਰ ਜਨਕ ਰਾਜ ਕੰਵਲ, ਹਿੰਦੀ ਸੰਸਕ੍ਰਿਤ ਦੇ ਵਿਦਵਾਨ ਡਾਕਟਰ ਸੀ. ਡੀ. ਸ਼ਾਸਤਰੀ ਅਤੇ ਪੰਜਾਬੀ ਦੇ ਉੱਘੇ ਸ਼ਾਇਰ ਪ੍ਰੀਤਮ ਸਿੰਘ ਦਰਦੀ ਨੂੰ ਪ੍ਰਿੰ. ਐੱਸ.ਕੇ. ਖੰਨਾ ਅਤੇ ਖ਼ੁਸ਼ਹਾਲ ਬਹਿਲ ਦੁਆਰਾ ਸਨਮਾਨਿਤ ਕੀਤਾ ਗਿਆ। ਸਭਾ ਦੇ ਮੈਂਬਰਾਂ ਦੀ ਗਿਣਤੀ ਵੀ ਬਹੁਤ ਹੋ ਗਈ ਸੀ।

ਪ੍ਰਿੰਸੀਪਲ ਸੁਜਾਨ ਸਿੰਘ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ ਵਿਚ ਸੀਨੀਅਰ ਮੀਤ ਪ੍ਰਧਾਨ ਦਾ ਅਹੁਦਾ ਵੀ ਮਿਲ ਗਿਆ। ਉਹ ਦੋਵੇਂ ਅਹੁਦਿਆਂ ’ਤੇ ਨਾਲੋ-ਨਾਲ ਕੰਮ ਕਰਦੇ ਰਹੇ। ਉਨ੍ਹਾਂ ਦੀ ਪ੍ਰਧਾਨਗੀ ਸਮੇਂ ਸਭਾ ਦੇ ਅਹੁਦੇਦਾਰਾਂ ਦੀ ਚੋਣ ਹਮੇਸ਼ਾ ਸਰਬਸੰਮਤੀ ਨਾਲ ਹੀ ਹੁੰਦੀ ਰਹੀ। ਉਨ੍ਹਾਂ ਦੇ ਅਕਾਲ ਚਲਾਣੇ ਤੋਂ ਬਾਅਦ ਇਕ ਮੈਂਬਰ ਨੇ ਸਭਾ ਵਿਚ ਖ਼ਾਸ ਅਹੁਦੇ ਦੀ [illegible] ਬਾਕੀ ਮੈਂਬਰਾਂ ਦੀ ਸਹਿਮਤੀ ਨਾ ਬਣੀ। ਸੋ ਉਸ ਮੈਂਬਰ ਨੇ ਸਭਾ ਦੇ ਤਿੰਨ ਹੋਰ ਮੈਂਬਰ ਆਪਣੇ ਨਾਲ ਗੰਢ ਕੇ ਵੱਖਰੀ ਸਭਾ ਬਣਾ ਲਈ ਜਿਸ ਨਾਲ ‘ਸਾਹਿਤ ਸਭਾ ਗੁਰਦਾਸਪੁਰ’(ਰਜਿ) ਲਿਖਣਾ ਸ਼ੁਰੂ ਕਰ ਦਿੱਤਾ ਕਿਉਂਕਿ ਸਭਾ ਦਾ ਰਜਿਸਟ੍ਰੇਸ਼ਨ ਸਰਟੀਫ਼ਿਕੇਟ ਉਕਤ ਮੈਂਬਰ ਨਾਲ ਗਏ ਇਕ ਮੈਂਬਰ ਦੇ ਕਬਜ਼ੇ ਵਿਚ ਸੀ।

ਕੁਝ ਸਮਾਂ ਕੇਂਦਰੀ ਪੰਜਾਬੀ ਲੇਖਕ ਸਭਾ ਕੋਲ ਹਰ ਸਾਲ ਮੈਂਬਰ ਸੂਚੀ ‘ਸਾਹਿਤ ਸਭਾ ਗੁਰਦਾਸਪੁਰ ਰਜਿ’ 1 ਅਤੇ 2 ਦੇ ਨਾਵਾਂ ਹੇਠ ਛਪਦੀ ਰਹੀ। ਉਸ ਵੇਲੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਡਾ. ਐੱਸ. ਤਰਸੇਮ ਸਨ। ਜਦੋਂ ਉਨ੍ਹਾਂ ਪੁੱਛਿਆ ਕਿ ਤੁਸੀਂ ਇਕ ਨਾਂ ਦੋ ਸਭਾਵਾਂ ਲਈ ਕਿਉਂ ਵਰਤ ਰਹੇ ਹੋ? ਤਾਂ ਉਸ ਵੇਲੇ ਸਭਾ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ [illegible] ਨਹੀਂ ਹੈ।’ ਉਨ੍ਹਾਂ ਕਿਹਾ,‘ ਛੱਡੋ ਪਰਾਂ, ਤੁਸੀਂ ਆਪਣੀ ਸਭਾ ਦਾ ਨਾਂ ਬਦਲ ਲਓ’। ਉਸ ਵੇਲੇ ਫਿਰ ਸਭਾ ਦਾ ਨਾਂ ‘ਪੰਜਾਬੀ ਸਾਹਿਤ ਸਭਾ ਗੁਰਦਾਸਪੁਰ’ ਰੱਖ ਕੇ ਪੂਰੇ ਵਰਵੇ ਸਹਿਤ ਅਖ਼ਬਾਰਾਂ ’ਚ ਖ਼ਬਰ ਦਿੱਤੀ ਕਿ ਸਭਾ ਦਾ ਨਾਂ ਇਸ ਲਈ ਬਦਲਿਆ ਹੈ ਕਿ ਰਜਿਸਟ੍ਰੇਸ਼ਨ ਵੱਖ ਹੋ ਕੇ ਬਣੀ ਸਭਾ ਕੋਲ ਹੈ। ਅਗਲੇ ਦਿਨ ਉਕਤ ਸਭਾ ਦੇ ਮੁਖੀ ਪ੍ਰੋ. ਕਿਰਪਾਲ ਸਿੰਘ ਯੋਗੀ ਦੇ ਘਰ ਆ ਕੇ ਕਾਫ਼ੀ ਖ਼ਫਾ ਹੋਏ ਕਿ ਰਜਿਸਟ੍ਰੇਸ਼ਨ ਸਰਟੀਫ਼ਿਕੇਟ ਮੇਰੇ ਕੋਲ ਨਹੀਂ ਹੈ, ਤੁਸੀਂ ਇਹ ਖ਼ਬਰ ਕਿਉਂ ਲਵਾਈ ਹੈ? ਤਾਂ ਯੋਗੀ ਜੀ ਨੇ ਬੜੇ ਠਰ੍ਹੰਮੇ ਨਾਲ ਕਿਹਾ ਕਿ ਜੇ ਤੁਹਾਡੇ ਕੋਲ ਨਹੀਂ ਹੈ ਤਾਂ ਫਿਰ ਤੁਸੀਂ ਰਜਿਸਟਰਡ ਕਿਉਂ ਲਿਖਦੇ ਹੋ? ਜੋ ਕਾਨੂੰਨਨ ਵੀ ਤੇ ਨੈਤਿਕ ਆਧਾਰ ’ਤੇ ਵੀ ਗ਼ਲਤ ਹੈ। ਇਸ ਦਾ ਜੁਆਬ ਦਿੱਤੇ ਬਗ਼ੈਰ ਉਹ ਸ਼ਖ਼ਸ ਚੁੱਪ [illegible] ਦੇ ਨਾਂ ਹੇਠ ਇਹ ਸਭਾ ਸਰਗਰਮ ਹੈ। ਉ ਤੋਂ ਬਆਦ ਹੋਰ ਵੀ ਕਈ ਸਭਾਵਾਂ ਹੋਂ ਵਿਚ ਆ ਗਈਆਂ। ਹੁਣ ਵੀ ਪੰਜਾਬ ਸਾਹਿਤ ਸਭਾ ਗੁਰਦਾਸਪੁਰ ਦੀਅ ਅਹੁਦੇਦਾਰੀਆਂ ਸਰਬਸੰਮਤੀ ਨਾ ਹੀ ਹੁੰਦੀਆਂ ਹਨ। ਸਮੇਂ-ਸਮੇਂ ਸਿਰ ਹੋ ਪ੍ਰੋਗਰਾਮਾਂ ਤੋਂ ਇਲਾਵਾ ਸਭਾ 2010 ਤੋਂ ਲੈ ਕੇ ਹੁਣ ਤਕ ਸੁਭਾਸ਼ ਦੀਵਾਨਾ ਦੀਅ ਸੱਤ ਕਾਵਿ ਪੁਸਤਕਾਂ ਅਤੇ ਤਰਸੇਮ ਸਿੰ ‘ਭੰਗੂ’ ਦੇ ਤਿੰਨ ਕਹਾਣੀ ਸੰਗ੍ਰਹਿ ਲੋਕ ਅਰਪਣ ਕਰ ਚੁੱਕੀ ਹੈ।

ਇਸ ਵਕਤ ਸਭਾ ਦੇ ਸਰਪ੍ਰਸ ਪ੍ਰਿੰਸੀਪਲ ਨਿਸ਼ਾਨ ਸਿੰਘ ਢਿੱਲੋਂ, ਪ੍ਰਧਾ ਪ੍ਰੋਫੈਸਰ ਕਿਰਪਾਲ ਸਿੰਘ ਯੋਗੀ, ਜਨਰਲ ਸਕੱਤਰ ਸੁਭਾਸ਼ ਦੀਵਾਨਾ, ਸਹਿ ਸਕੱਤ ਤਰਸੇਮ ਸਿੰਘ ਭੰਗੂ, ਸੀਨੀਅਰ ਮੀ ਪ੍ਰਧਾਨ ਕਾਮਰੇਡ ਮੁਲਖ਼ ਰਾਜ, ਉਰਦੂ ਨਾਮਵਰ ਸ਼ਾਇਰ ਜਨਕ ਰਾਜ ਕੰਵਲ ਮੀਤ ਪ੍ਰਧਾਨ ਡਾ. ਅਸ਼ੋਕ ਹਸਤੀਰ ਪ੍ਰੈੱਸ ਸਕੱਤਰ ਅਸ਼ਵਨੀ ਕੁਮਾਰ ਹਨ ਬਾਲ ਕਹਾਣੀਕਾਰ ਰਾਜਨ ਤਰੇੜੀਅ ਨਾਵਲਕਾਰ ਨਿਰਮਲ ਨਿੰਮਾ ਲੰਗਾਹ ਕਾਮਰੇਡ ਅਵਤਾਰ ਸਿੰਘ, ਕਾਮਰੇ ਦਲਜੀਤ ਸਿੰਘ, ਰਜਨੀਸ਼ ਵਿਸ਼ਿਸ਼ਟ ਅਜਮੇਰ ਪਾਹੜਾ, ਕੇ. ਪੀ. ਸਿੰਘ, ਕੁਲਦੀ ਰਿਆੜ, ਰਜਿੰਦਰ ਸਿੰਘ ਤੱਗੜ, ਸੁਨੀ ਕੁਮਾਰ, ਜਨਕ ਰਾਜ ਮਹਾਜਨ, ਐੱਨ. ਸੋਈ, ਜਗਦੀਸ਼ ਕਲਾਨੌਰ ਆਦਿ ਮੈਂਬ ਹਨ। ਹਰ ਮਹੀਨੇ ਬਕਾਇਦਾ ਮੀਟਿੰ ਕੀਤੀ ਜਾਂਦੀ ਹੈ। ਕੇਂਦਰੀ ਪੰਜਾਬੀ ਲੇਖ ਸਭਾ, ਸਾਹਿਤ ਅਕਾਦਮੀ ਦੇ ਸਮਾਗਮ ਅਤੇ ਸਾਹਿਤ ਕੇਂਦਰ ਗੁਰਦਾਸਪੁਰ [illegible]



ਅਸ਼ੋਕ ਹਸਤੀਰ



ਕਿਰਪਾਲ ਸਿੰਘ ਯੋਗੀ



ਮੁਲਖ ਰਾਜ



ਨਿਰਮਲ ਸਿੰਘ ਲੰਗਾਹ



ਸੁਭਾਸ਼ ਦੀਵਾਨਾ

## ਕੁਝ ਕਹਿੰਦੀ ਐ ਤਸਵੀਰ...

• ਯਸ਼ਵੀਰ ਗੋਇਲ, ਬਠਿੰਡਾ



*ਤੁਹਾਡੇ ਆਲੇ-ਦੁਆਲੇ ਬਹੁਤ ਕੁਝ ਅਜਿਹਾ ਹੈ, ਜਿਹੜਾ ਤੁਹਾਡੇ ਅੰਦਰ ਦੇ ਕਲਾਕਾਰ ਨੂੰ ਹਲੂਣਾ ਦਿੰਦਾ ਹੈ। ਉਸ ਨੂੰ ਕਲਾਤਮਕ ਨਜ਼ਰੀਏ ਤੋਂ ਦੇਖਣ ਅਤੇ ਉਸਨੂੰ ਕੈਮਰੇ ਦੀ ਅੱਖ 'ਚੋਂ ਲੰਘਾਉਣ ਦੀ ਕਲਾ ਦਾ ਨਾਂ ਹੀ ਹੈ ਫੋਟੋਗ੍ਰਾਫੀ। ਤੁਸੀਂ ਵੀ ਆਪਣੇ ਸੁਹਜ-ਸਵਾਦ ਦਾ ਨਮੂਨਾ ਕੌਮੀ ਪੱਤ੍ਰਿਕਾ ਦੇ ਪਾਠਕਾਂ ਨਾਲ ਸਾਂਝਾ ਕਰਨ ਲਈ ਆਪਣੀ ਖਿੱਚੀ ਬਿਹਤਰੀਨ ਤਸਵੀਰ ਸਾਨੂੰ ਜਲਦੀ ਆਪਣੇ ਪੂਰੇ ਸਿਰਨਾਵੇਂ ਸਮੇਤ ਭੇਜੋ।*

ਵਿਅੰਗ

# ਲੀਡਰ ਜ਼ਿੰਦਾਬਾਦ!



*ਤੁਸੀਂ ਭਾਵੇਂ ਸਾਨੂੰ ਕੁੱਟੋ ਭਾਵੇਂ ਮਾਰੋ ਸਾਡੀ ਵਫ਼ਾਦਾਰੀ 'ਚ ਕਦੇ ਕੋਈ ਕਮੀ ਨਹੀਂ ਆਉਣੀ। ਅਸੀਂ ਸਦਾ ਤੁਹਾਡੇ ਨਾਲ ਹਾਂ। ਅਸੀਂ ਤਾਂ ਧੜੇਬੰਦੀਆਂ ਵਿਚ ਵੰਡੇ ਹੋਏ ਤੁਹਾਡੇ ਗ਼ੁਲਾਮ ਹਾਂ। ਗ਼ੁਲਾਮ ਕਦੇ ਹੱਕ ਨਹੀਂ ਮੰਗਦੇ ਹੁੰਦੇ। ਤੁਹਾਡੀ ਲੀਡਰੀ ਤੁਹਾਨੂੰ ਮੁਬਾਰਕ! ਸਾਡੀ ਗ਼ੁਲਾਮੀ ਸਾਨੂੰ ਮੁਬਾਰਕ ਹੋਵੇ...*



• ਜਸਵਿੰਦਰ ਸਿੰਘ ਢਿੱਲੋਂ
82849-16049

ਆਹ ਰਵਾਇਤੀ ਲੀਡਰ ਤਾਂ ਸਾਡੀ ਜ਼ਿੰਦਜਾਨ ਨੇ। ਅਸੀਂ ਪੰਜਾਬ ਦੇ ਮਹਾਨ ਲੋਕ ਆਪਣੇ ਪਰਿਵਾਰਾਂ ਦੀ ਓਨੀ ਫ਼ਿਕਰ ਨਹੀਂ ਕਰਦੇ ਜਿੰਨੀ ਅਸੀਂ ਪਰਿਵਾਰਵਾਦੀ, ਰਾਜਾਸ਼ਾਹੀ ਅਤੇ ਰਜਵਾੜਾਸ਼ਾਹੀ ਲੀਡਰਾਂ ਦੀ ਕਰਦੇ ਹਾਂ..? ਲੀਡਰੋ ਤੁਸੀਂ ਬੇਫ਼ਿਕਰ ਹੋ ਕੇ ਆਪਣੇ ਢਿੱਡ ਭਰੋ ਸਾਨੂੰ ਕੋਈ ਗੁੱਸਾ-ਗਿਲਾ ਨਹੀਂ। ਸਾਡੇ ਆਹ ਧਰਨਿਆਂ-ਧੁਰਨਿਆਂ ਦਾ ਅਤੇ ਹੜਤਾਲਾਂ-ਹੁੜਤਾਲਾਂ ਦਾ ਬਹੁਤਾ ਫ਼ਿਕਰ ਨਾ ਕਰਿਆ ਕਰੋ। ਇਹ ਤਾਂ ਅਸੀਂ ਵੈਸੇ ਹੀ ਸ਼ੁਗਲ-ਮੇਲਾ ਜਿਹਾ ਕਰ ਲੈਂਦੇ ਹਾਂ ਨਾਲੇ ਸਾਡੇ ਕਿਸਾਨਾਂ ਦੇ ਆਪੇ ਬਣੇ ਲੀਡਰਾਂ ਨੇ ਵੀ ਆਪਣੀ ਬੇਤੁਕੀ ਲੀਡਰੀ ਜਿਹੀ ਚਮਕਉਣੀ ਹੁੰਦੀ ਹੈ ਤਾਂ ਕਿ ਵੋਟਾਂ ਵੇਲੇ ਤੁਸੀਂ ਉਨ੍ਹਾਂ ਦਾ ਮਾੜਾ ਮੋਟਾ ਜਿਹਾ ਮੁੱਲ ਪਾ ਦਿਉਂ।

ਸਾਡੇ ਕੰਨਿਓਂ ਬੇਫ਼ਿਕਰ ਰਿਹਾ ਕਰੋ। ਜੇ ਅਸੀਂ ਫ਼ਸਲਾਂ ਦੇ ਭਾਅ ਲੈਣੇ ਹੋਣ, ਨਕਲੀ ਰੇਹਾਂ-ਸਪਰੇਹਾਂ ਤੋਂ ਬੱਚਣਾ ਹੋਵੇ, ਸਾਨੂੰ ਸੋਧੇ ਹੋਏ ਚੰਗੇ ਬੀ ਮਿਲਣ, ਜੇ ਅਸੀਂ ਝੋਨੇ ਵਰਗੀ ਮਾਰੂ ਫ਼ਸਲ ਤੋਂ ਖਹਿੜਾ ਛੁਡਾਉਣਾ ਹੋਵੇ, ਜੇ ਸਾਨੂੰ ਚੰਗੀਆਂ ਸਿਹਤ ਸਹੂਲਤਾਂ ਦੀ ਲੋੜ ਹੋਵੇ, ਜੇ ਅਸੀਂ ਆਪਣੇ ਬੱਚਿਆਂ ਲਈ ਮਿਆਰੀ ਸਿੱਖਿਆ ਚਾਹੁੰਦੇ ਹੋਈਏ... ਜੇ ਅਸੀਂ ਤਹਿਸੀਲਾਂ, ਥਾਣਿਆਂ ਤੇ ਕਚਹਿਰੀਆਂ ਵਿਚ ਬਿਨਾਂ ਰਿਸ਼ਵਤ ਤੋਂ ਕੰਮ ਕਰਾਉਣਾ ਹੋਵੇ ਜਾਂ ਜੇ ਅਸੀਂ ਆਪਣੇ ਧੀਆਂ-ਪੁੱਤਾਂ ਨੂੰ ਨੌਕਰੀ 'ਤੇ ਲਵਾਉਣਾ ਹੋਵੇ... ਮੁੱਕਦੀ ਗੱਲ ਬਈ ਜੇ ਅਸੀਂ ਆਵਦਾ ਭਲਾ ਚਾਹੁੰਦੇ ਹੋਈਏ ਤੇ ਫੇਰ ਅਸੀਂ ਵੋਟਾਂ ਵੇਲੇ ਥੋਡੀ ਗਿੱਚੀ ਨਾ ਫੜ੍ਹੀਏ...? ਜੇ ਅਸੀਂ ਚੰਗਾ ਚਾਹੁੰਦੇ ਹੋਈਏ ਫੇਰ ਅਸੀਂ ਇਮਾਨਦਾਰ ਆਵਦੇ ਲੀਡਰ ਨਾ ਚੁਣ ਲਈਏ?

ਤੁਹਾਨੂੰ ਫ਼ਿਕਰਮੰਦ ਹੋਣ ਦੀ ਕੋਈ ਲੋੜ ਨਹੀਂ। ਡੁਹਾਡਾ ਅਤੇ ਤੁਹਾਡੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਹੈ। ਸਾਡੀ ਵਫ਼ਾਦਾਰੀ ਦਾ ਤਾਂ ਤੁਹਾਨੂੰ ਵੀ ਅੰਦਾਜ਼ਾ ਹੋਣਾ। ਤੁਸੀਂ ਜਦੋਂ ਵੀ ਸਾਡੇ ਪਿੰਡ ਆਉਂਦੇ ਹੋ ਅਸੀਂ ਕਦੇ ਵਿਰੋਧ ਨਹੀਂ ਕੀਤਾ। ਅਸੀਂ ਤੁਹਾਡੇ ਸਵਾਗਤ ਲਈ ਕਈ-ਕਈ ਘੰਟੇ ਹੱਥਾਂ 'ਚ ਹਾਰ ਲੈ ਕੇ ਖੜ੍ਹੇ ਰਹਿੰਦੇ ਹਾਂ। ਕਦੇ ਤੁਹਾਨੂੰ ਕੋਈ ਸਵਾਲ ਕੀਤਾ ਹੈ? ਸਗੋਂ ਅਸੀਂ ਤਾਂ ਕਰਜ਼ਾ ਲੈ ਕੇ ਪੱਲਿਓਂ ਪੈਸੇ ਖ਼ਰਚ ਕਰ ਕੇ ਤੁਹਾਡੀਆਂ ਰੈਲੀਆਂ ਵਿਚ ਹਾਜ਼ਰੀ ਭਰਦੇ ਹਾਂ। ਜੇ ਕੀਤੇ ਤੁਸੀਂ ਸਾਡੇ ਘਰੇ ਆਉਣਾ ਹੋਵੇ... ਫ਼ੇਰ ਤਾਂ ਸਾਡੇ ਸਾਰੇ ਟੱਬਰ ਦਾ ਚਾਅ ਨਹੀਂ ਚੁੱਕਿਆ ਜਾਂਦਾ। ਅਸੀਂ ਆਵਦੇ ਜਵਾਕ ਨੂੰ ਭਾਵੇਂ ਪੰਜ ਰੁਪਇਆਂ ਦਾ ਬਿਸਕੁਟਾਂ ਦਾ ਪੈਕੇਟ ਨਾ ਦਵਾਇਆ ਹੋਵੇ... ਪਰ ਥੋਡੇ ਮੂਹਰੇ ਅਸੀਂ ਵਿਆਜ 'ਤੇ ਪੈਸੇ ਲੈ ਕੇ ਪੰਜ-ਪੰਜ ਹਜ਼ਾਰ ਦੇ ਕਾਜੂ-ਬਦਾਮਾਂ ਦੇ ਢੇਰ ਲਾ ਦਿੰਦੇ ਹਾਂ। ਤੁਸੀਂ ਭਾਵੇਂ ਸਾਨੂੰ ਗਿਆਂ ਨੂੰ ਆਪਣੇ ਦਫ਼ਤਰ ਵਿਚ ਵੜਨ ਨਾ ਦਿਉਂ ਪਰ ਅਸੀਂ ਤਾਂ ਪੂਰੇ ਹੁੱਬਕੇ ਆਪਣਿਆਂ ਕਮਰਿਆਂ ਵਿਚ ਬਿਠਾ ਕੇ ਤੁਹਾਡੀ ਸੇਵਾ ਕਰਦੇ ਹਾਂ।

ਲੀਡਰੋ ਤੁਸੀਂ ਸਾਡਾ ਬਾਹਲਾ ਫ਼ਿਕਰ ਨਾ ਕਰਿਆ ਕਰੋ। ਜਦੋਂ ਸਾਨੂੰ ਖ਼ੁਦ ਨੂੰ ਆਪਣਾ ਕੋਈ ਫ਼ਿਕਰ ਨਹੀਂ ਅਤੇ ਨਾ ਸਾਨੂੰ ਆਪਣੇ ਜੁਆਕਾਂ ਦਾ ਕੋਈ ਫ਼ਿਕਰ ਹੈ ਫੇਰ ਤੁਹਾਨੂੰ ਕਾਹਦਾ ਫ਼ਿਕਰ? ਸਾਨੂੰ ਤਾਂ ਤੁਹਾਡਾ ਅਤੇ ਤੁਹਾਡੇ ਜੁਆਕਾਂ ਦਾ ਹੀ ਫ਼ਿਕਰ ਦਿਨ ਰਾਤ ਵੱਢ-ਵੱਢ ਖਾਈ ਜਾਂਦਾ ਹੈ। ਤੁਸੀਂ ਦੇਖਿਆ ਨਹੀਂ ਵੋਟਾਂ ਵੇਲੇ ਕਿਵੇਂ ਸਾਡਾ ਜ਼ੋਰ ਲੱਗਿਆ ਹੁੰਦਾ ਹੈ। ਬਈ ਫਲਾਣਾ ਲੀਡਰ ਨਾ ਹਰਜੇ... ਫਲਾਣੇ ਲੀਡਰ ਦਾ ਮੁੰਡਾ ਜਾਂ ਕੁੜੀ ਨਾ ਹਾਰਜੇ। ਸਾਨੂੰ ਤਾਂ ਤੁਹਾਡੇ ਭਤੀਜੇ-ਭਤੀਜੀਆਂ, ਜਵਾਈਆਂ-ਸਾਲਿਆਂ, ਭੈਣਾਂ ਅਤੇ ਭਾਣਜੇ-ਭਾਣਜੀਆਂ ਦਾ ਹੀ ਫ਼ਿਕਰ ਨਹੀਂ ਮੁੱਕਦਾ... ਅਸੀਂ ਆਪਣਾ ਜਾਂ ਆਪਣੇ ਜੁਆਕਾਂ ਦਾ ਸੁਆਹ ਫ਼ਿਕਰ ਕਰਨਾ ਹੈ..?.. ਆਹ ਅਸੀਂ ਪੰਜ ਸਾਲ ਤੁਹਾਡੀ ਰੱਜਕੇ ਸੇਵਾ ਕਰਦੇ ਹਾਂ, ਵੋਟਾਂ ਵੇਲੇ ਜਿਹੜੀ ਤੁਸੀਂ ਚਾਰ-ਪੰਜ ਦਿਨ ਗੋਲੀਆਂ ਆਲੀ ਦੋ ਨੰਬਰ ਦੀ ਸ਼ਰਾਬ ਜੀ ਪਿਆਕੇ ਤੁਸੀਂ ਸਾਡੀ ਸੇਵਾ ਕਰਦੇ ਓ... ਉਹਦੇ ਨਾਲ ਸਾਡਾ ਸਿਰ ਮਾਣ ਨਾਲ ਉੱਚਾ ਹੋ ਜਾਂਦਾ ਹੈ... ਬਈ ਚਲੋ ਸਾਡਾ ਲੀਡਰ ਸਾਡੀ ਵੀ ਸੇਵਾ ਕਰਦਾ ਹੈ। ਊਂ ਜੇ ਤੁਸੀਂ ਉਹ ਵੀ ਨਾ ਕਰੋ ਤਾਂ ਕੋਈ ਗੱਲ ਨਹੀਂ ਵੋਟਾਂ ਤਾਂ ਫੇਰ ਵੀ ਅਸੀਂ ਤੁਹਾਨੂੰ ਹੀ ਪਾਉਣੀਆਂ ਹਨ।

ਸਾਨੂੰ ਜਦੋਂ ਕੋਈ ਆ ਕੇ ਦੱਸਦਾ ਹੈ ਬਈ ਫਲਾਣੇ ਲੀਡਰ ਦੀਆਂ ਪੰਜ ਤੋਂ ਪੰਜ ਸੌ ਬੱਸਾਂ ਹੋ ਗਈਆਂ ਧਰਮ ਨਾਲ ਸਾਡਾ ਸੀਨਾ ਮਾਣ ਨਾਲ ਗੱਜ ਚੌੜਾ ਹੋ ਜਾਂਦਾ ਹੈ। ਸਾਡੀ ਆਵਦੀ ਭਾਵੇਂ ਪੰਜ ਕਿੱਲਿਆਂ ਤੋਂ ਪੰਜ ਕਨਾਲਾਂ ਰਹਿਜੇ... ਕੋਈ ਫ਼ਿਕਰ ਨਹੀਂ। ਪਿਛਲੇ ਸੱਤਰ ਸਾਲਾਂ ਤੋਂ ਸਾਡੀਆਂ ਸੱਤ ਪੀੜ੍ਹੀਆਂ ਅੱਖਾਂ ਬੰਦ ਕਰ ਕੇ ਤੁਹਾਨੂੰ ਵੋਟਾਂ ਪਾਈ ਜਾਂਦੀਆਂ ਨੇ। ਤੁਸੀਂ ਭਾਵੇਂ ਸਾਨੂੰ ਖ਼ੁਦਕੁਸ਼ੀਆਂ ਦੇ ਰਾਹ ਪਾ ਦਿੱਤਾ ਪਰ ਅਸੀਂ ਕਦੇ ਥੋਨੂੰ ਸਵਾਲ ਕੀਤਾ ਹੈ। ਸਾਡੇ ਮੂੰਹੋਂ ਕਦੇ ਸੁਣਿਆ ਹੈ ਬਈ ਅਸੀਂ ਤੁਹਾਨੂੰ ਵੋਟ ਨਹੀਂ ਪਾਉਂਦੇ। ਅਸੀਂ ਪੀੜ੍ਹੀਆਂ ਤੋਂ ਤੁਹਾਡੇ ਮੁਰੀਦ ਹਾਂ। ਤੁਸੀਂ ਭਾਵੇਂ ਸਾਨੂੰ ਕੁੱਟੋ ਭਾਵੇਂ ਮਾਰੋ ਸਾਡੀ ਵਫ਼ਾਦਾਰੀ 'ਚ ਕਦੇ ਕੋਈ ਕਮੀ ਨਹੀਂ ਆਉਣੀ। •

ਕਹਾਣੀ

# ਠੰਢੀ ਰਾਖ

*ਕਹਿੰਦੇ ਨੇ ਸ਼ਰੀਕ ਮਿੱਟੀ ਦਾ ਵੀ ਮਾੜਾ ਹੁੰਦਾ ਪਰ ਇਸ ਕਹਾਣੀ ਵਿਚਲੇ ਸ਼ਰੀਕ ਤਾਂ ਧਨਾਢ ਹਨ। ਅਮੀਰ ਬੰਦਾ ਕਦੋਂ ਬਰਦਾਸ਼ਤ ਕਰਦਾ ਕਿ ਕੋਈ ਉਸ ਨੂੰ ਨਾਂਹ ਕਰੇ। ਆਪਣੀ ਹਿੰਡ ਪੁਗਾਉਣ ਅਤੇ ਜ਼ਮੀਨ ਹੜੱਪਣ ਲਈ ਉਸ ਇਕ ਮਾਸੂਮ ਦੀ ਬਲੀ ਲੈ ਲਈ...*





• ਰਾਜਿੰਦਰ ਸਿੰਘ ਢੱਡਾ
82849-16049

(ਲੜੀ ਜੋੜਨ ਲਈ ਪਿਛਲਾ ਅੰਕ ਦੇਖੋ)

ਉਸਨੇ ਅਸਲੀ ਰੁੱਕਾ ਅੰਦਰ ਟਰੰਕ ਵਿਚ ਰੱਖ ਦਿੱਤਾ ਅਤੇ ਉਹ ਫੋਟੋ ਸਟੇਟ ਵਾਲੀ ਕਾਪੀ ਆਪਣੇ ਖੀਸੇ ਵਿਚ ਪਾ ਕੇ ਧੀ ਨੂੰ ਲੈਣ ਅੱਡੇ ਵੱਲ ਚੱਲ ਗਿਆ। ਧੀ ਬਾਰੇ ਉਸ ਨੂੰ ਬੁਰੇ-ਬੁਰੇ ਖ਼ਿਆਲਾਂ ਨੇ ਉਸ ਨੂੰ ਜਕੜ ਲਿਆ ਸੀ। ਫਿਰ ਉਹ ਸੋਚਣ ਲੱਗਾ ਅਗਰ ਉਹ ਇਕੱਲਾ ਧੀ ਨੂੰ ਲੈਣ ਉਨ੍ਹਾਂ ਦੇ ਘਰ ਗਿਆ ਤਾਂ ਉਹ ਸ਼ਾਇਦ ਉਸ ਨੂੰ ਧੀ ਨਾਲ ਮਿਲਣ ਹੀ ਨਾ ਦੇਣ। ਕਿਉਂ ਨਾ ਪੁਲਿਸ ਦੀ ਮਦਦ ਲਈ ਜਾਵੇ। ਲਾਗਲੇ ਪੁਲਿਸ ਥਾਣੇ ਦਾ ਪਤਾ ਕਰ ਕੇ ਬਾਬਾ ਉੱਥੇ ਪਹੁੰਚ ਗਿਆ। ਥਾਣਾ ਮੁਖੀ ਆਪਣੇ ਦਫ਼ਤਰ ਅੰਦਰ ਹੀ ਬੈਠਾ ਸੀ। ਬਾਬੇ ਨੇ ਹੱਥ ਜੋੜ ਕੇ ਫ਼ਤਹਿ ਬੁਲਾਈ। ਥਾਣੇਦਾਰ ਨੇ ਬਾਬੇ ਨੂੰ ਕੁਰਸੀ 'ਤੇ ਬੈਠਣ ਦਾ ਇਸ਼ਾਰਾ ਕੀਤਾ।

'ਬਾਬਾ ਜੀ ਕਿਵੇਂ ਆਉਣਾ ਹੋਇਆ?'

'ਜਨਾਬ ਇੱਥੇ ਲਾਗੇ ਹੀ ਕੁਰਾਲੀਆ ਪਿੰਡ ਵਿਚ ਮੇਰੀ ਧੀ ਵਿਆਹੀ ਹੋਈ ਹੈ, ਉਸ ਦੇ ਸਹੁਰੇ ਉਸ ਨੂੰ ਬਹੁਤ ਤੰਗ-ਪਰੇਸ਼ਾਨ ਕਰਦੇ ਹਨ। ਘਰ ਵਿਚ ਉਸ ਨੂੰ ਇਕ ਕਿਸਮ ਦਾ ਗ਼ੁਲਾਮ ਬਣਾ ਕੇ ਹੀ ਰੱਖਿਆ ਹੋਇਆ ਹੈ। ਕਿਰਪਾ ਕਰ ਕੇ ਮੇਰੀ ਧੀ ਨੂੰ ਉਨ੍ਹਾਂ ਦੇ ਚੁੰਗਲ ਵਿੱਚੋਂ ਛੁਡਾਉਣ ਲਈ ਮੇਰੀ ਮਦਦ ਕਰੋ।'

'ਅੱਛਾ...ਅੱਛਾ.... ਤਾਂ ਤੂੰ ਉਨ੍ਹਾਂ ਏਜੰਟਾਂ ਦੀ ਨੂੰਹ ਦੀ ਗੱਲ ਕਰਦਾਂ?"

'ਜੀ ਜਨਾਬ!'

'ਬਾਬਾ ਤੇਰੀ ਧੀ ਨੇ ਤਾਂ ਕਲ੍ਹ ਹੀ ਮਿੱਟੀ ਦਾ ਤੇਲ ਪਾ ਕੇ ਸੁਸਾਇਡ ਕਰ ਲਿਆ।'

'ਕੀ ਕਰ ਲਿਆ?'

'ਸੁਸਾਇਡ ਮਤਲਬ ਆਤਮ ਹੱਤਿਆ।' ਉਸ ਦੇ ਹੱਥਾਂ ਦਾ ਲਿਖਿਆ ਸੁਸਾਇਡ ਤੈਨੂੰ ਮੈਂ ਪੜ੍ਹ ਕੇ ਸੁਣਾਉਂਦਾਂ।

"ਮੈਂ ਆਪਣੀ ਮਰਜ਼ੀ ਨਾਲ ਸੁਸਾਇਡ ਕਰ ਰਹੀ ਹਾਂ। ਇਨ੍ਹਾਂ ਨੂੰ ਮੇਰਾ ਬਾਹਰਲੇ ਬੰਦਿਆਂ ਨਾਲ ਮਿਲਣਾ ਜੁਲਣਾ ਪਸੰਦ ਨਹੀਂ ਸੀ। ਮੈਂ ਇਸ ਤਰ੍ਹਾਂ ਘਰ ਦੀ ਬੰਦਿਸ਼ ਵਿਚ ਨਹੀਂ ਰਹਿ ਸਕਦੀ। ਮੈਂ ਸੁਸਾਇਡ ਕਰ ਰਹੀ ਹਾਂ ਇਸ ਵਿਚ ਇਸ ਘਰ ਦੇ ਕਿਸੇ ਵੀ ਫੈਮਿਲੀ ਮੈਂਬਰ ਦਾ ਕੋਈ ਫਾਲਟ ਨਹੀਂ ਹੈ ਇਨ੍ਹਾਂ 'ਤੇ ਕੋਈ ਐਕਸ਼ਨ ਨਾ ਲਿਆ ਜਾਵੇ।'

ਸਿਮਰਜੀਤ ਕੌਰ

ਇਹ ਸਭ ਸੁਣ ਕੇ ਬਾਬੇ ਬਿਸ਼ਨੇ ਦੇ ਹੋਸ਼ ਉੱਡ ਗਏ।

'ਤਾਂ ਉਨ੍ਹਾਂ ਮੇਰੀ ਧੀ ਨੂੰ ਮਾਰ ਹੀ ਦਿੱਤਾ।'

'ਉਨ੍ਹਾਂ ਨੀ ਮਾਰਿਆ ਉਹ ਤਾਂ ਖ਼ੁਦ ਮਰੀ। ਇਹੋ ਜਿਹੀ ਅਯਾਸ਼ ਕੁੜੀ ਨੂੰ ਤਾਂ ਬਾਬਾ ਘਰੇ ਹੀ ਮਾਰ ਦਿੰਦਾ।'

'ਥਾਣੇਦਾਰਾ ਕੁਝ ਉੱਪਰ ਵਾਲੇ ਦਾ ਖ਼ੌਫ਼ ਖਾਹ। ਤੂੰ ਵੀ ਨਿੱਕਿਆਂ ਨਿਆਣਿਆਂ ਵਾਲਾ ਲੱਗਦਾਂ, ਇਕ ਰੁੱਕਾ ਜਿਹਾ ਖ਼ੁਦ ਲਿਖ ਕੇ ਤੈਨੂੰ ਉਨ੍ਹਾਂ ਫੜ੍ਹਾ ਦਿੱਤਾ ਤੇ ਤੂੰ ਇਸ ਕਤਲ ਦੀ ਕੋਈ ਤਫਤੀਸ਼ ਨਹੀਂ ਕੀਤੀ। ਉਨ੍ਹਾਂ ਧੋਖੇ ਨਾਲ ਅੱਠ ਕਿੱਲੇ ਪੈਲੀ ਇਕ ਕਰੋੜ ਦੀ ਵੇਚ ਦਿੱਤੀ ਜੋ ਮੇਰੀ ਧੀ ਦੇ ਨਾਂ ਸੀ ਅਤੇ ਮੇਰੀ ਧੀ ਨੂੰ ਉਨ੍ਹਾਂ ਮਾਰ ਦਿੱਤਾ। ਉਸ ਇਕ ਕਰੋੜ ਵਿੱਚੋਂ ਕੁਝ ਹਿੱਸਾ ਤੇਰੀ ਜੇਬ ਵਿਚ ਵੀ ਪੈ ਗਿਆ ਹੋਣਾ ਤਾਂ ਤੇਰੀ ਜ਼ਬਾਨ ਬੰਦ ਹੋ ਗਈ।'

'ਯਾਦ ਰੱਖੀਂ ਜੁਰਮ ਕਰਨ ਵਾਲਾ ਕਿਤੇ ਨਾ ਕਿਤੇ ਕੋਈ ਨਾ ਕੋਈ ਸਬੂਤ ਛੱਡ ਹੀ ਜਾਂਦਾ। ਸ਼ਾਇਦ ਤੈਨੂੰ ਪਤਾ ਨੀ ਹੋਣਾ ਕਿ ਮੇਰੀ ਧੀ ਤਾਂ ਪੰਜਵੀਂ ਤਕ ਹੀ ਪੜ੍ਹੀ ਸੀ। ਉਹ ਆਹ ਗਰੇਜੀ ਗਰੁਜੀ ਦੇ ਅੱਖਰ ਤਾਂ ਜਾਣਦੀ ਹੀ ਨਹੀਂ ਸੀ। ਜੋ ਇਸ ਰੁੱਕੇ ਵਿਚ ਲਿਖਕੇ ਤੈਨੂੰ ਦਿੱਤੇ ਗਏ। ਆ ਦੇਖ ਇਕ ਚਿੱਠੀ ਜੋ ਮੇਰੀ ਧੀ ਨੇ ਮੈਨੂੰ ਲਿਖੀ ਜਿਸ ਵਿਚ ਉਸ 'ਤੇ ਹੋ ਰਹੇ ਜ਼ੁਲਮਾਂ ਬਾਰੇ ਲਿਖਿਆ।'

ਬਾਬੇ ਬਿਸ਼ਨੇ ਨੇ ਉਹੀ ਫੋਟੋ ਕਾਪੀ ਥਾਣੇਦਾਰ ਨੂੰ ਦਿੱਤੀ। ਥਾਣੇਦਾਰ ਨੇ ਸਾਰੀ ਚਿੱਠੀ ਪੜ੍ਹੀ।

'ਇਸ ਦੀ ਅਸਲੀ ਕਾਪੀ ਕਿੱਥੇ ਆ?'

'ਥਾਣੇਦਾਰਾ ਇਸ ਦੀ ਅਸਲੀ ਕਾਪੀ ਮੈਂ ਉੱਪਰ ਪੇਸ਼ ਕਰੂੰ। ਯਾਦ ਰੱਖੀਂ ਮੇਰੀ ਧੀ ਦੇ ਕਤਲ ਵਿਚ ਤੂੰ ਵੀ ਓਨਾ ਹੀ ਭਾਈਵਾਲ ਏ ਜਿੰਨੇ ਉਹ।'

ਇੰਨੀ ਗੱਲ ਕਹਿ ਕੇ ਬਾਬਾ ਉੱਠ ਕੇ ਬਾਹਰ ਨੂੰ ਜਾਣ ਲੱਗਾ ਤਾਂ ਇਕਦਮ ਥਾਣੇਦਾਰ ਉੱਠ ਕੇ ਬਾਬੇ ਦੇ ਗੋਡਿਆਂ ਨੂੰ ਹੱਥ ਲਾ ਕੇ ਬੋਲਿਆ।

'ਬਾਬਾ ਜੀ ਮੈਂ ਹੱਥ ਜੋੜ ਕੇ ਤੁਹਾਡੇ ਕੋਲੋਂ ਮਾਫ਼ੀ ਮੰਗਦਾ ਮੈਨੂੰ ਮੇਰੇ ਬੱਚਿਆਂ ਦੀ ਸਹੁੰ, ਮੈਨੂੰ ਮੇਰੇ ਰੱਬ ਦੀ ਸਹੁੰ, ਮੈਂ ਕੁੱਤੀ ਦਾ ਪੁੱਤ ਹੋਵਾਂ ਜੇ ਮੈਨੂੰ ਸੱਚਾਈ ਦਾ ਪਤਾ ਹੋਵੇ। ਇਕ ਮਿੰਟ ਬੈਠੋ ਮੈਂ ਤੁਹਾਨੂੰ ਸਭ ਸੱਚੋ ਸੱਚ ਦੱਸਦਾਂ।'

ਬਾਬਾ ਬਿਸ਼ਨਾ ਉੱਥੇ ਬੈਠਣਾ ਨਹੀਂ ਸੀ ਚਾਹੁੰਦਾ। ਉਸ ਦਾ ਦਿਲ ਫਟਦਾ ਜਾ ਰਿਹਾ ਸੀ। ਉਸ ਦੀ ਧੀ ਦੂਰ ਜਾ ਚੁੱਕੀ ਸੀ। ਫਿਰ ਵੀ ਥਾਣੇਦਾਰ ਨੇ ਮਿੰਨਤਾਂ ਤਰਲੇ ਕਰ ਕੇ ਬਾਬੇ ਨੂੰ ਬਿਠਾ ਲਿਆ।

"ਬਾਬਾ ਜੀ ਮੈਨੂੰ ਨਹੀਂ ਸੀ ਪਤਾ ਇਹ ਸਾਲੇ ਇੰਨੇ ਘਟੀਆ ਬੰਦੇ ਆ ਤੁਸੀਂ ਯਕੀਨ ਕਰਿਓ ਕਦੀ ਏਜੰਟ ਆਪ ਆਉਂਦਾ, ਕਦੀ ਕਿਸੇ ਨੂੰ ਭੇਜਦਾ ਕਿ ਉਨ੍ਹਾਂ ਦੀ ਵਹੁਟੀ ਨੇ ਜੀਣਾ ਹਰਾਮ ਕੀਤਾ ਹੋਇਆ ਹੈ। ਉਹ ਬਾਹਰਲੇ ਬੰਦਿਆਂ ਨਾਲ ਮਿਲਦੀ-ਜੁਲਦੀ ਹੈ। ਵੱਖ-ਵੱਖ ਬੰਦੇ ਆ ਕੇ ਮੇਰੇ ਪਾਸ ਉਹੀ ਬੋਲੀ ਬੋਲਦੇ। ਮੇਰਾ ਤਾਂ ਉਨ੍ਹਾਂ ਨੇ ਪੂਰੀ ਤਰ੍ਹਾਂ ਬਰੇਨ ਵਾਸ਼ ਕਰ ਦਿੱਤਾ ਸੀ। ਪਰ ਤੁਸੀਂ ਵੇਖਦੇ ਜਾਓ ਮੈਂ ਕਿੱਦਾਂ ਸੱਚਾਈ ਉਗਲਾ ਲੈਨਾਂ ਹੁਣੇ। ਇਨ੍ਹਾਂ ਕੁੱਤੀ ਦੇ ਪੁੱਤਾਂ ਨੇ ਮੈਨੂੰ ਹੀ ਬੇਵਕੂਫ਼ ਬਣਾ ਦਿੱਤਾ। ਪਰ ਸ਼ਾਇਦ ਇਨ੍ਹਾਂ ਨੂੰ ਪਤਾ ਨਹੀਂ ਮੇਰਾ ਨਾਂ ਵੀ ਖੁਸ਼ਵੰਤ ਸਿੰਘ ਠੁੱਡਮਾਰ ਆ। ਮੈਂ ਤਾਂ ਠੁੱਡੇ ਮਾਰ-ਮਾਰ ਅਗਲੇ ਦੀ ਭੜੀਂ ਕੱਢ ਦਿੰਦਾ ਹੁੰਨਾ। ਆ ਬਾਬਾ ਤੇਰੀ ਧੀ ਦਾ ਲਿਖਿਆ ਰੁੱਕਾ ਹੀ ਉਨ੍ਹਾਂ ਨੂੰ ਫਾਂਸੀ ਦੇ ਫੰਦੇ ਤਕ ਪਹੁੰਚਾਉਣ ਲਈ ਕਾਫ਼ੀ ਆ। ਬਾਬਾ ਉਹ ਤੇਰੀ ਧੀ ਨਹੀਂ ਸੀ ਉਹ ਮੇਰੀ ਵੀ ਧੀ ਸੀ। ਜਿਸ ਨੂੰ ਉਨ੍ਹਾਂ ਕੰਜਰਾਂ ਨੇ ਖ਼ੁਦ ਅੱਗ ਲਾ ਕੇ ਫੂਕ ਦਿੱਤਾ। ਤੂੰ ਦੇਖਦਾ ਜਾਈਂ 302 ਦਾ ਬਣਾਊਂ ਕੇਸ ਤੇ ਜਾਅਲੀ ਰਜਿਸਟਰੀ ਕਰਾਉਣ ਲਈ ਉਨ੍ਹਾਂ ਦੀ ਕੁੜੀ 'ਤੇ ਪਾਊਂ 420 ਤੇ ਧੋਖਾਧੜੀ ਦਾ ਕੇਸ ਤੇ ਨਾਲੇ ਉਨ੍ਹਾਂ ਦੇ ਮੁੰਡੇ ਦੀ ਕਰਾਊਂ ਡਾਕਟਰੀ ਜੋ ਸਾਲਾ ਖ਼ੁਦ ਬਿਮਾਰੀ ਦਾ ਮਾਰਿਆ ਸੀ। ਇਕ ਭੋਲੀ ਭਾਲੀ ਕੁੜੀ ਦੀ ਜ਼ਿੰਦਗੀ ਕਾਹਤੋਂ ਖ਼ਰਾਬ ਕੀਤੀ। ਬਸ ਬਾਬਾ ਜੀ ਦੇਖਦੇ ਜਾਓ ਮੈਂ ਕਿੱਦਾਂ ਇਨ੍ਹਾਂ ਦੇ ਡੰਡਾ ਚਾੜ੍ਹਦਾਂ।"

ਥਾਣੇਦਾਰ ਨੇ ਇਕ ਏ.ਐੱਸ.ਆਈ ਤੇ ਤਿੰਨ ਸਿਪਾਹੀਆਂ ਨੂੰ ਹੁਕਮ ਦਿੱਤਾ,'ਓਏ ਅਵਤਾਰ ਉਨ੍ਹਾਂ ਚਾਰਾਂ ਨੂੰ ਮੁਸ਼ਕਾਂ ਬੰਨ੍ਹ ਕੇ ਮੇਰੇ ਪਾਸ ਲੈ ਕੇ ਆਓ, ਖ਼ਾਲੀ ਹੱਥੀਂ ਨਹੀਂ ਆਉਣਾ।'

ਅਵਤਾਰ ਸਿੰਘ ਏ.ਐੱਸ.ਆਈ ਥਾਣੇ ਦੀ ਗੱਡੀ ਵਿਚ ਪੁਲਿਸ ਕਰਮਚਾਰੀਆਂ ਨੂੰ ਬਿਠਾ ਕੇ ਨਾਜ਼ਰ ਸਿੰਘ ਤੇ ਉਸਦੇ ਪਰਿਵਾਰ ਨੂੰ ਲੈਣ ਚਲਾ ਗਿਆ।

ਦਫ਼ਤਰ ਵਿਚ ਬੈਠ ਕੇ ਥਾਣੇਦਾਰ ਨੇ ਬਾਬੇ ਨੂੰ ਜ਼ਮੀਨ ਸਬੰਧੀ ਪੁੱਛਿਆ ਕਿ ਉਸ ਕਿਸ ਪਾਸ ਤੇ ਕਿਵੇਂ ਵੇਚੀ। ਬਾਬੇ ਨੇ ਪਿੰਡ ਦੇ ਸਵਰਨੇ ਬਾਰੇ ਸਾਰਾ ਕੁੱਝ ਥਾਣੇਦਾਰ ਨੂੰ ਦੱਸ ਦਿੱਤਾ। ਤਕਰੀਬਨ ਪੰਜ ਕੁ ਵਜੇ ਪੁਲਿਸ ਕਰਮਚਾਰੀ ਏਜੰਟ ਨਾਜ਼ਰ ਸਿੰਘ ਨੂੰ ਫੜ ਕੇ ਲੈ ਆਏ। ਬਾਕੀ ਤਿੰਨੋਂ ਘਰ ਨਹੀਂ ਸਨ।

"ਅਵਤਾਰ ਸਿਆਂ ਦੋ ਲੇਡੀਜ਼ ਸਟਾਫ਼ ਨੂੰ ਲੈ ਕੇ ਮਾਂ ਤੇ ਧੀ ਨੂੰ ਵੀ ਫੜ ਕੇ ਜਿੱਥੇ ਉਹ ਹੋਣ ਅੱਜ ਹੀ ਰਾਤ ਲੈ ਕੇ ਆਓ ਤੇ ਨਾਲੇ ਉਸ ਸਾਲੇ ਗੰਦੀ ਨਾਲੀ ਦੇ ਕੀੜੇ ਨੂੰ ਵੀ। ਭੈਣ ਚੋ ਰੰਡੀਆਂ ਕੋਲ ਜਾ-ਜਾ ਕੇ ਆਪ ਤਾਂ ਕੀੜੇ ਪਵਾ ਲਏ ਤੇ ਇਕ ਭੋਲੀ ਭਾਲੀ ਕੁੜੀ ਨਾਲ ਵਿਆਹ ਕਰ ਕੇ ਜ਼ਮੀਨ ਖ਼ਾਤਰ ਉਸ ਨੂੰ ਵੀ ਮਾਰ ਦਿੱਤਾ ਕੁੱਤੀ ਦੇ ਪੁੱਤਾਂ ਨੇ। ਓਏ ਮੀਕੇ ਪਾ ਇਸ ਧੀ ਦੇ ਖਸਮ ਨੂੰ ਪੁੱਠਾ ਲੰਮਾ ਤੇ ਬੈਠ ਇਹਦੇ ਚੂਹੇ 'ਤੇ। ਫੜ ਇਹ ਦੀਆਂ ਲੱਤਾਂ ਗਿੱਟਿਆਂ ਤੋਂ।'

ਅਮਰੀਕ ਸਿੰਘ ਸਿਪਾਹੀ ਨੇ ਏਜੰਟ ਨੂੰ ਪੁੱਠਾ ਲੰਮਾ ਪਾ ਕੇ ਉਸਨੂੰ ਗਿੱਟਿਆਂ ਤੋਂ ਫੜ ਲਿਆ ਤੇ ਥਾਣੇਦਾਰ ਨੇ ਪੰਜ-ਛੇ ਬੈਂਤਾਂ ਪੂਰੇ ਜ਼ੋਰ ਨਾਲ ਏਜੰਟ ਦੇ ਪੈਰਾਂ 'ਤੇ ਮਾਰੀਆਂ। ਏਜੰਟ ਦਾ ਅੜ੍ਹਾਟ ਪੂਰੇ ਥਾਣੇ ਵਿਚ ਸੁਣਾਈ ਦਿੱਤਾ।

"ਕਿਉਂ ਸਾਲਿਆਂ ਤੂੰ ਤੇ ਆਂਦਾ ਸੀ ਸਾਡੀ ਵਹੁਟੀ ਬਾਹਰੋਂ ਬੰਦੇ ਬੁਲਾਉਂਦੀ ਹੈ। ਕੰਜਰਾ ਬੰਦੇ ਤਾਂ ਤੇਰੀ ਧੀ ਬਾਹਰੋਂ ਬੁਲਾਉਂਦੀ ਸੀ। ਖੋਤੇ ਦੇ ਖੁਰਾ ਧੀ ਨੂੰ ਵਹੁਟੀ ਬਣਾ ਕੇ ਤਹਿਸੀਲੇ ਜਾ ਕੇ ਫੋਟੋ ਖਿੱਚਵਾ ਲਈ ਤੇ ਜ਼ਮੀਨ ਦਾ ਇਕ ਕਰੋੜ ਹਜ਼ਮ ਕਰ ਲਿਆ। ਕੱਲ੍ਹ ਨੂੰ ਪੇਸ਼ ਕਰਕੇ ਅਦਾਲਤ ਵਿਚ ਲੈਂਨਾ ਤੁਹਾਡਾ ਰਿਮਾਂਡ..... ਕਰ ਓਏ ਇਸ ਸਾਲੇ ਨੂੰ ਅੰਦਰ।"

ਥੋੜ੍ਹਾ-ਥੋੜ੍ਹਾ ਹਨੇਰਾ ਹੋ ਚੱਲਿਆ ਸੀ। ਥਾਣੇਦਾਰ ਨੇ ਚਾਹ ਮੰਗਵਾਈ ਤੇ ਚਾਹ ਪੀਂਦੇ-ਪੀਂਦੇ ਥਾਣੇਦਾਰ ਬੋਲਿਆ, "ਬਾਬਾ ਜੀ ਇਹੋ ਜਿਹੇ ਬੰਦਿਆਂ ਦਾ ਵਿਆਹ ਤੋਂ ਪਹਿਲਾਂ ਪਤਾ ਕਰ ਲੈਣਾ ਸੀ। ਚਲੋ ਉਸ ਵਿਚਾਰੀ ਦੇ ਸਾਹ ਇੰਨੇ ਹੀ ਲਿਖੇ ਹੋਏ ਸੀ। ਪਰ ਯਕੀਨ ਕਰਿਓ ਛੱਡਦਾ ਮੈਂ ਇਨ੍ਹਾਂ ਨੂੰ ਵੀ ਨਹੀਂ। ਬਾਬਾ ਜੀ ਤੁਸੀਂ ਸਹਿਮਤ ਹੋਵੋ ਤਾਂ ਇਉਂ ਕਰੀਏ ਬੇਟੀ ਦੇ ਅਸਥ ਚੁੱਗ ਲਈਏ। ਇਨ੍ਹਾਂ ਨੂੰ ਤਾਂ ਮੈਂ ਹੁਣ ਥਾਣਿਉਂ ਬਾਹਰ ਨਿਕਲ ਨਹੀਂ ਦੇਣਾ। ਇਸ ਤਰ੍ਹਾਂ ਹੋਰ ਕਿਸੇ ਨੇ ਬੇਟੀ ਦੇ ਅਸਥ ਨਹੀਂ ਚੁੱਗਣੇ ਕਿਉਂ ਨਾ ਆਪਾਂ ਜਾ ਕੇ ਹੁਣੇ ਹੀ ਬੇਟੀ ਦੇ ਅਸਥ ਚੁੱਗ ਲਿਆਈਏ। ਬੇਟੀ ਦਾ ਦਾਗ ਕੱਲ੍ਹ ਦਾ ਦਿੱਤਾ ਹੋਇਆ, ਰਾਖ ਤਾਂ ਕਲ੍ਹ ਦੀ ਹੀ ਠੰਢੀ ਹੋ ਗਈ ਹੋਣੀ ਆ।"

"ਜਿਵੇਂ ਤੁਹਾਡੀ ਮਰਜ਼ੀ" ਬਾਬਾ ਇੰਨਾ ਹੀ ਆਖ ਸਕਿਆ। ਥਾਣੇਦਾਰ ਨੇ ਮੀਕੇ ਨੂੰ ਆਵਾਜ਼ ਮਾਰੀ। ਅਮਰੀਕ ਸਿੰਘ ਜਿਸ ਨੂੰ ਥਾਣੇ ਵਿਚ ਸਾਰੇ ਮੀਕਾ ਹੀ ਸੱਦਦੇ ਸਨ ਥਾਣੇਦਾਰ ਦਾ ਖ਼ਾਸਮਖ਼ਾਸ ਬੰਦਾ ਸੀ। ਉਹ ਥਾਣੇਦਾਰ ਦੇ ਸਾਰੇ ਇੱਕਾ-ਦੁੱਕਾ ਕੰਮਾਂ ਦਾ ਰਾਜ਼ਦਾਰ ਸੀ। ਥਾਣੇਦਾਰ ਦਾ ਸਾਰਾ ਲੈਣ-ਦੇਣ ਉਸਦੇ ਜਰੀਏ ਹੀ ਹੁੰਦਾ ਸੀ। ਮੀਕਾ ਗੱਡੀ ਦਾ ਡਰਾਈਵਰ ਵੀ ਸੀ।

"ਬਾਬਾ ਜੀ ਆਓ ਮੇਰੇ ਨਾਲ।"

"ਥਾਣੇਦਾਰ ਬਾਬੇ ਬਿਸ਼ਨੇ ਨੂੰ ਲੈ ਕੇ ਗੱਡੀ ਵਿਚ ਬੈਠ ਗਿਆ। ਮੀਕਿਆ ਕੋਈ ਥੈਲੀ ਵਗੈਰਾ ਵੀ ਅਸਥ ਰੱਖਣ ਲਈ ਆਪਣੇ ਨਾਲ ਲੈ ਲੈਣੀ ਸੀ।"

"ਜਨਾਬ ਮੈਂ ਲਿਫ਼ਾਫ਼ਾ ਲੈ ਲਿਆ। ਕੋਈ ਅੱਧੇ ਘੰਟੇ ਵਿਚ ਹੀ ਗੱਡੀ ਪਿੰਡ ਦੇ ਸਿਵਿਆਂ ਵਿਚ ਪਹੁੰਚ ਗਈ। ਗੱਡੀ ਦੀਆਂ ਲਾਈਟਾਂ ਵਿਚ ਥਾਣੇਦਾਰ ਅਤੇ ਮੀਕੇ ਨੇ ਸਿਮਰ ਦੀ ਠੰਢੀ ਹੋਈ ਰਾਖ ਵਿੱਚੋਂ ਅਸਥੀਆਂ ਚੁੱਗਕੇ ਲਿਫ਼ਾਫ਼ੇ ਵਿਚ ਪਾ ਲਈਆਂ। ਬਾਬਾ ਬਿਸ਼ਨਾ ਗੱਡੀ ਨਾਲ ਢੋਅ ਲਾ ਕੇ ਬੁੱਤ ਬਣਿਆ ਧੀ ਦੀ ਠੰਢੀ ਹੋਈ ਰਾਖ ਨੂੰ ਵੇਖ ਰਿਹਾ ਸੀ। ਅੱਖਾਂ ਵਿਚ ਤਾਂ ਹੁਣ ਪਾਣੀ ਵੀ ਨਹੀਂ ਸੀ। ਉਹ ਬੇਵੱਸ ਲਚਾਰ ਬੁੱਢਾ ਆਦਮੀ ਇਸ ਮਤਲਬਪ੍ਰਸਤ ਦੁਨੀਆ ਵਿਰੁੱਧ ਕਰ ਵੀ ਕੀ ਸਕਦਾ ਸੀ।"

"ਜਨਾਬ ਅਸਥੀਆਂ ਤਾਂ ਚੁੱਗ ਲਈਆਂ ਜੇ ਕਹੋ ਤਾਂ ਦਰਿਆ ਇੱਥੋਂ ਲਾਗੇ ਹੀ ਪੈਂਦਾ ਬਾਬਾ ਜੀ ਉੱਥੇ ਅਸਥੀਆਂ ਜਲ-ਪ੍ਰਵਾਹ ਕਰ ਦੇਣਗੇ ਤਾਂ ਅਸੀਂ ਇਨ੍ਹਾਂ ਨੂੰ ਪਿੰਡ ਛੱਡਕੇ ਵਾਪਸ ਆ ਜਾਵਾਂਗੇ।"

"ਗੱਲ ਤਾਂ ਤੇਰੀ ਮੀਕੇ ਠੀਕ ਆ। ਮੇਰੇ ਤਾਂ ਧਿਆਨ ਵਿਚ ਹੀ ਨੀਂ ਆਇਆ। ਪਾਣੀ ਵਿਚ ਧੀ ਦੀਆਂ ਅਸਥੀਆਂ ਤਾਰ ਕੇ ਰੱਬ ਅੱਗੇ ਉਸ ਦੀ ਆਤਮਾ ਲਈ ਸ਼ਾਂਤੀ ਦੀ ਅਰਦਾਸ ਕਰਾਂਗੇ। ਗੱਡੀ ਦਰਿਆ ਵੱਲ ਮੁੜ ਗਈ। ਥੋੜ੍ਹੀ ਦੇਰ ਬਾਅਦ ਦਰਿਆ ਆ ਗਿਆ।

"ਬਾਬਾ ਜੀ ਆ ਲਉ ਧੀ ਦੀਆਂ ਅਸਥੀਆਂ, ਚੱਲੋ ਮੈਂ ਵੀ ਤੁਹਾਡੇ ਨਾਲ ਚੱਲਦਾਂ ਮੇਰੀ ਵੀ ਤਾਂ ਉਹ ਧੀ ਹੀ ਸੀ।"

ਬਾਬੇ ਬਿਸ਼ਨੇ ਨੂੰ ਮੋਢੇ ਤੋਂ ਫੜ ਕੇ ਸਹਾਰਾ ਦਿੰਦਾ ਥਾਣੇਦਾਰ ਬਾਬੇ ਨੂੰ ਵਗਦੇ ਦਰਿਆ ਵੱਲ ਲੈ ਗਿਆ।

"ਬਾਬਾ ਜੀ ਲਓ ਰੱਬ ਦਾ ਨਾਂ ਧੀ ਦੀਆਂ ਅਸਥੀਆਂ ਨੂੰ ਜਲ ਪ੍ਰਵਾਹ ਕਰ ਕੇ ਰੱਬ ਅੱਗੇ ਅਰਦਾਸ ਕਰੋ ਕਿ ਉਹ ਉਸਦੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇ ਕੇ ਚੁਰਾਸੀ ਦੇ ਗੇੜ ਤੋਂ ਮੁਕਤ ਕਰੇ।"

ਬਾਬੇ ਬਿਸ਼ਨੇ ਨੇ ਥੋੜ੍ਹਾ ਅੱਗੇ ਹੋ ਕੇ ਅਸਥੀਆਂ ਨੂੰ ਪਾਣੀ ਵਿਚ ਸੁੱਟਿਆ। ਇਸ ਦੇ ਨਾਲ ਹੀ 'ਧੜੱਮ' ਦੀ ਇਕ ਆਵਾਜ਼ ਨੇ ਸ਼ਾਂਤ ਚੱਲ ਰਹੇ ਪਾਣੀ ਵਿਚ ਹਲ-ਚੱਲ ਪੈਦਾ ਤਕ ਦਿੱਤੀ। ਥੋੜ੍ਹੀ ਦੇਰ ਪਾਣੀ ਦੀ ਉੱਥਲ-ਪੁੱਥਲ ਹੋਈ ਫਿਰ ਪਾਣੀ ਆਪਣੀ ਤੋਰ ਤੁਰਦਾ ਗਿਆ।

ਜੀਪ ਵਾਪਸ ਥਾਣੇ ਵੱਲ ਮੁੜ ਪਈ। ਮੀਕਾ ਥਾਣੇਦਾਰ ਵੱਲ ਵੇਖ ਕੇ ਥੋੜ੍ਹਾ ਮੁਸਕਰਾਇਆ। ਗੱਡੀ ਵਿਚ ਹੁਣ ਮੀਕਾ ਤੇ ਥਾਣੇਦਾਰ ਹੀ ਸਨ ਪਰ ਬਾਬਾ ਬਿਸ਼ਨਾ ਨਹੀਂ ਸੀ। •



# ਖ਼ਾਲੀ ਹੱਥ ਆਏ ਸਾਂ ਤੇ ਕੀ ਲੈ ਕੇ ਜਾਵਾਂਗੇ?

'ਖ਼ਾਲੀ ਹੱਥ ਆਏ ਹਾਂ ਤੇ ਖ਼ਾਲੀ ਹੱਥ ਜਾਵਾਂਗੇ' ਕਹਾਵਤ ਸਦੀਆਂ ਤੋਂ ਸੁਣਦੇ ਆ ਰਹੇ ਹਾਂ। ਪ੍ਰੰਤੂ ਜਦ ਇਸ ਦਾ ਆਲੋਚਨਾਤਮਿਕ ਵਿਸ਼ਲੇਸ਼ਣ ਕੀਤਾ ਤਾਂ ਇਹ ਗੱਲ ਤੱਥਾਂ ਉੱਪਰ ਪੂਰੀ ਉਤਰਦੀ ਨਜ਼ਰ ਨਹੀਂ ਆਈ। ਮਾਫ਼ ਕਰਨਾ ਮੈਂ ਇਕ ਉਦਾਹਰਣ ਦੇਣ ਲੱਗਿਆ ਹਾਂ। ਸਾਡਾ ਬੱਚਾ ਤਿੰਨ ਚਾਰ ਸਾਲ ਦਾ ਸਾਡੀ ਨੌਕਰਾਣੀ ਦੇ ਛੋਟੇ ਬੱਚੇ ਨਾਲ ਬਹੁਤ ਪਿਆਰ ਨਾਲ ਖੇਡਦਾ ਹੈ ਉਸ ਬੱਚੇ ਦੇ ਕੱਪੜੇ ਸਾਫ਼ ਸੁਥਰੇ ਨਾ ਹੋਣ ਕਾਰਨ ਤੇ ਨਾਲ ਹੀ ਨੌਕਰਾਣੀ ਦਾ ਬੱਚਾ ਹੋਣ ਕਾਰਨ ਅਸੀਂ ਕਈ ਤਰੀਕਿਆਂ ਨਾਲ ਆਪਣੇ ਬੱਚੇ ਨੂੰ ਉਸ ਨਾਲ ਖੇਡਣੋਂ ਰੋਕਣ ਦੀ ਕੋਸ਼ਿਸ਼ ਕਰਦੇ ਹਾਂ ਪ੍ਰੰਤੂ ਅਸੀਂ ਕਾਮਯਾਬ ਨਹੀਂ ਹੁੰਦੇ। ਸਾਡਾ ਬੱਚਾ ਆਪਣੇ ਖਿਡੌਣੇ ਤਕ ਵੀ ਉਸ ਨੂੰ ਦੇ ਦਿੰਦਾ ਹੈ।

ਇਸ ਦਾ ਕਾਰਨ ਹੈ ਕਿ ਜਦ ਅਸੀਂ ਸੰਸਾਰ 'ਤੇ ਆਉਂਦੇ ਹਾਂ ਤਾਂ ਰੱਬ ਸਾਨੂੰ ਆਪਣੇ ਗੁਣਾਂ ਨਾਲ ਭਰਪੂਰ ਭੇਜਦਾ ਹੈ। ਇਸ ਦੇ ਨਾਲ ਹੀ ਵਰਦਾਨ ਹੈ ਕਿ ਇਹ ਗੁਣ ਲੋੜਵੰਦਾਂ ਵਿਚ ਵੰਡਣ ਨਾਲ ਘਟਣਗੇ ਨਹੀਂ ਸਗੋਂ ਵਧਣਗੇ। ਇਨ੍ਹਾਂ ਦੀ ਪੂਰਤੀ ਕਿਸੇ ਨਾ ਕਿਸੇ ਰੂਪ ਵਿਚ ਨਾਲ ਦੀ ਨਾਲ ਹੁੰਦੀ ਰਹੇਗੀ।

ਤਿੰਨ ਚਾਰ ਸਾਲ ਦੀ ਉਮਰ ਤਕ ਸਾਡੇ ਕੋਲ ਰੱਬੀ ਗੁਣ ਹੀ ਹੁੰਦੇ ਹਨ ਤੇ ਸੰਸਾਰਕ ਔਗੁਣਾਂ ਤੋਂ ਵਾਂਝੇ ਹੁੰਦੇ ਹਾਂ। ਜਿਉਂ-ਜਿਉਂ ਅਸੀਂ ਵੱਡੇ ਹੁੰਦੇ ਜਾਂਦੇ ਹਾਂ ਤਾਂ ਪਰਿਵਾਰ ਦੇ ਮੈਂਬਰਾਂ ਤੋਂ ਔਗੁਣ ਸਿੱਖਣ ਲਗ ਜਾਂਦੇ ਹਾਂ ਅਤੇ ਹੌਲੀ-ਹੌਲੀ ਆਪਣੇ ਗੁਣ ਤਿਆਗਦੇ ਜਾਂਦੇ ਹਾਂ। ਹੌਲੀ-ਹੌਲੀ ਮੁਹਾਰਤ ਇੰਨੀ ਹੋ ਜਾਂਦੀ ਹੈ ਕਿ ਸਾਡੇ ਔਗੁਣਾਂ ਦਾ ਪੱਲੜਾ ਗੁਣਾਂ ਦੇ ਪੱਲੜੇ ਨਾਲੋਂ ਭਾਰੂ ਹੋ ਜਾਂਦਾ ਹੈ। ਇੱਥੋਂ ਸ਼ੁਰੂ ਹੁੰਦਾ ਹੈ ਸਾਡੀ ਬੇਚੈਨੀ ਤੇ ਬੇਅਰਾਮੀ ਦਾ ਸਫ਼ਰ ਜਾਂ ਜ਼ਿੰਦਗੀ ਦੇ ਮਾਨਸਿਕ ਤੇ ਸਰੀਰਕ ਦੁੱਖਾਂ ਦਾ ਸਿਲਸਿਲਾ। ਜਿਸ 'ਚ ਲਗਾਤਾਰਤਾ ਆਉਂਦੀ ਰਹਿੰਦੀ ਹੈ।

ਇਸ ਮਾੜੇ ਰੁਝਾਨ ਤੋਂ ਬਚਿਆ ਜਾ ਸਕਦਾ ਹੈ। ਉਸ ਲਈ ਸਾਨੂੰ ਖ਼ਿਆਲ ਰੱਖਣਾ ਹੋਵੇਗਾ ਕਿ ਸਾਡਾ ਔਗੁਣਾਂ ਵਾਲਾ ਪੱਲੜਾ ਭਾਰੂ ਨਾ ਹੋਵੇ। ਜ਼ਿੰਦਗੀ ਜਿਉਂਦਿਆਂ ਕੋਸ਼ਿਸ਼ ਕੀਤੀ ਜਾਵੇ ਜਿਸ ਨਾਲ ਗੁਣ ਕਮਾਏ ਜਾਣ ਤੇ ਔਗੁਣਾਂ ਤੋਂ ਦੂਰ ਰਿਹਾ ਜਾਵੇ। ਇਸ ਪ੍ਰਕਿਰਿਆ ਨੂੰ ਹੀ ਪੂਜਾ ਕਿਹਾ ਗਿਆ ਹੈ। ਇਹ ਕਰਨਾ ਔਖਾ ਹੈ ਤੇ ਅਸੀਂ ਸੱਚੇ ਹੋਣ ਲਈ ਹੋਰ ਸੌਖੇ ਤਰੀਕੇ ਲਭ ਲਏ ਹਨ ਤੇ ਲੋਕਾਂ ਦੀਆਂ ਨਜ਼ਰਾਂ ਵਿਚ ਧਾਰਮਿਕ ਬਣ ਜਾਂਦੇ ਹਾਂ।

• ਸੁਖਦੇਵ ਸਿੰਘ, 9417191916

# ਪੁਸਤਕ ਚਰਚਾ

ਡਾ. ਅਮਰ ਕੋਮਲ ਨਿਰੰਤਰਤਾ ਨਾਲ ਸਾਹਿਤਕ ਰਚਨਾ ਕਰਨ ਵਾਲਾ ਸਾਹਿਤਕਾਰ ਹੈ। ਉਸ ਦੀ ਸਾਹਿਤਕ ਸਾਧਨਾ ਦਾ ਹੀ ਸਿੱਟਾ ਹੈ ਕਿ ਉਸ ਨੇ ਦਰਜਨਾਂ ਸਾਹਿਤਕ ਪੁਸਤਕਾਂ ਦੀ ਰਚਨਾ ਅਤੇ ਸੰਪਾਦਨਾ ਕੀਤੀ ਹੈ। ਡਾ. ਬਲਦੇਵ ਸਿੰਘ ਬੱਦਨ ਦੁਆਰਾ ਡਾ. ਅਮਰ ਕੋਮਲ ਦੀ ਕਾਵਿ-ਰਚਨਾ ਨੂੰ ਆਲੋਚਨਾਤਮਕ ਨਜ਼ਰੀਏ ਤੋਂ ਉਸ ਦੇ ਕਾਵਿ ਸੰਗ੍ਰਹਿਆਂ ਦੀ ਪਰਖ ਪੜਚੋਲ ਦੇ ਰੂਪ ਵਿਚ ਆਪਣੀ ਨਵੀਂ ਪੁਸਤਕ 'ਦਾਰਸ਼ਨਿਕ ਤੇ ਪ੍ਰਗਤੀਵਾਦੀ ਦ੍ਰਿਸ਼ਟੀਕੋਣ ਤੋਂ ਡਾ. ਅਮਰ ਕੋਮਲ ਦੀ ਕਾਵਿ ਚੇਤਨਾ ਦੇ ਮਾਨਵੀ ਸਰੋਕਾਰ' ਪਾਠਕਾਂ ਦੇ ਰੂ-ਬ-ਰੂ ਕੀਤੀ ਗਈ ਹੈ। ਉਸ ਦੀਆਂ ਪਹਿਲੀਆਂ ਤਿੰਨ ਪੁਸਤਕਾਂ 'ਨੂਰ ਦੇ ਫੁੱਲ','ਬੰਦਨਬਾਰ' ਅਤੇ 'ਕਿਰਨਾਂ ਦੇ ਸਿਰਨਾਵੇਂ' ਬਾਰੇ ਅਧਿਐਨ ਪ੍ਰਸਤੁਤ ਕਰਦਿਆਂ ਡਾ. ਬੱਦਨ ਨੇ ਆਪਣੀ ਧਾਰਨਾ ਪੇਸ਼ ਕੀਤੀ ਹੈ ਕਿ ਉਸਦੀ ਮਾਨਵੀ ਦ੍ਰਿਸ਼ਟੀ ਸਮੁੱਚੀ ਦੁਨੀਆ ਲਈ ਸ਼ਾਂਤੀ, ਸੁੱਖ ਅਤੇ ਸੁਤੰਤਰਤਾ ਦਾ ਸੁਨੇਹਾ ਦਿੰਦੀ ਹੈ। ਉਸ ਦਾ ਵਿਚਾਰ ਹੈ ਕਿ ਇਨ੍ਹਾਂ ਕਵਿਤਾਵਾਂ ਵਿਚ ਉਸ ਦੀ ਆਸ਼ਾਵਾਦੀ ਪਹੁੰਚ ਦੀ ਥਹੁ ਵੀ ਲਗਦੀ ਹੈ।

ਇਸ ਤੋਂ ਪਿੱਛੋਂ ਉਸ ਦੇ ਤਿੰਨ ਹੋਰ ਕਾਵਿ ਸੰਗ੍ਰਹਿਆਂ 'ਮੇਰਾ ਸਲਾਮ', 'ਸਤਯਮੇਵ ਜਯਤੇ' ਅਤੇ 'ਤਥਾ ਅਸਤੂ' ਵਿਚ ਸਮੁੱਚੇ ਰੂਪ ਵਿਚ ਉਸ ਦੀ ਧਾਰਨਾ ਹੈ ਕਿ ਸੂਚਨਾ ਅਤੇ ਤਕਨਾਲੋਜੀ ਨੇ ਪੂੰਜੀਵਾਦ ਦਾ ਫੈਲਾਓ ਕੀਤਾ ਹੈ ਪਰ ਮਿਹਨਤੀ ਵਿਅਕਤੀ ਦੇ ਹੱਕ ਹਮੇਸ਼ਾ ਹੀ ਨਿਗੂਣੇ ਹੀ ਰਹੇ। ਤੀਜੇ ਅਧਿਆਇ ਵਿਚ ਅਧਿਐਨ ਕਰਤਾ ਨੇ 'ਉਸ ਨੂੰ ਮੇਰਾ ਸਲਾਮ' ਕਵਿਤਾ ਦੀਆਂ ਪਾਠਗਤ ਵਿਸ਼ੇਸ਼ਤਾਵਾਂ ਦਾ ਵਿਹਾਰਕ ਅਧਿਐਨ ਪ੍ਰਸਤੁਤ ਕੀਤਾ ਹੈ।



ਇਸ ਤੋਂ ਇਲਾਵਾ ਪੁਸਤਕ ਵਿਚ 'ਮੇਰੇ ਸਾਹਿਬ ਜੀਓ' ਕਾਵਿ ਸੰਗ੍ਰਹਿ ਬਾਰੇ ਡਾ. ਬੱਦਨ ਨੇ ਇਸ ਨੂੰ ਪਰਮਾਤਮਾ ਅਤੇ ਆਤਮ ਦੇ ਬੌਧਿਕ ਸੰਕਟ ਦੀ ਕਵਿਤਾ ਕਿਹਾ ਹੈ ਜਿਸ ਵਿਚ ਕਵੀ ਨੇ ਦਾਰਸ਼ਨਿਕ ਸ਼ੈਲੀ ਵਿਚ ਹਕੀਕਤ ਦੀ ਪਛਾਣ ਕਰਨ ਅਤੇ ਜਾਗ੍ਰਿਤ ਅਵਸਥਾ ਵਿਚ ਵਿਚਰਨ ਬਾਰੇ ਕਾਵਿਕ ਸਿਰਜਣਾ ਪੇਸ਼ ਕੀਤੀ ਹੈ। ਸਮੁੱਚੇ ਰੂਪ ਵਿਚ ਡਾ. ਅਮਰ ਕੋਮਲ ਦੇ ਸਾਹਿਤਕ ਸੰਸਾਰ ਨੂੰ ਸਮਝਣ ਲਈ ਇਹ ਪੁਸਤਕ ਭਰਪੂਰ ਰੂਪ ਵਿਚ ਆਲੋਚਨਾਤਮਕ ਜਾਣਕਾਰੀ ਮੁਹੱਈਆ ਕਰਵਾਉਂਦੀ ਹੈ।

| | | | |
|---|---|---|---|
| ਪੁਸਤਕ : | ...ਡਾ. ਅਮਰ ਕੋਮਲ ਦੀ ਕਾਵਿ ਚੇਤਨਾ ਦੇ ਮਾਨਵੀ ਸਰੋਕਾਰ | ਪੰਨੇ : | 271 |
| ਲੇਖਕ : | ਡਾ. ਬਲਦੇਵ ਸਿੰਘ ਬੱਦਨ | ਮੁੱਲ : | 400/- |

ਗੁਰੂ ਗੋਬਿੰਦ ਸਿੰਘ ਜੀ ਗੁਰੂ ਨਾਨਕ ਦੇਵ ਜੀ ਦੀ ਦਸਵੀਂ ਜੋਤ ਸਨ ਜਿਨ੍ਹਾਂ ਨੇ ਸਿੱਖ ਧਰਮ ਅਤੇ ਹਿੰਦੁਸਤਾਨ ਦੇ ਇਤਿਹਾਸ ਵਿਚ ਗੁਰੂ ਰੂਪ, ਯੋਧੇ ਸੂਰਬੀਰ, ਦਾਨੀ ਦਾਇਆਵਾਨ ਅਤੇ ਇਕ ਬਹੁਤ ਵੱਡੇ ਸਾਹਿਤਕਾਰ ਦੇ ਰੂਪ ਵਿਚ ਉੱਚਤਮ ਅਤੇ ਮਹੱਤਵਪੂਰਨ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਦੁਆਰਾ 42 ਸਾਲ ਦੀ ਛੋਟੀ ਜਿਹੀ ਉਮਰ ਵਿਚ ਕੀਤੇ ਕਾਰਜ ਇਤਿਹਾਸ ਨੂੰ ਖੋਜਣ ਵਾਚਣ ਵਾਲੇ ਵਿਦਾਵਾਨਾਂ ਨੂੰ ਹੈਰਾਨੀ ਵਿਚ ਪਾ ਦਿੰਦਾ ਹਨ ਕਿ ਇੰਨੀ ਛੋਟੀ ਉਮਰ ਵਿਚ ਇੰਨੇ ਵੱਡੇ ਕੰਮ ਉਨ੍ਹਾਂ ਨੇ ਸਾਰੀ ਜ਼ਿੰਦਗੀ ਬਗ਼ੈਰ ਰੁਕੇ ਜਾਂ ਆਰਾਮ ਕੀਤੇ ਕਿਵੇਂ ਕਰ ਵਿਖਾਏ ਪਰ ਇਹ ਉਨ੍ਹਾਂ ਦੀ ਅਗੰਮੀ ਸ਼ਖ਼ਸੀਅਤ ਦਾ ਪ੍ਰਮਾਣ ਹੈ ਕਿ ਉਹ ਦੁਨਿਆਵੀ ਅਤੇ ਪਰਮਾਰਥ ਦੇ ਖੇਤਰ ਵਿਚ ਬਰਾਬਰ ਵਿਚਰਦੇ ਰਹੇ।

ਡਾ. ਸਵਿੰਦਰ ਪਾਲ ਦੁਆਰਾ ਲਿਖੀ ਪੁਸਤਕ 'ਯੁੱਗ ਪਰਿਵਰਤਕ ਮਹਾਂਪੁਰਸ਼ ਗੁਰੂ ਗੋਬਿੰਦ ਸਿੰਘ' ਗੁਰੂ ਗੋਬਿੰਦ ਸਿੰਘ ਜੀ ਦੁਆਰਾ ਆਪਣੇ ਜੀਵਨ ਕਾਲ ਦੌਰਾਨ ਕੀਤੇ ਮਹਾਨ ਕਾਰਜਾਂ ਬਾਰੇ ਚਾਨਣਾ ਪਾਉਂਦੀ ਪੁਸਤਕ ਹੈ। ਭਾਵੇਂ ਕਿ ਬਹੁਤੇ ਪਾਠਕ ਗੁਰੂ ਗੋਬਿੰਦ ਸਿੰਘ ਦੀ ਸ਼ਖ਼ਸੀਅਤ ਤੇ ਕਾਰਜਾਂ ਤੋਂ ਪਹਿਲਾਂ ਹੀ ਵਾਕਿਫ਼ ਹਨ ਪਰ ਇਸ ਪੁਸਤਕ ਦੀ ਵਿਸ਼ੇਸ਼ਤਾ ਇਹ ਹੈ ਕਿ ਇਸ ਵਿਚ ਲੇਖਕ ਨੇ ਗੁਰੂ ਗੋਬਿੰਦ ਸਿੰਘ ਜੀ ਬਾਰੇ ਸ਼ੁਰੂ ਵਿਚ ਸਮੁੱਚਾ ਜੀਵਨ ਬਿਓਰਾ ਦੇਣ ਤੋਂ ਬਾਅਦ ਉਨ੍ਹਾਂ ਬਾਰੇ ਵੱਖ-ਵੱਖ ਸਿਰਲੇਖਾਂ ਤਹਿਤ ਵਿਸਥਾਰਤ ਵੇਰਵੇ ਦਿੱਤੇ ਹਨ। ਗਿਆਨ ਵਜੋਂ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਲੜੀਆਂ ਲੜਾਈਆਂ/ਯੁੱਧਾਂ ਦਾ ਇਕੱਲਾ-ਇਕੱਲਾ ਵੇਰਵਾ ਦਰਜ ਕੀਤਾ ਗਿਆ ਹੈ।



ਇਸ ਤੋਂ ਇਲਾਵਾ ਉਨ੍ਹਾਂ ਦੁਆਰਾ ਰਚੀ ਬਾਣੀ ਬਾਰੇ ਵੀ ਵਿਸਥਾਰਤ ਰੂਪ ਵਿਚ ਚਰਚਾ ਕੀਤੀ ਹੈ ਅਤੇ ਬਾਣੀ ਦੇ ਰੂਪਕ ਪੱਖ ਬਾਰੇ ਵੀ ਚਾਨਣਾ ਪਾਇਆ ਹੈ। ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰਾਂ, 52 ਕਵੀਆਂ ਬਾਰੇ ਵੇਰਵੇ ਤੋਂ ਇਲਾਵਾ ਖ਼ਾਲਸਾ ਪੰਥ ਦੀ ਸਾਜਨਾ ਦਾ ਇਤਿਹਾਸ, ਗੁਰੂ ਗੋਬਿੰਦ ਸਿੰਘ ਜੀ ਦੇ 52 ਹੁਕਮ ਵੀ ਪੁਸਤਕ ਵਿਚ ਦਰਜ ਕੀਤੇ ਗਏ ਹਨ।

• ਡਾ. ਸਰਦੂਲ ਸਿੰਘ ਔਜਲਾ

| | | | |
|---|---|---|---|
| ਪੁਸਤਕ : | ਯੁੱਗ ਪਰਿਵਰਤਕ ਗੁਰੂ ਗੋਬਿੰਦ ਸਿੰਘ | ਪੰਨੇ : | 143 |
| ਲੇਖਿਕਾ : | ਡਾ. ਸਵਿੰਦਰਪਾਲ | ਮੁੱਲ : | 200/- |

ਰਾਜੇਸ਼ ਜੋਸ਼ੀ ਹਿੰਦੀ ਸਾਹਿਤ ਦਾ ਮੰਨਿਆ-ਪ੍ਰਮੰਨਿਆ ਹਸਤਾਖ਼ਰ ਹੈ। ਨਰਸਿੰਘਗੜ੍ਹ (ਮੱਧ ਪ੍ਰਦੇਸ਼) ਦੇ ਇਸ ਸ਼ਾਇਰ ਨੇ ਹਿੰਦੀ ਸਾਹਿਤ ਦੀ ਝੋਲੀ 'ਚ ਕਈ ਦਰਜਨਾਂ ਕਾਵਿ ਪੁਸਤਕਾਂ ਪਈਆਂ ਹਨ ਅਤੇ ਦਰਜਨਾਂ ਪੁਸਤਕਾਂ ਦੀ ਸੰਪਾਦਨਾ ਵੀ ਕੀਤੀ। ਕਵਿਤਾ ਤੋਂ ਇਲਾਵਾ ਉਸ ਨੇ ਕਹਾਣੀਆਂ ਅਤੇ ਨਾਟਕਾਂ ਦੀ ਰਚਨਾ ਵੀ ਕੀਤੀ ਹੈ। ਰਾਜੇਸ਼ ਜੋਸ਼ੀ ਦੀਆਂ ਪੁਸਤਕਾਂ ਦਾ ਅਨੁਵਾਦ ਭਾਰਤੀ ਭਾਸ਼ਾਵਾਂ 'ਚ ਹੀ ਨਹੀਂ ਅੰਗਰੇਜ਼ੀ, ਰੂਸੀ ਅਤੇ ਜਰਮਨੀ ਭਾਸ਼ਾ 'ਚ ਵੀ ਹੋਇਆ ਹੈ। 'ਮਾਰੇ ਜਾਣਗੇ' ਕਾਵਿ ਸੰਗ੍ਰਹਿ ਵੀ ਇਸੇ ਲੜੀ ਦਾ ਹਿੱਸਾ ਹੈ। ਇਸ ਪੁਸਤਕ ਨੂੰ ਪੰਜਾਬੀ ਦੇ ਬਹੁਤ ਹੀ ਸੁਹਿਰਦ ਤੇ ਸੁਲਝੇ ਅਨੁਵਾਦਕ ਸ਼ਾਇਰ ਅਮਰਜੀਤ ਕੌਂਕੇ ਨੇ ਅਨੁਵਾਦ ਕੀਤਾ ਹੈ।

ਇਸ ਕਾਵਿ ਸੰਗ੍ਰਹਿ 'ਚ ਰਾਜੇਸ਼ ਜੋਸ਼ੀ ਦੀਆਂ 50 ਛੋਟੀਆਂ-ਵੱਡੀਆਂ ਕਵਿਤਾਵਾਂ ਸ਼ਾਮਿਲ ਹਨ। ਇਹ ਕਵਿਤਾਵਾਂ ਸਮਾਜਿਕ ਤਾਣੇ-ਬਾਣੇ ਦੀਆਂ ਉਲਝਣਾਂ ਨੂੰ ਬਹੁਤ ਹੀ ਸਰਲ ਤੇ ਕਲਾਤਮਿਕ ਢੰਗ ਨਾਲ ਪੇਸ਼ ਕਰਦੀਆਂ ਹਨ। ਕਵੀ ਚੌਗਿਰਦੇ 'ਚ ਵਾਪਰ ਰਹੀ ਹਰ ਛੋਟੀ ਵੱਡੀ ਘਟਨਾ ਨੂੰ ਬਹੁਤ ਹੀ ਧਿਆਨ ਨਾਲ ਵਾਚਦਾ ਹੈ ਅਤੇ ਫਿਰ ਇਸ ਘਟਨਾ ਨੂੰ ਆਪਣੀ ਕਵਿਤਾ ਦੇ ਵਿਸ਼ਾ-ਵਸਤੂ ਦੇ ਤੌਰ 'ਤੇ ਇਸਤੇਮਾਲ ਕਰਦਾ ਹੈ। ਉਸ ਦੀ ਕਵਿਤਾ ਦਾ ਵਿਸ਼ਾ ਬਰਸਾਤ 'ਚ ਬਿਜਲੀ ਖ਼ਰਾਬ ਹੋਣ 'ਤੇ ਉਸ ਨੂੰ ਠੀਕ ਕਰਨ ਆਏ ਮੁਲਾਜ਼ਮ, ਮਸਤੀ ਕਰਦੀ ਚਿੜੀ, ਨਾਨੇ ਦੀ ਸਾਇਕਲ, ਬਜ਼ੁਰਗ ਬੰਦੇ ਦਾ ਕਾਰ ਚਲਾਉਣੀ ਸਿੱਖਣਾ, ਕਿਸੇ ਦੁਖਦਾਇਕ ਘਟਨਾ ਨੂੰ ਹੋਣ ਤੋਂ ਰੋਕਣ ਦੀ ਅਪੀਲ ਲਿਖਣਾ ਅਤੇ ਝਾੜੂ ਦੀ ਨੀਤੀ ਕਥਾ ਆਦਿ ਹਨ।



ਰਾਜੇਸ਼ ਜੋਸ਼ੀ ਦੀ ਕਵਿਤਾ 'ਚ ਅਥਾਹ ਰਵਾਨੀ ਹੈ। ਸੁਰਸੰਗੀਤਮਈ ਹੈ। ਦੇਖਣ ਨੂੰ ਸਧਾਰਨ ਪਰ ਪੜ੍ਹਨ 'ਤੇ ਅਰਥ ਸਮਝ ਆਉਣ ਵਿਚ ਅਤਿ ਦਰਜੇ ਦੀ ਸੂਖਮ ਤੇ ਭਾਵਨਾਵਾਂ ਨਾਲ ਜੁੜੀ ਕਵਿਤਾ ਸਾਡੇ ਸਾਹਮਣੇ ਆਉਂਦੀ ਹੈ। ਇਕ ਵਾਰੀ ਪੜ੍ਹਨਾ ਸ਼ੁਰੂ ਕਰਨ ਉਪਰੰਤ ਕਾਵਿ ਸੰਗ੍ਰਹਿ 'ਮਾਰੇ ਜਾਣਗੇ' ਨੂੰ ਅਣਗੌਲਿਆਂ ਨਹੀਂ ਕੀਤਾ ਜਾ ਸਕਦਾ। ਪੁਸਤਕ ਦਾ ਸਵਾਗਤ ਹੈ।

| | | | |
|---|---|---|---|
| ਪੁਸਤਕ : | ਮਾਰੇ ਜਾਣਗੇ | ਪੰਨੇ : | 96 |
| ਸ਼ਾਇਰ : | ਰਾਜੇਸ਼ ਜੋਸ਼ੀ | ਅਨੁਵਾਦਕ : | ਕੌਂਕੇ |

ਮਲਵਿੰਦਰ ਪੰਜਾਬੀ ਸਾਹਿਤ ਦਾ ਸਥਾਪਿਤ ਹਸਤਾਖ਼ਰ ਹੈ। ਹੱਥਲਾ ਸੰਗ੍ਰਹਿ 'ਸੁਪਨਿਆਂ ਦਾ ਪਿੱਛਾ ਕਰਦਿਆਂ' ਉਸ ਦਾ ਛੇਵਾਂ ਕਾਵਿ ਸੰਗ੍ਰਹਿ ਹੈ। ਇਸ ਤੋਂ ਪਹਿਲਾਂ ਉਹ 'ਗ਼ੈਰਹਾਜ਼ਰ, ਕਾਇਆ ਦੇ ਹਰਫ਼, ਚਿੜੀਆਂ ਦਾ ਪਿੰਡ, ਬਿਨ ਸਿਰਲੇਖ, ਸਵਾਲ ਨਾ ਕਰ' ਨਾਲ ਪਾਠਕਾਂ ਦੇ ਸਨਮੁੱਖ ਹੋ ਚੁੱਕਾ ਹੈ। ਇਸ ਪੁਸਤਕ 'ਚ ਮਲਵਿੰਦਰ ਨੇ ਪਾਠਕਾਂ ਨੂੰ 85 ਛੋਟੀਆਂ-ਵੱਡੀਆਂ ਕਵਿਤਾਵਾਂ ਪਰੋਸੀਆਂ ਹਨ। ਇਨ੍ਹਾਂ ਕਵਿਤਾਵਾਂ 'ਚ ਦੇਸ਼ ਦੀ ਵਿਗੜ ਰਹੀ ਰਾਜਨੀਤਕ ਵਿਵਸਥਾ ਦੇ ਨਾਲ-ਨਾਲ ਰਾਜਸੀਆਂ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਲੋਕਾਂ ਦੇ ਭੋਲੇਪਨ ਦਾ ਫ਼ਾਇਦਾ ਉਠਾਉਣ ਦੀ ਬਾਖ਼ਬੀ ਵਿਆਖਿਆ ਕੀਤੀ ਗਈ। ਮਲਵਿੰਦਰ ਸਿੰਘ ਦੀ ਕਵਿਤਾ ਪੜ੍ਹਦਿਆਂ-ਪੜ੍ਹਦਿਆਂ ਰੁਕਣਾ ਤੇ ਸੋਚਣਾ ਪੈਂਦਾ ਹੈ। ਇਸ ਤਰ੍ਹਾਂ ਵੀ ਹੋ ਸਕਦਾ ਹੈ। ਮੇਰੇ ਇਸ ਕਥਨ ਦੀ ਸਾਦਗੀ ਉਸ ਦੀ ਕਵਿਤਾ ਰੋਗ (ਪੰਨਾ 63) ਭਰਦੀ ਹੈ। ਦੇਖੋ :

ਮੇਰਾ ਅਧਿਆਪਕ ਦੋਸਤ ਦੱਸਦਾ ਹੈ
ਮੈਂ ਸਾਰੀ ਉਮਰ ਸ਼ਬਦਾਂ 'ਤੇ
ਨਿਗਾਹ ਨਹੀਂ ਟਿਕਾਈ
ਉਪਰੀ ਜਿਹੀ ਨਜ਼ਰ ਨਾਲ ਹੀ
ਕੰਮ ਸਾਰਿਆ ਹੈ
ਤਾਂ ਹੀ ਅੱਖਾਂ ਕਾਇਮ ਨੇ
ਅਜੇ ਐਨਕ ਵੀ ਨਹੀਂ ਲੱਗੀ।

ਇਸੇ ਤਰ੍ਹਾਂ ਇਕ ਹੋਰ ਮਿਸਾਲ ਦੇਖੋ ਰਾਜਸੀ ਪਾਰਟੀਆਂ ਵੱਲੋਂ ਲੋਕਾਂ ਨੂੰ ਕਿੱਦਾਂ ਅਪਾਹਜ ਬਣਾਇਆ ਜਾਂਦਾ ਹੈ। ਉਸ ਦੀ ਵਿਆਖਿਆ ਕਰਦੀ ਕਵਿਤਾ



ਸੱਤਾ ਜਿਸ ਨੂੰ ਸਬਸਿਡੀ ਦਾ ਰਾਸ਼ਨ ਕਹਿੰਦੀ ਹੈ

ਪਾਵਰ ਵਾਲੇ ਜਾਣਦੇ ਉਨ੍ਹਾਂ ਨੂੰ ਅਪਾਹਜ ਕੀਤਾ ਜਾ ਰਿਹਾ ਹੈ।

ਮਲਵਿੰਦਰ ਦੀ ਕਵਿਤਾ ਲੋਕਈ ਮਸਲਿਆਂ ਦਾ ਦਰਦ ਹੈ। ਆਮ ਆਦਮੀ ਦੀ ਅਜੋਕੇ ਸਮੇਂ ਵਿਚ ਹੋ ਰਹੀ ਹੈ ਦੁਰਦਸ਼ਾ ਦੀ ਕਥਾ ਹੈ। ਉਹ ਲੜਨਾ ਲੋਚਦਾ ਹੈ ਪਰ ਆਪਣੇ ਆਂਢੀਆਂ ਗਵਾਂਢੀਆਂ ਨਾਲ ਨਹੀ ਵਿਸ਼ਵ ਪੱਧਰੀ ਫੈਲੀਆਂ ਬੁਰਾਈਆਂ ਨਾਲ। ਉਸ ਦਾ ਮਨ ਪ੍ਰੇਮ ਨਾਲ ਲਬਰੇਜ਼ ਹੈ। ਉਸ ਦੀ ਅੱਖ ਗ਼ਰੀਬੀ ਭੋਗਦੇ ਇਨਸਾਨ ਨੂੰ ਦੇਖਦੇ ਅੱਥਰੂ ਕੇਰਦੀ ਹੈ। ਚੋਂਦੀਆਂ ਛੱਤਾਂ ਦੇਖ ਕੇ ਉਸ ਦੇ ਦਿਲ 'ਚ ਖਲਬਲੀ ਹੁੰਦੀ ਹੈ। ਪੁਸਤਕ ਪੜ੍ਹਨ ਹੀ ਨਹੀਂ ਸਾਂਭਣਯੋਗ ਵੀ ਹੈ।

• ਜਸਵਿੰਦਰ ਦੂਹੜਾ

| | | | |
|---|---|---|---|
| ਪੁਸਤਕ : | ਸੁਪਨਿਆਂ ਦਾ ਪਿੱਛਾ ਕਰਦਿਆਂ | ਪੰਨੇ : | 132 |
| ਸ਼ਾਇਰ : | ਮਲਵਿੰਦਰ ਸਿੰਘ | ਮੁੱਲ : | 390/- |

ਸੰਪਾਦਕੀ

# ਦੇਸ਼ ਵਿੱਚ ਐੱਚ1 ਐੱਨ1 ਫਲੂ ਦੇ ਵਧਦੇ ਮਾਮਲੇ

ਦੇਸ਼ ਵਿੱਚ ਐੱਚ1 ਐੱਨ1 ਫਲੂ ਦੇ ਵਧਦੇ ਮਾਮਲਿਆਂ ਦੇ ਮੱਦੇਨਜ਼ਰ ਨਾ ਤਾਂ ਕੋਈ ਘਬਰਾਹਟ ਹੋਣੀ ਚਾਹੀਦੀ ਹੈ ਅਤੇ ਨਾ ਹੀ ਇਲਾਜ ਵਿੱਚ ਲਾਪਰਵਾਹੀ ਵਰਤੀ ਜਾਣੀ ਚਾਹੀਦੀ ਹੈ। ਇੰਡੀਅਨ ਮੈਡੀਕਲ ਐਸੋਸੀਏਸ਼ਨ ਨੇ ਐਂਟੀਬਾਇਓਟਿਕਸ ਅਤੇ ਐਂਟੀਵਾਇਰਲ (ਲਾਗ ਵਿਰੋਧੀ) ਦਵਾਈਆਂ ਨਾਲ ਇਲਾਜ ਕਰਨ ਖ਼ਿਲਾਫ਼ ਚਿਤਾਵਨੀ ਦਿੱਤੀ ਹੈ ਜਦਕਿ ਆਈ ਸੀ ਐੱਮ ਆਰ ਦਾ ਕਹਿਣਾ ਹੈ ਕਿ ਐੱਚ1 ਐੱਨ1 ਦਾ ਇਹ ਕੋਈ ਨਵਾਂ ਰੂਪ ਨਹੀਂ ਸਗੋਂ ਅਜਿਹੇ ਕੇਸਾਂ ਦਾ ਵਧਣਾ ਮਹਿਜ਼ ਮੌਸਮੀ ਫਲੂ/ਜ਼ੁਕਾਮ ਦਾ ਨਤੀਜਾ ਹੈ। ਇਹ ਭਰੋਸਾ ਭਾਵੇਂ ਸਵਾਗਤਯੋਗ ਹੈ ਪਰ ਇਸ ਘਟਨਾ ਨੇ ਸਾਡੇ ਸਰਕਾਰੀ ਸਿਹਤ ਢਾਂਚੇ ਦੀ ਖਾਮੀ ਨੂੰ ਵੀ ਉਜਾਗਰ ਕੀਤਾ ਹੈ ਜਿੱਥੇ ਹਰ ਬੁਖ਼ਾਰ ਦਾ ਇਲਾਜ ਗੋਲੀ ਨਾਲ ਕੀਤਾ ਜਾਂਦਾ ਹੈ। ਹਕੀਕਤ ਇਹ ਹੈ ਕਿ ਐਂਟੀਬਾਇਓਟਿਕਸ ਦਵਾਈਆਂ ਮੌਸਮੀ ਫਲੂ, ਨਜ਼ਲਾ ਤੇ ਜ਼ੁਕਾਮ ਖ਼ਿਲਾਫ਼ ਕੰਮ ਨਹੀਂ ਕਰਦੀਆਂ। ਫਿਰ ਵੀ ਬੁਖ਼ਾਰ, ਖਾਂਸੀ ਜਾਂ ਸਰੀਰ ਦਰਦ ਦੇ ਮੁੱਢਲੇ ਲੱਛਣ ਸਾਹਮਣੇ ਆਉਣ ’ਤੇ ਹੀ ਅਕਸਰ ਐਂਟੀਬਾਇਓਟਿਕ ਦਾ ਸਹਾਰਾ ਲਿਆ ਜਾਂਦਾ ਹੈ। ਅਜਿਹੇ ਵਿੱਚ ਦਵਾਈਆਂ ਦੀ ਅੰਨ੍ਹੇਵਾਹ ਵਰਤੋਂ ਨਾ ਸਿਰਫ਼ ਨੁਕਸਾਨਦੇਹ ਹੋ ਸਕਦੀ ਹੈ ਸਗੋਂ ਇਹ ਰੋਗਾਣੂਰੋਧੀ ਪ੍ਰਤੀਰੋਧ ਨੂੰ ਬੜ੍ਹਾਵਾ ਦਿੰਦੀ ਹੈ ਜਿਸ ਨਾਲ ਮੌਸਮੀ ਫਲੂ ਜਾਂ ਲਾਗ ਖ਼ਿਲਾਫ਼ ਦਵਾਈਆਂ ਦਾ ਅਸਰ ਘਟ ਜਾਂਦਾ ਹੈ। ਜਦੋਂ ਫਲੂ ਦੇ ਨਾਲ-ਨਾਲ ਕੋਈ ਹੋਰ ਇਨਫੈਕਸ਼ਨ ਵੀ ਹੋ ਜਾਂਦੀ ਹੈ ਤਾਂ ਐਂਟੀਬਾਇਓਟਿਕਸ ਦੀ ਲੋੜ ਹੋ ਸਕਦੀ ਹੈ ਪਰ ਇਹ ਫ਼ੈਸਲਾ ਮਾਹਿਰ ਡਾਕਟਰ ਨੇ ਕਰਨਾ ਹੁੰਦਾ ਹੈ, ਨਾ ਕਿ ਕਿਸੇ ਫਾਰਮੇਸੀ ਜਾਂ ਇੰਟਰਨੈੱਟ ’ਤੇ ਖੋਜ ਕਰਕੇ ਖੁਦ ਲੈਣਾ ਹੁੰਦਾ ਹੈ।ਅਸਲ ਵਿੱਚ ਐਂਟੀਵਾਇਰਲ ਦਵਾਈਆਂ ਨਾਲ ਖੁਦ ਇਲਾਜ ਕਰਨਾ ਵੀ ਓਨਾ ਹੀ ਨਾ-ਸਮਝੀ ਵਾਲਾ ਫ਼ੈਸਲਾ ਹੈ ਜਿੰਨਾ ਐਂਟੀਬਾਇਓਟਿਕ ਦਵਾਈਆਂ ਦੀ ਅੰਨ੍ਹੇਵਾਹ ਵਰਤੋਂ ਕਰਨਾ ਹੈ। ਹਾਲਾਂਕਿ ਸਮੇਂ-ਸਿਰ ਢੁਕਵਾਂ ਇਲਾਜ ਅਤੇ ਬਿਹਤਰ ਜਨਤਕ ਸਿਹਤ ਸੇਵਾਵਾਂ ਦੀ ਲੋੜ ਹੁੰਦੀ ਹੈ ਕਿਉਂਕਿ ਐੱਚ1 ਐੱਨ1 ਫਲੂ ਦੇ ਲੱਛਣਾਂ ਨੂੰ ਸਾਹ ਨਾਲ ਸਬੰਧਤ ਲਾਗ ਦੇ ਲੱਛਣਾਂ ਤੋਂ ਪੀੜਤ ਰੋਗੀਆਂ ਦੇ ਲੱਛਣਾਂ ਨਾਲ ਰਲਗੱਡ ਨਹੀਂ ਕਰਨਾ ਚਾਹੀਦਾ ਅਤੇ ਨਾ ਹੀ ਖੁਦ ਡਾਕਟਰ ਬਣ ਕੇ ਆਪਣਾ ਇਲਾਜ ਕਰਨਾ ਚਾਹੀਦਾ ਹੈ।

ਅਜਿਹੇ ਕੇਸਾਂ ਦੇ ਵਧਣ ਕਾਰਨ ਭਾਰਤ ਵਿੱਚ ਫਲੂ ਖ਼ਿਲਾਫ਼ ਟੀਕਾਕਰਨ ਦੀ ਕਮੀ ਉਜਾਗਰ ਹੁੰਦੀ ਹੈ। ਟੀਕਾਕਰਨ ਨੂੰ ਫਲੂ ਦੀ ਰੋਕਥਾਮ ਲਈ ਸਿਹਤ ਸੰਭਾਲ ਦਾ ਮਹੱਤਵਪੂਰਨ ਹਿੱਸਾ ਬਣਾਉਣਾ ਚਾਹੀਦਾ ਹੈ, ਖ਼ਾਸ ਕਰਕੇ ਬਜ਼ੁਰਗਾਂ, ਗਰਭਵਤੀ ਔਰਤਾਂ, ਸਿਹਤ ਕਰਮੀਆਂ ਅਤੇ ਪੱਕੇ ਰੋਗੀਆਂ ਨੂੰ ਟੀਕਾਕਰਨ ਦੇ ਘੇਰੇ ਵਿੱਚ ਲਿਆਉਣਾ ਚਾਹੀਦਾ ਹੈ। ਐੱਨ ਸੀ ਡੀ ਸੀ ਮੌਸਮੀ ਫਲੂ ਨਿਗਰਾਨੀ ਅਤੇ ਟੀਕਾਕਰਨ ਸਬੰਧੀ ਮਾਰਗਦਰਸ਼ਨ ਪ੍ਰਦਾਨ ਕਰਦਾ ਹੈ ਪਰ ਸਿਫਾਰਿਸ਼ਾਂ ਉਦੋਂ ਹੀ ਮਾਅਨੇ ਰੱਖਦੀਆਂ ਹਨ ਜਦੋਂ ਲੋਕ ਉਨ੍ਹਾਂ ਤੱਕ ਪਹੁੰਚ ਕਰਨ ਅਤੇ ਉਨ੍ਹਾਂ ’ਤੇ ਅਮਲ ਕਰਨ। ਫਿਲਹਾਲ ਮੌਜੂਦਾ ਵਾਇਰਸ ਨਾਲ ਨਜਿੱਠਣ ਲਈ ਸਾਨੂੰ ਹੋਰ ਵੀ ਸਮਝਦਾਰੀ ਤੋਂ ਕੰਮ ਲੈਣਾ ਪਵੇਗਾ। ਭੀੜ-ਭੜੱਕੇ ਵਾਲੀਆਂ ਥਾਵਾਂ ’ਤੇ ਮਾਸਕ ਪਹਿਨਣਾ, ਬਿਮਾਰ ਹੋਣ ’ਤੇ ਘਰ ਰਹਿਣਾ ਅਤੇ ਸਮੇਂ-ਸਿਰ ਡਾਕਟਰੀ ਸਲਾਹ ਲੈਣ ਨਾਲ ਫਲੂ ਦਾ ਫੈਲਣਾ ਘਟਾਇਆ ਜਾ ਸਕਦਾ ਹੈ। ਕਿਸੇ ਫਲੂ ਦੇ ਫੈਲਣ ’ਤੇ ਹਸਪਤਾਲਾਂ ਤੇ ਹੋਰ ਨਿਗਰਾਨ ਅਮਲੇ ਨੂੰ ਤਿਆਰ-ਬਰ-ਤਿਆਰ ਰਹਿਣਾ ਚਾਹੀਦਾ ਹੈ। ਇਹ ਫਲੂ ਦਾ ਮੌਸਮ ਤਾਂ ਲੰਘ ਜਾਵੇਗਾ ਪਰ ਸਰੀਰ ਅੰਦਰ ਗਈਆਂ ਐਂਟੀਬਾਇਓਟਿਕ ਦਵਾਈਆਂ ਦਾ ਅਸਰ ਖ਼ਤਮ ਨਹੀਂ ਹੋਣਾ।

## ਕੈਲੇ.ਫੋਰਨੀਆ ਅਸੈਂਬਲੀ ’ਚ 8 ਨਵੰਬਰ ਨੂੰ ਮਨਾਇਆ ਜਾਵੇਗਾ ਦੀਵਾਲੀ ਦਿਵਸ

ਸੈਕਰਾਮੈਂਟੋ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕਾ ’ਚ ਕੈਲੇਫ਼ੋਰਨੀਆ ਸਟੇਟ ਅਸੈਂਬਲੀ ਵਲੋਂ ਇੱਕ ਇਤਿਹਾਸਕ ਕਦਮ ਚੁੱਕਦਿਆਂ ਇਸ ਸਾਲ ਐਤਵਾਰ 8 ਨਵੰਬਰ 2026 ਨੂੰ ਦੀਵਾਲੀ ਦਿਵਸ ਵਜੋਂ ਮਨਾਉਣ ਦਾ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਹੈ। ਇਹ ਮਤਾ ਅਸੈਂਬਲੀ ਮੈਂਬਰਾਂ ਦਰਸ਼ਨਾ ਪਟੇਲ ਅਤੇ ਐਸ਼ ਕਾਲਰਾ ਵਲੋਂ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਸਟੇਟ ਦੇ ਸਮੂਹ ਨਾਗਰਿਕਾਂ ਨੂੰ ਇਸ ਖ਼ੁਸ਼ੀ ਦੇ ਤਿਓਹਾਰ ’ਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ ਹੈ।



ਇਹ ਇਤਿਹਾਸਕ ਮਤਾ ਅਮਰੀਕਾ ’ਚ ਰਹਿੰਦੇ ਭਾਰਤੀਆਂ, ਦੱਖਣੀ ਏਸ਼ੀਆਈ ਭਾਈਚਾਰੇ ਅਤੇ ਦੁਨੀਆਂ ਭਰ ’ਚ ਫ਼ੈਲੇ ਭਾਰਤੀ ਪ੍ਰਵਾਸੀਆਂ ਪ੍ਰਤੀ ਡੂੰਘਾ ਸਤਿਕਾਰ ਪ੍ਰਗਟ ਕਰਦਾ ਹੈ। ਮਤੇ ’ਚ ਵਿਸ਼ੇਸ਼ ਤੌਰ ਤਜ਼ਿਕਰ ਕੀਤਾ ਗਿਆ ਹੈ ਕਿ ਦੀਵਾਲੀ ਭਾਰਤੀ ਅਮਰੀਕੀਆਂ ਅਤੇ ਦੱਖਣੀ ਏਸ਼ੀਆਈ ਅਮਰੀਕੀਆਂ ਲਈ ਇੱਕ ਬੇਹੱਦ ਮਹੱਤਵਪੂਰਣ ਤਿਓਹਾਰ ਹੈ ਜਿਸ ਨੂੰ ਹਰ ਸਾਲ ਹਿੰਦੂ, ਸਿੱਖ, ਬੌਧ ਅਤੇ ਜੈਨ ਭਾਈਚਾਰੇ ਦੇ ਲੋਕਾਂ ਵਲੋਂ ਮਿਲ ਕੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।

ਦੀਵਿਆਂ ਦੀ ਕਤਾਰ ਭਾਵ ਦੀਪਾਵਲੀ ਦੁਨੀਆਂ ਦੇ ਸਭ ਤੋਂ ਪੁਰਾਣੇ ਤਿਉਹਾਰਾਂ ’ਚੋਂ ਇੱਕ ਹੈ ਜੋ ਪਰਿਵਾਰਾਂ, ਦੋਸਤਾਂ ਅਤੇ ਵੱਖ-ਵੱਖ ਭਾਈਚਾਰਿਆਂ ਨੂੰ ਆਪਸੀ ਉਦਾਰਤਾ, ਏਕਤਾ, ਖ਼ੁਸ਼ੀ ਅਤੇ ਸ਼ੁਕਰਗੁਜ਼ਾਰੀ ਦੇ ਸੂਤਰ ’ਚ ਪਰੋਂਦਾ ਹੈ। ਰੌਸ਼ਨੀ ਦੇ ਤਿਓਹਾਰ ਵਜੋਂ ਜਾਣੀ ਜਾਂਦੀ ਦਿਵਾਲੀ ਦੇ ਸ਼ੁੱਭ ਮੌਕੇ ਤਲੋਕ ਆਪਣੇ ਘਰਾਂ ਨੂੰ ਮੋਮਬੱਤੀਆਂ, ਦੀਵਿਆਂ ਅਤੇ ਮਿੱਟੀ ਦੇ ਦੀਵਿਆਂ ਨਾਲ ਰੌਸ਼ਨ ਕਰਦੇ ਹਨ ਅਤੇ ਚੰਗੀ ਸਿਹਤ, ਗਿਆਨ, ਸ਼ਾਂਤੀ ਤੇ ਖ਼ੁਸ਼ਹਾਲੀ ਦੀ ਕਾਮਨਾ ਕਰਦੇ ਹਨ। ਮਤੇ ’ਚ ਇਹ ਵੀ ਕਿਹਾ ਗਿਆ ਹੈ ਕਿ ਦੀਵਾਲੀ ਬਦੀ ਤੇ ਨੇਕੀ ਦੀ ਜਿੱਤ ਅਤੇ ਨਕਾਰਾਤਮਕਤਾ ਤੋਂ ਮੁਕਤੀ ਦਾ ਪ੍ਰਤੀਕ ਹੈ ਜੋ ਸਾਨੂੰ ਹਰ ਤਰ੍ਹਾਂ ਦੀਆਂ ਚੁਣੌਤੀਆਂ ਦੇ ਬਾਵਜੂਦ ਨਿਮਰਤਾ ਅਤੇ ਦਿਆਲਤਾ ਬਣਾਈ ਰੱਖਣ ਦੀ ਪ੍ਰੇਰਣਾ ਦਿੰਦੀ ਹੈ।

## ਕੇਂਦਰੀ ਜੇਲ੍ਹ ਚ ਭੈਣਾਂ ਨੇ ਵੀਰਾਂ ਨੂੰ ਰੱਖੜੀ ਬੰਨ੍ਹ ਕੇ ਮਨਾਇਆ ਰੱਖੜੀ ਦਾ ਤਿਓਹਾਰ

ਹੁਸ਼ਿਆਰਪੁਰ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਕੇਂਦਰੀ ਜੇਲ੍ਹ ਵਿੱਚ ਰੱਖੜੀ ਦੇ ਤਿਉਹਾਰ ਮੌਕੇ ਜੇਲ੍ਹ ਪ੍ਰਸ਼ਾਸਨ ਵੱਲੋਂ ਅੱਜ ਕੈਦੀਆਂ ਤੇ ਹਵਾਲਾਤੀਆਂ ਲਈ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਸਨ। ਇਸ ਮੌਕੇ ਭੈਣਾਂ ਨੇ ਆਪਣੇ ਭਰਾਵਾਂ ਨੂੰ ਰੱਖੜੀ ਬੰਨ੍ਹੀ ਅਤੇ ਲੰਮੀ ਉਮਰ ਲਈ ਅਰਦਾਸ-ਬੇਨਤੀ ਕਰਦਿਆਂ ਤਿਉਹਾਰ ਨੂੰ ਭਾਵੁਕ ਅਤੇ ਪਰਿਵਾਰਕ ਮਾਹੌਲ ਵਿਚ ਮਨਾਇਆ ਗਿਆ।



ਜੇਲ ਪ੍ਰਸ਼ਾਸਨ ਵੱਲੋਂ 224 ਬੰਦੀਆਂ ਦੇ ਕਰੀਬ 500 ਮੈਂਬਰਾਂ ਲਈ ਵਿਸ਼ੇਸ਼ ਮੁਲਾਕਾਤ ਦਾ ਪ੍ਰਬੰਧ ਕੀਤਾ ਗਿਆ, ਜਿਸ ਦੌਰਾਨ ਭੈਣਾਂ ਨੇ ਆਪਣੇ ਭਰਾਵਾਂ ਦੇ ਗੁੱਟ ’ਤੇ ਰੱਖੜੀ ਬੰਨ੍ਹ ਕੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।

ਇਸ ਮੌਕੇ ਮੁਲਾਕਾਤ ਦੌਰਾਨ ਭੈਣਾਂ ਨੇ ਆਪਣੇ ਭਰਾਵਾਂ ਨੂੰ ਭਾਵਨਾਤਮਕ ਤੌਰ ‘ਤੇ ਪ੍ਰੇਰਿਆ ਕਿ ਉਹ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣ ਅਤੇ ਜੇਲ੍ਹ ਤੋਂ ਰਿਹਾਈ ਤੋਂ ਬਾਅਦ ਜ਼ਿੰਮੇਵਾਰ ਨਾਗਰਿਕਾਂ ਵਜੋਂ ਰਹਿਣ। ਉਨ੍ਹਾਂ ਕਿਹਾ ਕਿ ਰੱਖੜੀ ਦਾ ਤਿਉਹਾਰ ਭੈਣ-ਭਰਾ ਦੇ ਸਦੀਵੀ ਅਤੇ ਪਵਿੱਤਰ ਰਿਸ਼ਤੇ ਦਾ ਗਹਿਰਾ ਅਹਿਸਾਸ ਕਰਵਾਉਂਦਾ ਹੈ ਅਤੇ ਰੱਖੜੀ ਭੈਣ-ਭਰਾ ਦੀ ਅਟੁੱਟ ਸਾਂਝ ਦਾ ਪ੍ਰਗਟਾਵਾ ਕਰਦੀ ਹੈ।

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਏ.ਡੀ.ਜੀ.ਪੀ. ਜੇਲਾਂ ਆਰ.ਕੇ. ਜਾਇਸਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਕੇਂਦਰੀ ਜੇਲ੍ਹ ਵਿਖੇ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਸਨ ਤਾਂ ਜੋ ਸੰਬੰਧਤ ਪਰਿਵਾਰ ਰੱਖੜੀ ਦਾ ਤਿਉਹਾਰ ਪੂਰੇ ਉਤਸ਼ਾਹ ਨਾਲ ਮਨਾ ਸਕਣ। ਇਸ ਸਬੰਧੀ ਸੁਪਰਡੰਟ ਐਚ.ਐਸ. ਗਿੱਲ ਨੇ ਕੈਦੀਆਂ ਨੂੰ ਰੱਖੜੀ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਜਿਨ੍ਹਾਂ ਵਿਚ ਮਰਦ ਅਤੇ ਔਰਤਾਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਬੰਦੀਆਂ ਨੂੰ ਅਨੁਸ਼ਾਸਨ ਵਿਚ ਰਹਿਣ ਅਤੇ ਜਦੋਂ ਉਹ ਸਜ਼ਾ ਕੱਟ ਕੇ ਵਾਪਸ ਜਾਂਦੇ ਹਨ ਤਾਂ ਉਹ ਸਮਾਜ ਵਿਚ ਚੰਗਾ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਜੇਲ੍ਹ ਸੁਪਰਡੈਂਟ ਨੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਕਿ ਆਪਣੇ ਸਮਾਜਿਕ ਜੀਵਨ ਵਿਚ ਰਹਿਣ-ਸਹਿਣ ਅਤੇ ਸਜ਼ਾ ਕੱਟਣ ਉਪਰੰਤ ਕਿਸ ਤਰ੍ਹਾਂ ਆਪਣਾ ਜੀਵਨ ਬਤੀਤ ਕਰਨ ਅਤੇ ਜੀਵਨ ਵਿਚ ਸਾਕਾਰਤਮਕ ਰਵੱਈਆ ਰੱਖਣਾ ਹੈ। ਬੁਰਾਈਆਂ ਨੂੰ ਤਿਆਗ ਕੇ ਕਿਸ ਤਰ੍ਹਾਂ ਆਪਣਾ ਜੀਵਨ ਜਿਉਣਾ ਹੈ ਅਤੇ ਇਕ ਆਮ ਨਾਗਰਿਕ ਦੀ ਤਰ੍ਹਾਂ ਕਿਸ ਤਰ੍ਹਾਂ ਜੀਵਨ ਨਿਰਬਾਹ ਕਰਨਾ ਹੈ

## ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਬਲਾਕ ਪੱਧਰੀ ਖੇਡ ਮੁਕਾਬਲਿਆਂ ਦਾ ਆਗਾਜ 10 ਸਤੰਬਰ ਤੋ

ਫਾਜ਼ਿਲਕਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ,ਖੇਡਾਂ ਦੇ ਪੱਧਰ ਨੂੰ ਉੱਚਾ-ਚੱਕਣ, ਪ੍ਰਤਿਭਾ ਅਤੇ ਹੁਨਰ ਦੀ ਭਾਲ ਕਰਨਾ, ਭਾਈਚਾਰਾ ਅਤੇ ਸਦਭਾਵਨਾ ਪੈਦਾ ਕਰਨਾ, ਵੱਧ ਤੋ ਵੱਧ ਲੋਕਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਸਿਹਤਮੰਦ ਪੰਜਾਬ ਦੀ ਸਿਰਜਣਾ ਕਰਨ ਲਈ ਹਰ ਤਰ੍ਹਾ ਦੇ ਭਰਪੂਰ ਯਤਨ ਕਰ ਰਹੀ ਹੈ,ਇਹ ਜਾਣਕਾਰੀ ਸ੍ਰੀ ਰੁਪਿੰਦਰ ਸਿੰਘ ਬਰਾੜ ਜਿਲ੍ਹਾ ਖੇਡ ਅਫਸਰ ਫਾਜਿਲਕਾ ਵੱਲੋ ਦਿੱਤੀ ਗਈ ਅਤੇ ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਖੇਡਾਂ ਵਤਨ ਪੰਜਾਬ ਦੀਆਂ 2026 ਫਾਜਿਲਕਾ ਜਿਲ੍ਹੇ ਦੇ ਬਲਾਕ ਪੱਧਰੀ ਮੁਕਾਬਲਿਆ ਦਾ ਆਗਾਜ 10 ਸਤੰਬਰ ਤੋ ਕਰਵਾਇਆ ਜਾ ਰਿਹਾ ਹੈ।ਜਿਲ੍ਹਾ ਫਾਜਿਲਕਾ ਦੇ ਬਲਾਕ ਫਾਜਿਲਕਾ,ਅਬੋਹਰ,ਖੂਈਆਂ ਸਰਵਰ ਦੇ ਖੇਡ ਮੁਕਾਬਲੇ ਮਿਤੀ 10-09-2026 ਤੋ 13-09-2026 ਤੱਕ ਕਰਵਾਏ ਜਾਣਗੇ ਅਤੇ ਬਲਾਕ ਜਲਾਲਾਬਾਦ ਅਤੇ ਅਰਣੀਵਾਲਾ ਸੇ ?ਖ ਸੁਭਾਨ ਦੇ ਖੇਡ ਮੁਕਾਬਲੇ ਮਿਤੀ 14-09-2026 ਤੋ 17-09-2026 ਤੱਕ ਕਰਵਾਏ ਜਾਣਗੇ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਮੁਕਾਬਲਿਆਂ ਵਿੱਚ ਅੰਡਰ:14 ਤੋ 70 ਸਾਲ ਤੋ ਉਪਰ ਤੱਕ ਦੇ ਲੜਕੇ-ਲੜਕੀਆਂ, ਮਹਿਲਾ-ਪੁਰਸ਼ ਗੇਮ ਐਥਲੈਟਿਕਸ, ਫੁੱਟਬਾਲ, ਕਬੱਡੀ(ਨ.ਸ), ਕਬੱਡੀ(ਸ.ਸ), ਖੋਹ-ਖੋਹ, ਵਾਲੀਬਾਲ(ਸਮੈਸਿਗ), ਵਾਲੀਬਾਲ(ਸ਼ੂਟਿੰਗ) ਵਿੱਚ ਭਾਗ ਲੈ ਸਕਦੇ ਹਨ।

ਉਹਨਾ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਵਾਲਾ ਖਿਡਾਰੀ ਪੰਜਾਬ ਦਾ ਵਸਨੀਕ ਹੋਣਾ ਚਾਹੀਦਾ ਹੈ ਜਾਂ ਪੰਜਾਬ ਦੇ ਕਿਸੇ ਵਿਦਿਅਕ ਅਦਾਰੇ ਵਿੱਚ ਪੜਦਾ ਹੋਣਾ ਚਾਹੀਦਾ ਹੈ। ਉਸ ਕੋਲ ਸਬੂਤ ਲਈ ਰਿਹਾਇਸ਼ੀ ਸਰਟੀਫਿਕੇਟ ਜਾਂ ਪੰਜਾਬ ਦਾ ਆਧਾਰ ਕਾਰਡ ਜਾਂ ਵਿਦਿਅਕ ਅਦਾਰੇ ਦਾ ਆਈ.ਡੀ ਕਾਰਡ ਹੋਣਾ ਜਰੂਰੀ ਹੈ। ਇਸ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਖਿਡਾਰੀ ਨੂੰ ਆਪਣੀ ਆਨਲਾਇਨ ਰਜਿਸਟ੍ਰੇਸ਼ਨ ਤੇ ਕਰਨੀ ਜਰੂਰੀ ਹੋਵੇਗੀ। ਉਮਰ ਦੇ ਸਬੂਤ ਵਜੋ ਖਿਡਾਰੀ ਆਪਣਾ ਆਧਾਰ ਕਾਰਡ ਨਾਲ ਲੈ ਕੇ ਆਉਣਗੇ ਅਤੇ ਆਪਣੀ ਆਫ ਲਾਈਨ ਸਮਰਸ਼ੀਟ ਟੂਰਨਾਮੈਂਟ ਸਥਾਨ ਤੇ ਜਮਾਂ ਕਰਵਾਉਣਗੇ। ਕਿਸੇ ਵੀ ਖਿਡਾਰੀ ਨੂੰ ਟੂਰਨਾਮੈਂਟ ਵਿੱਚ ਭਾਗ ਲੈਣ ਲਈ ਬੱਸ ਕਿਰਾਇਆ ਨਹੀਂ ਦਿੱਤਾ ਜਾਵੇਗਾ। ਇਨ੍ਹਾਂ ਬਲਾਕ ਪੱਧਰੀ ਟੂਰਨਾਮੈਂਟ ਦੇ ਸਬੰਧ ਵਿੱਚ ਵਧੇਰੇ ਜਾਣਕਾਰੀ ਲਈ ਇਸ ਦਫਤਰ ਦੇ ਕਰਮਚਾਰੀ ਸ੍ਰੀ ਅਰੁਣ ਕੁਮਾਰ ਜਿਨ੍ਹਾਂ ਦਾ ਮੋ: ਨੰ: 96466-06690 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਆਧੁਨਿਕ ਆਧਾਰ ਸੇਵਾ ਕੇਂਦਰ ਵਿਖੇ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ

ਬਠਿੰਡਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਿਛਲੇ ਮਹੀਨੇ 100 ਫੁੱਟ ਰੋਡ, ਨੇੜੇ ਭਾਗੂ ਰੋਡ, ਪੈਟਰੋਲ ਪੰਪ ਦੇ ਸਾਹਮਣੇ ਬਠਿੰਡਾ ਵਿਖੇ ਖੁੱਲ੍ਹੇ ਆਧੁਨਿਕ ਆਧਾਰ ਸੇਵਾ ਕੇਂਦਰ ਵਿਖੇ ਆਧਾਰ ਨਾਲ ਸਬੰਧਤ ਵੱਖ-ਵੱਖ ਤੇਜ਼ ਅਤੇ ਸੁਵਿਧਾਜਨਕ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਹ ਜਾਣਕਾਰੀ ਸੈਂਟਰ ਓਪਰੇਸ਼ਨ ਮੈਨੇਜਰ ਮਨਪ੍ਰੀਤ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਇਸ ਆਧਾਰ ਸੇਵਾ ਕੇਂਦਰ ਵਿਖੇ ਆਧਾਰ ਸਬੰਧੀ ਕੰਮ ਬਹੁਤ ਜਲਦੀ ਅਤੇ ਆਸਾਨੀ ਨਾਲ ਕੀਤਾ ਜਾਂਦਾ ਹੈ, ਜਿਸ ਨਾਲ ਗ੍ਰਾਹਕ ਦੇ ਸਮੇਂ ਦੀ ਬਚਤ ਹੁੰਦੀ ਹੈ। ਇੱਥੇ ਨਵਾਂ ਆਧਾਰ ਬਣਵਾਉਣ, ਆਧਾਰ ਵਿੱਚ ਨਾਮ, ਜਨਮ ਮਿਤੀ, ਪਤਾ ਅਤੇ ਮੋਬਾਈਲ ਨੰਬਰ ਆਦਿ ਅਪਡੇਟ ਕਰਵਾਉਣ, ਬਾਇਓਮੈਟ੍ਰਿਕ ਅਪਡੇਟ, ਦਸਤਾਵੇਜ਼ ਅਪਡੇਟ ਅਤੇ ਆਧਾਰ ਪ੍ਰਿੰਟ ਵਰਗੀਆਂ ਸੇਵਾਵਾਂ ਉਪਲੱਬਧ ਹਨ।

ਆਧਾਰ ਸੇਵਾ ਕੇਂਦਰ ਸਾਰੀਆਂ ਸੇਵਾਵਾਂ ਲਈ ਸਿਰਫ਼ ਲਾਗੂ ਸਰਕਾਰੀ ਫੀਸ ਹੀ ਲਈ ਜਾਂਦੀ ਹੈ ਅਤੇ ਕਿਸੇ ਵੀ ਤਰ੍ਹਾਂ ਦੇ ਵਾਧੂ ਚਾਰਜ ਨਹੀਂ ਲਏ ਜਾਂਦੇ।

ਕੇਂਦਰ ਵਿੱਚ ਨਵਾਂ ਆਧਾਰ ਬਣਵਾਉਣ ਦੀ ਸੇਵਾ ਹਰ ਉਮਰ ਵਰਗ ਲਈ ਬਿਲਕੁਲ ਮੁਫ਼ਤ ਹੈ। ਇਸ ਤੋਂ ਇਲਾਵਾ ਬੱਚਿਆਂ ਦੇ ਲਾਜ਼ਮੀ ਬਾਇਓਮੈਟ੍ਰਿਕ ਅਪਡੇਟ ਵੀ 30 ਸਤੰਬਰ 2026 ਤੱਕ ਬਿਲਕੁਲ ਮੁਫ਼ਤ ਹਨ।

ਇਹ ਆਧਾਰ ਸੇਵਾ ਕੇਂਦਰ ਹਫ਼ਤੇ ਦੇ ਸਾਰੇ ਦਿਨ ਸਵੇਰੇ 9:30 ਵਜੇ ਤੋਂ ਸ਼ਾਮ 5:30 ਵਜੇ ਤੱਕ ਖੁੱਲ੍ਹਾ ਰਹਿੰਦਾ ਹੈ, ਜਿਸ ਕਾਰਨ ਨੌਕਰੀਪੇਸ਼ਾ ਅਤੇ ਹੋਰ ਵਿਅਸਤ ਲੋਕ ਆਪਣੀ ਜ਼ਰੂਰਤ ਅਨੁਸਾਰ ਐਤਵਾਰ ਨੂੰ ਵੀ ਆਧਾਰ ਨਾਲ ਸਬੰਧਤ ਕੰਮ ਕਰਵਾ ਸਕਦੇ ਹਨ।

ਉਨ੍ਹਾਂ ਆਮ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਆਧਾਰ ਨਾਲ ਸਬੰਧਤ ਕੰਮ ਲਈ ਆਧਾਰ ਸੇਵਾ ਕੇਂਦਰ, 100 ਫੁੱਟ ਰੋਡ, ਨੇੜੇ ਭਾਗੂ ਰੋਡ, ਪੈਟਰੋਲ ਪੰਪ ਦੇ ਸਾਹਮਣੇ, ਬਠਿੰਡਾ ਵਿਖੇ ਪਹੁੰਚ ਕੇ ਸੇਵਾ ਦਾ ਲਾਭ ਪ੍ਰਾਪਤ ਕਰ ਸਕਦੇ ਹਨ।

## ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਕਰਨਗੇ ਬਠਿੰਡਾ ਵਿਖੇ 5 ਸਤੰਬਰ ਨੂੰ ‘ਖੇਡਾਂ ਵਤਨ ਪੰਜਾਬ ਦੀਆਂ-2026’ ਦਾ ਆਗਾਜ਼



ਬਠਿੰਡਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ 5 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਸਟੇਡੀਅਮ ਬਠਿੰਡਾ ਵਿਖੇ ÷ਖੇਡਾਂ ਵਤਨ ਪੰਜਾਬ ਦੀਆਂ 2026÷ ਦਾ ਆਗਾਜ਼ ਕਰਨਗੇ। ਸੂਬੇ ਚ ਸਭਿਆਚਾਰ ਨੂੰ ਮੁੜ ਸੁਰਜੀਤ ਕਰਨ ਵਾਲੀ ਖੇਡਾਂ ਵਤਨ ਪੰਜਾਬ ਦੀਆਂ ਚ 16 ਤੋਂ ਘੱਟ ਅਤੇ 60 ਸਾਲ ਤੋਂ ਵੱਧ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਖੇਡਾਂ ਦੇ ਪ੍ਰਬੰਧਾਂ ਅਤੇ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸੱਦੀ ਵਿਸ਼ੇਸ਼ ਮੀਟਿੰਗ ਦੌਰਾਨ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਖੇਡਾਂ ਵਤਨ ਪੰਜਾਬ ਦੀਆਂ 2026 ਚ ਭਾਗ ਲੈਣ ਸਬੰਧੀ ਕਿਊ.ਆਰ ਕੋਡ ਵੀ ਜਾਰੀ ਕੀਤਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਜ਼ਿਲ੍ਹਾ ਬਠਿੰਡਾ ਨੂੰ ‘ਖੇਡਾਂ ਵਤਨ ਪੰਜਾਬ ਦੀਆਂ-2026’ ਦੀ ਮੇਜ਼ਬਾਨੀ ਦਾ ਮਾਣ ਹਾਸਲ ਹੋਇਆ ਹੈ। ਉਦਘਾਟਨੀ ਸਮਾਗਮ ਨੂੰ ਯਾਦਗਾਰ ਬਣਾਉਣ ਲਈ ਵਿਆਪਕ ਪੱਧਰ ’ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਸਮਾਗਮ ਦੌਰਾਨ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ ’ਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀ ਵਿਸ਼ੇਸ਼ ਮਾਰਚ ਪਾਸਟ ਵਿੱਚ ਸ਼ਾਮਲ ਹੋਣਗੇ। ਇਸ ਮੌਕੇ ਖੇਡ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਖਿਡਾਰੀਆਂ ਦੀ ਸ਼ਮੂਲੀਅਤ ਵੀ ਖਿੱਚ ਦਾ ਕੇਂਦਰ ਰਹੇਗੀ।

ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਾਇਕ ਗੁਰਦਾਸ ਮਾਨ ਅਤੇ ਗਾਇਕ ਕੁਲਵਿੰਦਰ ਬਿੱਲਾ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਨਗੇ। ਸ੍ਰੀ ਧੀਮਾਨ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਦਘਾਟਨੀ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਅਤੇ ਖਿਡਾਰੀਆਂ ਤੇ ਦਰਸ਼ਕਾਂ ਦੀ ਸਹੂਲਤ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇ।

ਉਨ੍ਹਾਂ ਪੁਲਿਸ ਨੂੰ ਹਿਦਾਇਤ ਕੀਤੀ ਸਮਾਗਮ ਚ ਭਾਗ ਲੈਣ ਵਾਲੇ ਮਹਿਮਾਨਾਂ, ਆਮ ਜਨਤਾ ਅਤੇ ਖਿਡਾਰੀਆਂ ਲਈ ਪਾਰਕਿੰਗ, ਟ੍ਰੈਫਿਕ ਅਤੇ ਸੁਰੱਖਿਆ ਸਬੰਧੀ ਢੁਕਵੇਂ ਪ੍ਰਬੰਧ ਕੀਤੇ ਜਾਣ । ਨਾਲ ਹੀ ਉਨ੍ਹਾਂ ਸਕੂਲੀ ਸਿੱਖਿਆ ਵਿਭਾਗ ਨੂੰ ਹਿਦਾਇਤ ਕੀਤੀ ਕਿ ਸਮਾਗਮ ਸੱਭਿਆਚਾਰਕ ਵੰਨਗੀਆਂ ਪੇਸ਼ ਕਰਨ ਵਾਲੇ ਵਿਦਿਆਰਥੀਆਂ ਲਈ ਪਾਣੀ, ਰਿਫਰੈਸ਼ਮੈਂਟ ਆਵਾਜਾਈ ਸਬੰਧੀ ਵੀ ਢੁਕਵੇਂ ਪ੍ਰਬੰਧ ਕੀਤੇ ਜਾਣ। ਨਗਰ ਨਿਗਮ ਬਠਿੰਡਾ ਨੂੰ ਹਿਦਾਇਤ ਕੀਤੀ ਗਈ ਕਿ ਸਟੇਡੀਅਮ ਅਤੇ ਉਸੇ ਦੇ ਆਸ ਪਾਸ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ।

ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਮੈਡਮ ਕੰਚਨ, ਸਹਾਇਕ ਕਮਿਸ਼ਨਰ ਸ੍ਰੀ ਗੁਰਜਿੰਦਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਉਪ ਮੰਡਲ ਮੈਜਿਸਟ੍ਰੇਟ ਫੂਲ ਸ. ਬਲਕਰਨ ਸਿੰਘ ਮਾਹਲ, ਐਸ ਪੀ ਹੈਡਕੁਆਰਟਰ ਸ਼੍ਰੀ ਜਗਦੀਸ਼ ਬਿਸ਼ਨੋਈ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਰੁਪਿੰਦਰ ਸਿੰਘ, ਡੀ ਐਸ ਪੀ ਗੁਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

## ਲਹਿਰਾ ਮੁਹੱਬਤ ਥਰਮਲ ਪਲਾਂਟ ਦਾ ਉਤਪਾਦਨ ਠੱਪ

ਬਠਿੰਡਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਬਠਿੰਡਾ ਜ਼ਿਲ੍ਹੇ ਦੇ ਪਿੰਡ ਲਹਿਰਾ ਮੁਹੱਬਤ ਵਿੱਚ ਸਥਿਤ ਗੁਰੂ ਹਰਗੋਬਿੰਦ ਥਰਮਲ ਪਲਾਂਟ (78“♦) ਦਾ ਚੌਥਾ ਯੂਨਿਟ ਵੀ ਅੱਜ ਖ਼ਰਾਬ ਹੋ ਗਿਆ, ਜਿਸ ਕਾਰਨ 920 ਮੈਗਾਵਾਟ ਦੀ ਸਮਰੱਥਾ ਵਾਲੇ ਪਲਾਂਟ ਦਾ ਉਤਪਾਦਨ ਹੀ ਨਾ ਹੋਇਆ। ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਸ ਦਾ ਕਾਰਨ ਤਕਨੀਕੀ ਖ਼ਰਾਬੀ ਹੋ ਸਕਦੀ ਹੈ। ਇਹ ਸੰਕਟ ਅਜਿਹੇ ਸਮੇਂ ਆਇਆ ਜਦੋਂ ਪਲਾਂਟ ਦੇ ਤਿੰਨ ਹੋਰ ਯੂਨਿਟ ਪਿਛਲੇ ਲਗਪਗ ਦੋ ਹਫ਼ਤਿਆਂ ਤੋਂ ਬੰਦ ਪਏ ਹਨ। 210 ਮੈਗਾਵਾਟ ਦਾ ਇਹ ਚੌਥਾ ਯੂਨਿਟ ਪਲਾਂਟ ਦਾ ਇਕੱਲਾ ਚਾਲੂ ਯੂਨਿਟ ਸੀ ਅਤੇ ਵੀਰਵਾਰ ਨੂੰ ਲਗਪਗ 167 ਮੈਗਾਵਾਟ ਬਿਜਲੀ ਪੈਦਾ ਕਰ ਰਿਹਾ ਸੀ। ਸੂਤਰਾਂ ਨੇ ਦੱਸਿਆ ਕਿ ਇਸ ਯੂਨਿਟ ਵਿੱਚ ਵੀ ਹਾਲ ਹੀ ਵਿੱਚ ਕੋਈ ਤਕਨੀਕੀ ਨੁਕਸ ਪੈ ਗਿਆ ਸੀ ਪਰ ਬਾਅਦ ਵਿੱਚ ਇਸ ਨੂੰ ਠੀਕ ਕਰ ਲਿਆ ਗਿਆ ਸੀ।



## ਕੇ.ਵੀ.ਕੇ. ਬਠਿੰਡਾ ਵੱਲੋਂ ਪੰਜ ਰੋਜ਼ਾ ਪਰਾਲੀ ਪ੍ਰਬੰਧਨ ਸਿਖਲਾਈ ਕੋਰਸ ਸੰਪੰਨ



ਬਠਿੰਡਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਬਠਿੰਡਾ ਵੱਲੋਂ ਪਿੰਡ ਬੁਰਜ ਮਹਿਮਾਂ ਦੇ 25 ਕਿਸਾਨਾਂ ਲਈ ਕਰਵਾਇਆ ਗਿਆ ਪੰਜ ਰੋਜ਼ਾ ਪਰਾਲੀ ਪ੍ਰਬੰਧਨ ਸਬੰਧੀ ਸਿਖਲਾਈ ਕੋਰਸ ਸਫਲਤਾਪੂਰਵਕ ਸੰਪੰਨ ਹੋਇਆ। ਸਿਖਲਾਈ ਦੌਰਾਨ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੰਭਾਲਣ, ਇਸ ਤੋਂ ਖਾਦ ਤਿਆਰ ਕਰਨ ਅਤੇ ਆਧੁਨਿਕ ਮਸ਼ੀਨਰੀ ਰਾਹੀਂ ਪਰਾਲੀ ਪ੍ਰਬੰਧਨ ਕਰਨ ਸਬੰਧੀ ਵਿਗਿਆਨਕ ਤੇ ਵਿਹਾਰਕ ਜਾਣਕਾਰੀ ਦਿੱਤੀ ਗਈ।

ਕੋਰਸ ਦੀ ਸ਼ੁਰੂਆਤ ਕਰਦਿਆਂ ਡਾ. ਗੁਰਦੀਪ ਸਿੰਘ ਸਿੱਧੂ ਡਿਪਟੀ ਡਾਇਰੈਕਟਰ (ਸਿਖਲਾਈ) ਕੇ.ਵੀ.ਕੇ. ਬਠਿੰਡਾ ਨੇ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਵਾਤਾਵਰਨਕ ਨੁਕਸਾਨ ਅਤੇ ਮਿੱਟੀ ਦੀ ਸਿਹਤ ’ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਪਰਾਲੀ ਪ੍ਰਬੰਧਨ ਤਕਨੀਕਾਂ ਅਪਣਾਉਣ ਦੀ ਅਪੀਲ ਕੀਤੀ।

ਡਾ. ਗੁਰਮੀਤ ਸਿੰਘ ਢਿੱਲੋਂ ਪ੍ਰੋਫੈਸਰ (ਪਸਾਰ ਸਿੱਖਿਆ) ਨੇ ਕਿਹਾ ਕਿ ਪਰਾਲੀ ਸਾੜਨ ਦੀ ਸਮੱਸਿਆ ਦਾ ਹੱਲ ਕਿਸਾਨਾਂ ਦੀ ਸਰਗਰਮ ਭਾਗੀਦਾਰੀ ਅਤੇ ਵਿਗਿਆਨਕ ਤਕਨੀਕਾਂ ਨੂੰ ਅਪਣਾਉਣ ਨਾਲ ਹੀ ਸੰਭਵ ਹੈ। ਉਨ੍ਹਾਂ ਹੈਪੀ ਸੀਡਰ, ਸੁਪਰ ਸੀਡਰ, ਸਰਫੇਸ ਸੀਡਰ, ਸਮਾਰਟ ਸੀਡਰ ਅਤੇ ਹੋਰ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਮਸ਼ੀਨਰੀ ਕੇ.ਵੀ.ਕੇ. ਵੱਲੋਂ ਕਿਸਾਨਾਂ ਨੂੰ ਘੱਟ ਕਿਰਾਏ ’ਤੇ ਉਪਲਬਧ ਕਰਵਾਈ ਜਾਂਦੀ ਹੈ।

ਡਾ. ਰਮਨਦੀਪ ਕੌਰ ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜਨੀਅਰਿੰਗ) ਨੇ ਪਰਾਲੀ ਦੀ ਸੰਭਾਲ ਅਤੇ ਇਸ ਦੀ ਉਪਯੋਗਤਾ ਬਾਰੇ ਜਾਣਕਾਰੀ ਦਿੰਦਿਆਂ ‘ਪੀ.ਏ.ਯੂ. ਸਰਫੇਸ ਸੀਡਰ’ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਸਮੇਂ ਸਿਰ ਕਣਕ ਦੀ ਬਿਜਾਈ ਲਈ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਵਾਸਤੇ ਇਹ ਸਸਤੀ ਅਤੇ ਸੌਖੀ ਤਕਨੀਕ ਹੈ। ਇਸ ਤਕਨੀਕ ਵਿੱਚ ਪਰਾਲੀ ਨੂੰ ਕੱਟ ਕੇ ਖੇਤ ਵਿੱਚ ਇਕਸਾਰ ਖਿਲਾਰਨ ਦੇ ਨਾਲ-ਨਾਲ ਬੀਜ ਅਤੇ ਖਾਦ ਦੀ ਬਿਜਾਈ ਕੀਤੀ ਜਾਂਦੀ ਹੈ।

ਉਨ੍ਹਾਂ ਦੱਸਿਆ ਕਿ ਸਰਫੇਸ ਸੀਡਰ ਉਪਲਬਧ ਨਾ ਹੋਣ ਦੀ ਸੂਰਤ ਵਿੱਚ ਵੀ ਕੰਬਾਈਨ ਨਾਲ ਝੋਨਾ ਵੱਢਣ ਤੋਂ ਬਾਅਦ ਕਣਕ ਦੇ ਬੀਜ ਅਤੇ ਡੀ.ਏ.ਪੀ. ਖਾਦ ਦਾ ਇਕਸਾਰ ਛਿੱਟਾ ਦੇ ਕੇ ਕਟਰ-ਕਮ-ਸਪਰੈਡਰ ਰਾਹੀਂ ਪਰਾਲੀ ਦਾ ਪ੍ਰਬੰਧਨ ਕੀਤਾ ਜਾ ਸਕਦਾ ਹੈ। ਇਸ ਵਿਧੀ ਵਿੱਚ ਪ੍ਰਤੀ ਏਕੜ 45 ਕਿਲੋ ਸੋਧਿਆ ਹੋਇਆ ਬੀਜ ਅਤੇ 55 ਕਿਲੋ ਡੀ.ਏ.ਪੀ. ਖਾਦ ਦੀ ਵਰਤੋਂ ਕਰਨ ਦੀ ਸਿਫ਼ਾਰਸ਼ ਕੀਤੀ ਗਈ।

ਡਾ. ਤੇਜਬੀਰ ਸਿੰਘ ਬੁੱਟਰ ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਪਰਾਲੀ ਨੂੰ ਖੇਤ ਵਿੱਚ ਮਿਲਾਉਣ ਨਾਲ ਮਿੱਟੀ ਦੀ ਸਿਹਤ ਅਤੇ ਉਪਜਾਊ ਸ਼ਕਤੀ ’ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਮਿੱਟੀ ਵਿੱਚ ਜੈਵਿਕ ਕਾਰਬਨ ਅਤੇ ਪੌਸ਼ਟਿਕ ਤੱਤਾਂ ਦੀ ਉਪਲਬਧਤਾ ਵਿੱਚ ਸੁਧਾਰ ਹੁੰਦਾ ਹੈ ਅਤੇ ਮਿੱਟੀ ਦੀ ਬਣਤਰ ਵੀ ਬਿਹਤਰ ਹੁੰਦੀ ਹੈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਦੀ ਪਰਖ ਦੇ ਆਧਾਰ ’ਤੇ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।

ਡਾ. ਗੁਰਲਾਲ ਸਿੰਘ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਪਰਾਲੀ ਦੀ ਪਸ਼ੂਆਂ ਲਈ ਵਰਤੋਂ ਅਤੇ ਪਸ਼ੂਆਂ ਦੀ ਸਿਹਤ ਨਾਲ ਸਬੰਧਤ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਸ਼ੂਆਂ ਲਈ ਸੰਤੁਲਿਤ ਖੁਰਾਕ ਤਿਆਰ ਕਰਦਿਆਂ ਚਾਰੇ ਦੀ ਗੁਣਵੱਤਾ ਅਤੇ ਪੋਸ਼ਣ ਮੁੱਲ ਦਾ ਵਿਸ਼ੇਸ਼ ਧਿਆਨ ਰੱਖਣਾ ਜ਼ਰੂਰੀ ਹੈ।

ਸਿਖਲਾਈ ਦੌਰਾਨ ਮਾਹਿਰਾਂ ਨੇ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਪਰਾਲੀ ਪ੍ਰਬੰਧਨ ਨਾਲ ਸਬੰਧਤ ਵਿਹਾਰਕ ਸਮੱਸਿਆਵਾਂ ਦੇ ਵਿਗਿਆਨਕ ਹੱਲ ਵੀ ਸਾਂਝੇ ਕੀਤੇ। ਕਿਸਾਨਾਂ ਨੇ ਸਿਖਲਾਈ ਕੋਰਸ ਨੂੰ ਲਾਹੇਵੰਦ ਦੱਸਦਿਆਂ ਪਰਾਲੀ ਪ੍ਰਬੰਧਨ ਦੀਆਂ ਆਧੁਨਿਕ ਤਕਨੀਕਾਂ ਨੂੰ ਅਪਣਾਉਣ ਵਿੱਚ ਰੁਚੀ ਪ੍ਰਗਟਾਈ।

## ਵਿਸ਼ੇਸ਼ ਗਹਿਰੀ ਸੁਧਾਈ : 12 ਸਤੰਬਰ ਤੱਕ ਵੋਟਰ ਦਾਅਵੇ ਅਤੇ ਇਤਰਾਜ਼ ਕਰ ਸਕਦੇ ਹਨ ਪੇਸ਼ : ਜ਼ਿਲ੍ਹਾ ਚੋਣ ਅ.ਫਸਰ

ਬਠਿੰਡਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਭਾਰਤ ਚੋਣ ਕਮਿਸ਼ਨ ਤੋਂ ਪ੍ਰਾਪਤ ਹਦਾਇਤਾਂ ਅਨੁਸਾਰ ਸਪੈਸ਼ਲ ਇਟੈਂਸਿਵ ਰਿਵੀਜ਼ਨ-2026 ਤਹਿਤ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਯੋਗਤਾ ਮਿਤੀ 01.10.2026 ਦੇ ਆਧਾਰ ਤੇ ਮਿਤੀ 13.08.2026 ਨੂੰ ਡਰਾਫਟ ਰੋਲ ਪ੍ਰਕਾਸ਼ਨਾ ਕੀਤੀ ਗਈ ਹੈ। ਇਸ ਸਬੰਧੀ 12 ਸਤੰਬਰ 2026 ਤੱਕ ਵੋਟਰ ਆਪਣੇ ਦਾਅਵੇ ਅਤੇ ਇਤਰਾਜ਼ ਦਾਇਰ ਕਰ ਸਕਦੇ ਹਨ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਸਰਵੇ ਉਪਰੰਤ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਬੀ.ਐਲ.ਓਜ਼. ਰਾਹੀਂ ਅਨਮੈਪਡ ਅਤੇ ਐਲਡੀ ਵਾਲੇ ਵੋਟਰਾਂ ਨੂੰ ਨੋਟਿਸ ਭੇਜੇ ਜਾ ਰਹੇ ਹਨ। ਇਹਨਾਂ ਨੋਟਿਸਾਂ ਦੀ ਸੁਣਵਾਈ ਸਬੰਧਿਤ ਚੋਣ ਹਲਕੇ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ/ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਅਤੇ ਅਡੀਸ਼ਨਲ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਦੇ ਦਫ਼ਤਰ ਵਿਖੇ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਰਾਜਨੀਤਿਕ ਪਾਰਟੀ ਨਾਲ ਸਬੰਧਤ ਬੀ.ਐਲ.ਏ.-1 ਅਤੇ ਬੀ.ਐਲ.ਏ.-2 ਨੂੰ ਅਪੀਲ ਕੀਤੀ ਕਿ ਉਹ ਆਪਣੇ ਬੂਥ ਨਾਲ ਸਬੰਧਤ ਬੀ.ਐਲ.ਓ. ਨਾਲ ਤਾਲ-ਮੇਲ ਕਰਕੇ ਵੱਧ ਤੋਂ ਵੱਧ ਅਨਮੈਪਡ ਅਤੇ ਐਲਡੀ ਵਾਲੇ ਵੋਟਰਾਂ ਨੂੰ ਨੋਟਿਸ ਦੀ ਸੁਣਵਾਈ ਸਮੇਂ ਈਸੀਆਈ ਦੀਆਂ ਹਦਾਇਤਾਂ ਅਨੁਸਾਰ ਲੋੜੀਂਦੇ ਦਸਤਾਵੇਜ ਲੈ ਕੇ ਮਿਥੇ ਸਮੇਂ ਅਤੇ ਸ਼ਡਿਊਲ ਅਨੁਸਾਰ ਹਾਜ਼ਰ ਹੋਕੇ ਦਾਅਵਾ ਦਰਜ ਕਰ ਸਕਦੇ ਹਨ।

## ਖੁਸ਼ੀ ਫਾਊਂਡੇਸ਼ਨ ਵੱਲੋਂ ਨਸ਼ਿਆਂ ਖਿਲਾਫ ਮੁਹਿੰਮ ਤਹਿਤ ਖੇਡ ਕਿੱਟਾਂ ਵੰਡੀਆਂ





ਫਾਜ਼ਿਲਕਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਖੁਸ਼ੀ ਫਾਊਂਡੇਸ਼ਨ ਦੀ ਚੇਅਰਪਰਸਨ ਅਤੇ ਫਾਜ਼ਿਲਕਾ ਤੋਂ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦੀ ਧਰਮ ਪਤਨੀ ਮੈਡਮ ਖੁਸ਼ਬੂ ਸਵਨਾ ਵੱਲੋਂ ਪਿੰਡ ਹੌਜ ਗੰਧੜ ਵਿਖੇ ਨੌਜਵਾਨ ਖਿਡਾਰੀਆਂ ਨੂੰ ਬੋਲੀਬੋਲ ਅਤੇ ਫੁਟਬਾਲ ਦੀਆਂ ਕਿੱਟਾਂ ਵੰਡੀਆਂ ਗਈਆਂ।

ਇਸ ਮੌਕੇ ਮੈਡਮ ਖੁਸ਼ਬੂ ਸਵਨਾ ਨੇ ਕਿਹਾ ਕਿ ਅੱਜ ਦਾ ਨੌਜਵਾਨ ਵਰਗ ਸਾਡੇ ਦੇਸ਼ ਦਾ ਭਵਿੱਖ ਹੈ, ਪਰ ਨਸ਼ਿਆਂ ਨੇ ਨੌਜਵਾਨੀ ਨੂੰ ਗਲਤ ਰਾਹ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਸਭ ਤੋਂ ਵੱਡਾ ਹਥਿਆਰ ਹਨ।

ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਖੇਡਾਂ ਰਾਹੀਂ ਆਪਣੀ ਊਰਜਾ ਦਾ ਇਸਤੇਮਾਲ ਵਧੀਆ ਢੰਗ ਨਾਲ ਕਰਨਗੇ ਤਾਂ ਉਨ੍ਹਾਂ ਦਾ ਸਰੀਰਕ ਅਤੇ ਮਾਨਸਿਕ ਵਿਕਾਸ ਹੋਵੇਗਾ ਅਤੇ ਉਹ ਨਸ਼ਿਆਂ ਵਰਗੀ ਭੈੜੀ ਅਲਾਮਤ ਤੋਂ ਦੂਰ ਰਹਿਣਗੇ। ਖੇਡਾਂ ਨਾਲ ਜਿੱਥੇ ਸਿਹਤ ਬਣਦੀ ਹੈ, ਉੱਥੇ ਆਪਸੀ ਭਾਈਚਾਰਾ, ਅਨੁਸ਼ਾਸਨ ਅਤੇ ਟੀਮ ਭਾਵਨਾ ਵੀ ਪੈਦਾ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਖੁਸ਼ੀ ਫਾਊਂਡੇਸ਼ਨ ਦਾ ਮੁੱਖ ਮਕਸਦ ਹੀ ਪਿੰਡ-ਪਿੰਡ ਜਾ ਕੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨਾ ਹੈ ਤਾਂ ਜੋ ਪੰਜਾਬ ਦੀ ਜਵਾਨੀ ਫਿਰ ਤੋਂ ਖੇਡਾਂ ਵੱਲ ਪਰਤੇ।

ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਨੂੰ ਛੱਡ ਕੇ ਖੇਡਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ, ਆਪਣੇ ਮਾਪਿਆਂ ਦਾ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਅਤੇ ਪੰਜਾਬ ਨੂੰ ਫਿਰ ਤੋਂ ਰੰਗਲਾ ਪੰਜਾਬ ਬਣਾਉਣ ਵਿੱਚ ਸਹਿਯੋਗ ਦੇਣ।

ਇਸ ਮੌਕੇ ਪਿੰਡ ਦੇ ਸਰਪੰਚ, ਪੰਚਾਇਤ ਮੈਂਬਰ, ਫਾਊਂਡੇਸ਼ਨ ਦੇ ਵਲੰਟੀਅਰ, ਕਲੱਬ ਦੇ ਆਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਖਿਡਾਰੀ ਹਾਜ਼ਰ ਸਨ। ਪਿੰਡ ਵਾਸੀਆਂ ਨੇ ਇਸ ਉਪਰਾਲੇ ਲਈ ਮੈਡਮ ਖੁਸ਼ਬੂ ਸਵਨਾ ਅਤੇ ਵਿਧਾਇਕ ਸ. ਨਰਿੰਦਰਪਾਲ ਸਿੰਘ ਸਵਨਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਸੀ-ਪਾਈਟ ਕੈਂਪ, ਕਾਲਝਰਾਣੀ (ਬਠਿੰਡਾ) ਵਿਖੇ ਮੁ.ਫਤ ਦੇ ਲਿਖਤੀ ਪੇਪਰ ਦੀ ਤਿਆਰੀ ਸ਼ੁਰੂ

ਫਾਜ਼ਿਲਕਾ, 2 ਸਤੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਰੋਜਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ (ਬਾਦਲ - ਬਠਿੰਡਾ ਰੋਡ) ਵੱਲੋਂ ਜਿਲ੍ਹਾ ਫਾਜਿਲਕਾ, ਬਠਿੰਡਾ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਵਿੱਚ ਕਲੈਰੀਕਲ ਜਾਂ ਗਰੁੱਪ ਡੀ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਲਈ ਮੁਫਤ ਪੂਰਵ ਸਿਖਲਾਈ ਕੈਂਪ ਮਿਤੀ 01 ਸਤੰਬਰ 2026 ਤੋਂ ਸ਼ੁਰੂ ਹੋ ਹੈ । ਇਹ ਜਾਣਕਾਰੀ ਦਿੰਦਿਆਂ ਕੈਪਟਨ ਲਖਵਿੰਦਰ ਸਿੰਘ, ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ, ਕਾਲਝਰਾਣੀ ਨੇ ਦੱਸਿਆ ਕਿ ਵਿੱਚ ਕਲੈਰੀਕਲ ਜਾਂ ਗਰੁੱਪ ਡੀ ਲਈ ਅਪਲਾਈ ਕਰ ਚੁੱਕੇ ਨੌਜਵਾਨਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕੈਂਪ ਵਿਖੇ ਆ ਕੇ ਲਿਖਤੀ ਪੇਪਰ ਦੀ ਤਿਆਰੀ ਕਰਨ । ਇਹਨ੍ਹਾਂ ਪੋਸਟਾ ਲਈ ਮਿਤੀ 07 ਸਤੰਬਰ 2026 ਤੱਕ ਆਨ-ਲਾਈਨ ਅਪਲਾਈ ਕੀਤਾ ਜਾ ਸਕਦਾ ਹੈ । ਲਿਖਤੀ ਪੇਪਰ ਦੀ ਤਿਆਰੀ ਤਜਰਬੇਕਾਰ ਸਟਾਫ਼ ਵੱਲੋਂ ਕਰਵਾਈ ਜਾਂਦੀ ਹੈ । ਉਕਤ ਜਿਲਿਆਂ ਦੇ ਪੂਰਵ ਸਿਖਲਾਈ ਲੈਣ ਦੇ ਚਾਹਵਾਨ ਯੁਵਕ ਮਿਤੀ 31, ਅਗਸਤ 2026 ਤੋਂ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 09:00 ਵਜੇ ਨਿੱਜੀ ਤੌਰ ਤੇ ਸੀ-ਪਾਈਟ ਕੈਂਪ, ਪਿੰਡ ਕਾਲਝਰਾਣੀ ਜਿਲ੍ਹਾ ਬਠਿੰਡਾ ਵਿਖੇ ਦਸਵੀ , ਬਾਰਵੀਂ ਜਮਾਤ ਤੇ ਉੱਚ ਯੋਗਤਾ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਭਰਤੀ ਲਈ ਆਨ-ਲਾਈਨ ਅਪਲਾਈ ਕੀਤੇ ਫਾਰਮ ਅਤੇ ਐਡਮਿਟ ਕਾਰਡ ਦੀ ਫੋਟੋਕਾਪੀ, ਅਧਾਰ ਕਾਰਡ ਦੀ ਫੋਟੋ ਕਾਪੀ, ਜਾਤੀ ਸਰਟੀਫਿਕੇਟ ਅਤੇ ਰੈਜੀਡੈਂਸੀ ਸਰਟੀਫਿਕੇਟ ਦੀ ਫੋਟੋ ਕਾਪੀ, 02 ਤਾਜਾ ਪਾਸਪੋਰਟ ਸਾਈਜ ਫੋਟੋ ਦਸਤਾਵੇਜ਼ ਸਮੇਤ ਪਹੁੰਚ ਕੇ ਲਿਖਤੀ ਪੇਪਰ ਦੀ ਤਿਆਰੀ ਲਈ ਰਜ਼ਿਸਟ੍ਰੇਸ਼ਨ ਕਰਵਾ ਕੇ ਟ੍ਰੇਨਿੰਗ ਸ਼ੁਰੂ ਕਰ ਸਕਦੇ ਹਨ

ਇਸ ਤੋਂ ਇਲਾਵਾ ਕੈਂਪ ਵਿਖੇ ਪੰਜਾਬ ਪੁਲਿਸ ਦੇ ਫਿਜੀਕਲ ਟੈਸਟ ਦੀ ਤਿਆਰੀ ਵੀ ਚੱਲ ਰਹੀ । ਸਿਖਲਾਈ ਦੌਰਾਂਨ ਯੁਵਕਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ (ਸਪੈਸ਼ਲ ਡਾਈਟ) ਅਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ 94641-52013, 94638-41615, 98722-74085 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮੈਂ ਲੋਕਾਂ ਦਾ ਪੈਸਾ ਲੋਕਾਂ 'ਤੇ ਖਰਚ ਰਿਹਾ ਹਾਂ, ਪਰ ਤਕਲੀਫ਼ ਵਿਰੋਧੀਆਂ ਨੂੰ ਹੋ ਰਹੀ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਸੱਤਾ ਵਿੱਚ ਆਉਣ 'ਤੇ ਵਿਰੋਧੀ ਪਾਰਟੀਆਂ ਸਤਿਕਾਰ ਯੋਜਨਾ ਸਮੇਤ ਸਾਰੀਆਂ ਸਕੀਮਾਂ ਬੰਦ ਕਰਨ ਦੀਆਂ ਧਮਕੀਆਂ ਦੇ ਰਹੀਆਂ ਹਨ ➢ ਲੋਕਾਂ ਨੂੰ ਚੰਗੇ ਸਕੂਲ, ਹਸਪਤਾਲ ਅਤੇ ਮੁਫ਼ਤ ਬਿਜਲੀ ਦੇਣ 'ਤੇ ਵਿਰੋਧੀਆਂ ਨੂੰ ਤਕਲੀਫ਼ ਕਿਉਂ ਹੈ ➢ ਪੰਜਾਬ ਦੇ ਲੋਕ ਨਾ ਤਾਂ ਉਨ੍ਹਾਂ ਨੂੰ ਦੂਜਾ ਮੌਕਾ ਦੇਣਗੇ ਅਤੇ ਨਾ ਹੀ ਸਾਡੀ ਕੋਈ ਸਕੀਮ ਕਦੇ ਬੰਦ ਹੋਵੇਗੀ

**ਮੁਹਾਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਦੀ ਮੁਖਾਲਫ਼ਤ ਕਰਨ 'ਤੇ ਵਿਰੋਧੀ ਪਾਰਟੀਆਂ ਉੱਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਜਿਹੜੀਆਂ ਸਕੀਮਾਂ ਲੋਕਾਂ ਨੂੰ ਮੁਫ਼ਤ ਬਿਜਲੀ, ਵਧੀਆ ਸਿੱਖਿਆ, ਸਿਹਤ ਸੰਭਾਲ ਅਤੇ ਵਿਕਾਸ ਦੇ ਰਹੀਆਂ ਹਨ, ਉਹ ਹੁਣ ਇਨ੍ਹਾਂ ਲੋਕਾਂ ਨੂੰ ਤਕਲੀਫ ਦੇ ਰਹੀਆਂ ਹਨ ਜੋ ਖੁਦ ਦਹਾਕਿਆਂ ਤੱਕ ਸੱਤਾ ਵਿੱਚ ਰਹੇ। ਮੋਹਾਲੀ ਦੇ ਪਿੰਡ ਬੜਮਾਜਰਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾਂ ਦੌਰਾਨ ਸਰਕਾਰਾਂ ਵਾਰ-ਵਾਰ ਬਦਲੀਆਂ, ਪਰ ਪੰਜਾਬ ਦੇ ਲੋਕਾਂ ਦੀ ਤਕਦੀਰ ਨਹੀਂ ਬਦਲੀ, ਜਦਕਿ ਉਨ੍ਹਾਂ ਦੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਲੋਕਾਂ ਦਾ ਪੈਸਾ ਹੁਣ ਸਿੱਧਾ ਲੋਕਾਂ ਦੇ ਭਲੇ ਲਈ ਖਰਚਿਆ ਜਾਵੇ। ਉਨ੍ਹਾਂ ਕਿਹਾ ਕਿ ਸੱਤਾ ਵਿੱਚ ਵਾਪਸੀ ਤੋਂ ਬਾਅਦ ਕਲਿਆਣਕਾਰੀ ਸਕੀਮਾਂ ਨੂੰ ਬੰਦ ਕਰਨ ਦੀਆਂ ਵਿਰੋਧੀਆਂ ਦੀਆਂ ਧਮਕੀਆਂ ਸਫ਼ਲ ਨਹੀਂ ਹੋਣਗੀਆਂ, ਕਿਉਂਕਿ ਪੰਜਾਬ ਦੇ ਲੋਕ ਨਾ ਤਾਂ ਉਨ੍ਹਾਂ ਨੂੰ ਦੂਜਾ ਮੌਕਾ ਦੇਣਗੇ ਅਤੇ ਨਾ ਹੀ ਲੋਕ ਭਲਾਈ ਦੀਆਂ ਸਕੀਮਾਂ ਬੰਦ ਹੋਣ ਦੇਣਗੇ।

ਆਪਣੇ ਐਕਸ 'ਤੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਮੋਹਾਲੀ ਦੇ ਪਿੰਡ ਬੜਮਾਜਰਾ ਵਿਖੇ ਲੋਕ ਮਿਲਣੀ ਦੌਰਾਨ ਤੁਹਾਡੇ ਤੋਂ ਜੋ ਪਿਆਰ ਅਤੇ ਵਿਸ਼ਵਾਸ ਮਿਲਿਆ ਹੈ, ਉਹ ਮੇਰੇ ਲਈ ਬਹੁਤ ਵੱਡੀ ਤਾਕਤ ਹੈ। ਮੈਂ ਹਮੇਸ਼ਾ ਕਿਹਾ ਹੈ ਕਿ ਸਰਕਾਰ ਕੁਰਸੀ ਲਈ ਨਹੀਂ, ਸਗੋਂ ਲੋਕਾਂ ਦੀ ਸਿਹਤ, ਸਿੱਖਿਆ, ਰੋਜ਼ਗਾਰ ਅਤੇ ਵਿਕਾਸ ਲਈ ਹੁੰਦੀ ਹੈ। ਅੱਜ ਪੰਜਾਬ ਨੇ ਸਿੱਖਿਆ ਦੇ ਖੇਤਰ ਵਿੱਚ ਵੱਡਾ ਬਦਲਾਅ ਦੇਖਿਆ ਹੈ। ਸਰਕਾਰੀ ਸਕੂਲਾਂ ਦੇ ਨੀਟ ਕਲੀਅਰ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 2021 ਵਿੱਚ 80 ਤੋਂ ਵੱਧ ਕੇ ਹੁਣ 882 ਹੋ ਗਈ ਹੈ। ਪੰਜਾਬ ਦੇ 90% ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ 42 ਲੱਖ ਪਰਿਵਾਰਾਂ ਦੇ ਸਿਹਤ ਯੋਜਨਾ ਕਾਰਡ ਬਣਾਏ ਗਏ ਹਨ।

ਉਨ੍ਹਾਂ ਅੱਗੇ ਕਿਹਾ, ਅੱਜ ਬੜਮਾਜਰਾ ਦੇ ਵਿਕਾਸ ਲਈ 50 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ ਹੈ, ਜਦਕਿ ਪਿੰਡ ਵਿੱਚ ਲਗਭਗ 1.5 ਕਰੋੜ ਰੁਪਏ ਦੇ ਵਿਕਾਸ ਕਾਰਜ ਪਹਿਲਾਂ ਹੀ ਚੱਲ ਰਹੇ ਹਨ। ਇਹ ਤੁਹਾਡੇ ਟੈਕਸ ਦਾ ਪੈਸਾ ਹੈ ਅਤੇ ਇਹ ਤੁਹਾਡੇ 'ਤੇ ਹੀ ਖਰਚਿਆ ਜਾ ਰਿਹਾ ਹੈ। ਇਹੋ ਫਰਕ ਹੈ: ਅਸੀਂ ਲੋਕਾਂ ਦੀ ਗੱਲ ਕਰਦੇ ਹਾਂ, ਸਿਰਫ਼ ਕੁਰਸੀ ਦੀ ਨਹੀਂ। ਤੁਹਾਡਾ ਪਿਆਰ ਇਵੇਂ ਹੀ ਬਣਿਆ ਰਹੇ ਅਤੇ ਪੰਜਾਬ ਦਿਨ-ਦੁਗਣੀ ਰਾਤ-ਚੌਗਣੀ ਤਰੱਕੀ ਕਰਦਾ ਰਹੇ। ਇਨਕਲਾਬ ਜ਼ਿੰਦਾਬਾਦ।

ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਵਾਇਤੀ ਪਾਰਟੀਆਂ ਦੇ ਵਾਰੋ-ਵਾਰੀ ਸੱਤਾ ਵਿੱਚ ਆਉਣ ਅਤੇ ਇਕ-ਦੂਜੇ ਦੇ ਗਲਤ ਕੰਮਾਂ 'ਤੇ ਪਰਦਾ ਪਾਉਣ ਦਾ ਦੌਰ ਹੁਣ ਖਤਮ ਹੋ ਗਿਆ ਹੈ, ਕਿਉਂਕਿ ਲੋਕਾਂ ਨੇ ਹੁਣ 'ਆਪ' ਨੂੰ ਸੂਬੇ ਦੀ ਨੁਹਾਰ ਬਦਲਣ ਦੀ ਜ਼ਿੰਮੇਵਾਰੀ ਸੌਂਪੀ ਹੈ। ਪੰਜਾਬ ਦੇ ਸੂਝਵਾਨ ਲੋਕ ਕਾਂਗਰਸ, ਅਕਾਲੀਆਂ ਅਤੇ ਭਾਜਪਾ ਨੂੰ ਉਨ੍ਹਾਂ ਦੇ ਪੰਜਾਬ ਵਿਰੋਧੀ ਰੋਲ ਲਈ ਕਦੇ ਮਾਫ਼ ਨਹੀਂ ਕਰਨਗੇ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਰਾਜਨੀਤਿਕ ਗੁਮਨਾਮੀ ਵਿੱਚ ਭੇਜ ਦਿੱਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਲੋਕਾਂ ਨੇ ਆਪਣੇ ਰਾਜ ਦੌਰਾਨ ਹਮੇਸ਼ਾ ਇੱਕ-ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ ਹੈ। ਉਹ ਦਿਨ ਗਏ ਜਦੋਂ ਇਹ ਪਾਰਟੀਆਂ 'ਉੱਤਰ ਕਾਟੋ, ਮੈਂ ਚੜ੍ਹਾਂ' ਦੀ ਖੇਡ ਖੇਡਦੀਆਂ ਸਨ ਅਤੇ ਸੱਤਾ ਦੀ ਆਪਣੀ ਵਾਰੀ ਦਾ ਇੰਤਜ਼ਾਰ ਕਰਦੀਆਂ ਸਨ। ਉਨ੍ਹਾਂ ਨੇ ਸੱਤਾ ਦੇ ਦਿਨਾਂ ਵਿੱਚ ਇੱਕ ਦੂਜੇ ਦੇ ਹਿੱਤਾਂ ਦੀ ਰਾਖੀ ਕੀਤੀ, ਜਿਸ ਕਾਰਨ ਉਨ੍ਹਾਂ ਦੇ ਕਰਤੂਤਾਂ ਕਦੇ ਸਾਹਮਣੇ ਨਹੀਂ ਆਈਆਂ।

ਮੁੱਖ ਮੰਤਰੀ ਨੇ ਕਿਹਾ, ਹੁਣ ਲੋਕਾਂ ਨੇ 'ਆਪ' ਨੂੰ ਚੁਣਿਆ ਹੈ ਅਤੇ ਇਸ ਪਾਰਟੀ ਦਾ ਚੋਣ ਨਿਸ਼ਾਨ ਝਾੜੂ ਸੂਬੇ ਦੀ ਸਿਆਸੀ ਵਿਵਸਥਾ ਦੀ ਸਫ਼ਾਈ ਕਰ ਰਿਹਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਅਕਾਲੀ ਆਪਣੇ ਗੁਨਾਹਾਂ ਦੀ ਸਜ਼ਾ



ਭੁਗਤਣ ਲਈ ਜੇਲ੍ਹ ਦੀਆਂ ਸੀਖਾਂ ਪਿੱਛੇ ਹੋਣਗੇ।

ਨਸ਼ਿਆਂ ਦੀ ਅਲਾਮਤ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਰਵਾਇਤੀ ਸਿਆਸੀ ਪਾਰਟੀਆਂ ਨੇ ਪੰਜਾਬ ਦੀ ਜਵਾਨੀ ਦਾ ਨਾ ਪੂਰਿਆ ਜਾਣ ਵਾਲਾ ਨੁਕਸਾਨ ਕੀਤਾ ਹੈ। ਲੋਕ ਜਾਣਦੇ ਹਨ ਕਿ ਨਸ਼ੇ ਦੇ ਵਪਾਰ ਰਾਹੀਂ ਹਜ਼ਾਰਾਂ ਨੌਜਵਾਨਾਂ ਦੇ ਸਿਵੇ ਬਾਲਣ ਲਈ ਕੌਣ ਜ਼ਿੰਮੇਵਾਰ ਹੈ। ਜੇਕਰ ਇਹ ਪਾਰਟੀਆਂ ਮੁੜ ਸੱਤਾ ਵਿੱਚ ਆਉਂਦੀਆਂ ਹਨ ਤਾਂ ਇਹ ਪੰਜਾਬ ਅਤੇ ਇਸ ਦੇ ਲੋਕਾਂ ਦਾ ਸ਼ੋਸ਼ਣ ਕਰਨ ਲਈ ਇੱਕ ਵਾਰ ਫਿਰ ਤਾਕਤ ਦੀ ਦੁਰਵਰਤੋਂ ਕਰਨਗੀਆਂ।

ਅਕਾਲੀ ਦਲ ਦੇ ਆਗੂ ਸੁਖਬੀਰ ਬਾਦਲ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ, ਸੁਖਬੀਰ ਬਾਦਲ ਜ਼ਮੀਨੀ ਹਕੀਕਤਾਂ ਤੋਂ ਅਣਜਾਣ ਹਨ ਕਿਉਂਕਿ ਉਨ੍ਹਾਂ ਨੇ ਉਮਰ ਭਰ ਐਸ਼ੋ-ਆਰਾਮ ਅਤੇ ਸੁਰੱਖਿਅਤ ਮਾਹੌਲ ਵਿੱਚ ਸਮਾਂ ਬਿਤਾਇਆ ਹੈ। ਉਹ ਪੰਜਾਬ ਦੇ ਇੱਕ ਕਾਨਵੈਂਟ ਸਕੂਲ ਦੇ ਪੜ੍ਹੇ-ਲਿਖੇ ਸਿਆਸੀ ਨੇਤਾ ਹਨ, ਜਿਨ੍ਹਾਂ ਨੂੰ ਸੂਬੇ ਦੀ ਭੂਗੋਲਿਕ ਸਥਿਤੀ ਦੀ ਬੁਨਿਆਦੀ ਸਮਝ ਵੀ ਨਹੀਂ ਹੈ, ਪਰ ਉਹ ਪੰਜਾਬ ਵਿੱਚ ਰਾਜਨੀਤਿਕ ਸੱਤਾ ਹਾਸਲ ਕਰਨਾ ਚਾਹੁੰਦੇ ਹਨ। ਬਾਕੀ ਸਭ ਛੱਡੋ, ਪੰਜਾਬ ਦੇ ਇਸ ਸਾਬਕਾ ਉਪ ਮੁੱਖ ਮੰਤਰੀ ਨੂੰ ਸੂਬੇ ਦੀਆਂ ਮੂਲ ਫ਼ਸਲਾਂ ਵਿੱਚ ਵੀ ਫਰਕ ਨਹੀਂ ਪਤਾ, ਕਿਉਂਕਿ ਉਨ੍ਹਾਂ ਨੂੰ ਬੁਨਿਆਦੀ ਮੁੱਦਿਆਂ ਦੀ ਬਹੁਤ ਘੱਟ ਜਾਣਕਾਰੀ ਹੈ।

ਮੁੱਖ ਮੰਤਰੀ ਨੇ ਕਿਹਾ, ਅਕਾਲੀਆਂ ਨੇ ਨਸ਼ੇ ਦੇ ਵਪਾਰ ਨੂੰ ਸਰਪ੍ਰਸਤੀ ਦੇ ਕੇ ਪੰਜਾਬ ਦੀਆਂ ਪੀੜ੍ਹੀਆਂ ਦਾ ਘਾਣ ਕੀਤਾ ਹੈ। ਉਨ੍ਹਾਂ ਨੇ ਨਾ ਸਿਰਫ਼ ਨਸ਼ੇ ਦੇ ਵਪਾਰ ਦੀ ਸਰਪ੍ਰਸਤੀ ਕੀਤੀ, ਸਗੋਂ ਰਿਪੋਰਟਾਂ ਅਨੁਸਾਰ ਨਸ਼ਾ ਵੇਚਣ ਜਾਂ ਵੰਡਣ ਲਈ ਸਰਕਾਰੀ ਵਾਹਨਾਂ ਦੀ ਵਰਤੋਂ ਵੀ ਕੀਤੀ। ਉਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਧਰਮ ਦੀ ਵਰਤੋਂ ਕਰਕੇ ਹਰ ਆਮ ਆਦਮੀ ਦੀ ਮਾਨਸਿਕਤਾ ਨੂੰ ਠੇਸ ਪਹੁੰਚਾਈ ਹੈ, ਜੋ ਕਿ ਇੱਕ ਨਾ-ਮਾਫ਼ੀਯੋਗ ਗੁਨਾਹ ਹੈ। ਅਕਾਲੀ ਦਲ ਵੱਲੋਂ ਭਾਜਪਾ ਨਾਲ ਦੁਬਾਰਾ ਸਾਂਝ ਪਾਉਣ ਦੀਆਂ ਕੋਸ਼ਿਸ਼ਾਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੱਤਾ ਦੀ ਭੁੱਖ ਮਿਟਾਉਣ ਲਈ ਅਕਾਲੀ ਦਲ ਹੁਣ ਭਾਜਪਾ ਨਾਲ ਗਠਜੋੜ ਲਈ ਤਰਲੇ ਮਾਰ ਰਿਹਾ ਹੈ, ਜਿਸ ਦੇ ਹੱਥ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਰੋਸ ਪ੍ਰਦਰਸ਼ਨ ਦੌਰਾਨ ਸ਼ਹੀਦ ਹੋਏ 700 ਤੋਂ ਵੱਧ ਕਿਸਾਨਾਂ ਦੇ ਖੂਨ ਨਾਲ ਰੰਗੇ ਹੋਏ ਹਨ। ਅਕਾਲੀ-ਭਾਜਪਾ ਗਠਜੋੜ ਕਿਸੇ ਵਿਚਾਰਧਾਰਾ ਜਾਂ ਲੋਕ ਭਲਾਈ ਲਈ ਨਹੀਂ, ਸਗੋਂ ਸਿਰਫ਼ ਸੂਬੇ 'ਤੇ ਸੱਤਾ ਹਥਿਆਉਣ ਦੇ ਮਕਸਦ ਨਾਲ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਰਵਾਇਤੀ ਪਾਰਟੀਆਂ ਦੀਆਂ ਸਿਆਸੀ ਚਾਲਾਂ ਤੋਂ ਗੁੰਮਰਾਹ ਨਹੀਂ ਹੋਣਗੇ ਅਤੇ ਉਨ੍ਹਾਂ ਨੂੰ ਸਬਕ ਸਿਖਾਉਣਗੇ।

ਅਕਾਲੀ ਦਲ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਕਿਹਾ, ਅਕਾਲੀ ਆਗੂ ਹਮੇਸ਼ਾ ਪੰਜਾਬੀਆਂ ਜਾਂ ਪੰਜਾਬ ਦੇ ਹਿੱਤਾਂ ਦੀ ਬਜਾਏ ਆਪਣੇ ਹਿੱਤਾਂ ਦੀ ਚਿੰਤਾ ਕਰਦੇ ਹਨ, ਜਦਕਿ 'ਆਪ' ਸਿਰਫ਼ ਪੰਜਾਬ ਲਈ ਵਚਨਬੱਧ ਹੈ। ਉਨ੍ਹਾਂ ਨੇ ਆਪਣੇ ਸੱਤਾ ਦੇ ਦਿਨਾਂ ਦੌਰਾਨ ਸੂਬੇ ਦੀ ਦੌਲਤ ਨੂੰ ਬੇਰਹਿਮੀ ਨਾਲ ਲੁੱਟਿਆ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ। ਅਕਾਲੀ ਲੀਡਰਸ਼ਿਪ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜੇਕਰ ਪ੍ਰਧਾਨ ਮੰਤਰੀ ਅਕਾਲੀ ਆਗੂਆਂ ਦਾ ਹਾਲ-ਚਾਲ ਪੁੱਛਣ ਲਈ ਫੋਨ ਵੀ ਕਰਦੇ ਹਨ, ਤਾਂ ਉਹ ਪੰਜਾਬ ਨੂੰ ਲੁੱਟਣ ਲਈ ਦਿੱਲੀ ਨਾਲ ਗਠਜੋੜ ਕਰਨ ਦੇ ਸੁਪਨੇ ਦੇਖਣ ਲੱਗ ਪੈਂਦੇ ਹਨ।

ਕਾਂਗਰਸ ਦੀ ਅੰਦਰੂਨੀ ਫੁੱਟ 'ਤੇ ਚੁਟਕੀ ਲੈਂਦਿਆਂ ਉਨ੍ਹਾਂ ਕਿਹਾ, ਉਹ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਸੱਤਾ ਖਾਤਰ ਆਪਸ ਵਿੱਚ ਲੜ ਰਹੇ ਹਨ, ਜਦਕਿ ਸੂਬਾ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ। ਅਸੀਂ ਆਪਸ ਵਿੱਚ ਨਹੀਂ ਲੜਦੇ, ਸਗੋਂ ਰੰਗਲਾ ਪੰਜਾਬ ਬਣਾਉਣ ਲਈ ਨਿਰੰਤਰ ਯਤਨ ਕਰ ਰਹੇ ਹਾਂ। ਸੂਬੇ ਦੀ ਲੜਾਈ ਚੰਗੀ ਸਿੱਖਿਆ, ਵਧੀਆ ਸਿਹਤ ਅਤੇ ਹੋਰ ਭਲਾਈ ਸਕੀਮਾਂ ਲਈ ਹੈ। ਸੱਤਾ ਦੀ ਖਾਤਰ ਕਾਂਗਰਸੀ ਆਗੂ ਇੱਕ-ਦੂਜੇ ਨੂੰ ਦੇਖਣਾ ਵੀ ਪਸੰਦ ਨਹੀਂ ਕਰਦੇ।

ਉਨ੍ਹਾਂ ਕਿਹਾ, ਕਾਂਗਰਸ ਕੋਲ ਲੋਕਾਂ ਅਤੇ ਸੂਬੇ ਲਈ ਕੋਈ ਵਿਜ਼ਨ ਨਹੀਂ ਹੈ। ਉਨ੍ਹਾਂ ਦਾ ਇਹੀ ਮਕਸਦ ਹੈ ਕਿ ਸੱਤਾ ਵਿੱਚ ਆ ਕੇ ਪੰਜਾਬ ਦੀ ਦੌਲਤ ਲੁੱਟੀ ਜਾਵੇ, ਪਰ ਉਨ੍ਹਾਂ ਦੇ ਸੁਪਨੇ ਕਦੇ ਪੂਰੇ ਨਹੀਂ ਹੋਣਗੇ। ਕਾਂਗਰਸ ਪਾਰਟੀ ਇੱਕ ਅਜਿਹਾ ਖੇਰੂੰ-ਖੇਰੂੰ ਹੋਇਆ ਘਰ ਹੈ ਜੋ ਆਪਣੀ ਅੰਦਰੂਨੀ ਲੜਾਈ ਕਾਰਨ ਢਹਿ ਢੇਰੀ ਹੋ ਜਾਵੇਗਾ। ਇਹ ਅਫ਼ਸੋਸ ਦੀ ਗੱਲ ਹੈ ਕਿ ਸੱਤਾ ਲਈ ਲੜ ਰਹੇ ਇਨ੍ਹਾਂ ਨੇਤਾਵਾਂ ਨੂੰ ਇਕਜੁੱਟ ਕਰਨ ਲਈ ਆਉਣ ਵਾਲੇ ਕਾਂਗਰਸ ਦੇ ਚੋਟੀ ਦੇ ਨੇਤਾਵਾਂ ਨੂੰ ਇਹ ਵੀ ਨਹੀਂ ਪਤਾ ਹੁੰਦਾ ਕਿ ਉਨ੍ਹਾਂ ਦੇ ਨਾਂ ਦਾ ਉਚਾਰਨ ਕਿਵੇਂ ਕਰਨਾ ਹੈ।

ਮੁੱਖ ਮੰਤਰੀ ਨੇ ਕਿਹਾ, ਕਾਂਗਰਸ ਅਤੇ ਅਕਾਲੀ ਦਲ ਉਹ ਸਿਉਂਕ ਹਨ, ਜਿਨ੍ਹਾਂ ਨੇ ਆਜ਼ਾਦੀ ਤੋਂ ਬਾਅਦ ਸੂਬੇ ਨੂੰ ਬਰਬਾਦ ਕਰ ਦਿੱਤਾ, ਜਿਸ ਕਾਰਨ ਪੰਜਾਬ ਤਰੱਕੀ ਦੇ ਰਾਹ 'ਤੇ ਪਛੜ ਗਿਆ। ਇਨ੍ਹਾਂ ਪਾਰਟੀਆਂ ਦੇ ਆਗੂ ਕਦੇ ਵੀ ਇੱਕ-ਦੂਜੇ ਖ਼ਿਲਾਫ਼ ਨਹੀਂ ਬੋਲਦੇ ਪਰ ਮੇਰੇ ਖ਼ਿਲਾਫ਼ ਰੋਜ਼ਾਨਾ ਜ਼ਹਿਰ ਉਗਲਦੇ ਹਨ ਕਿਉਂਕਿ ਮੈਂ ਲੋਕਾਂ ਸਾਹਮਣੇ ਉਨ੍ਹਾਂ ਦਾ ਅਸਲ ਚਿਹਰਾ ਬੇਨਕਾਬ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਰਵਾਇਤੀ ਸਿਆਸੀ ਪਾਰਟੀਆਂ ਦੇ ਲੋਕ ਵਿਰੋਧੀ ਵਤੀਰੇ ਨੂੰ ਚੇਤੇ ਕਰਨ ਲਈ ਆਖਦਿਆਂ ਕਿਹਾ ਕਿ ਇਹ ਉਹ ਗੱਦਾਰ ਹਨ ਜੋ ਕਦੇ ਵੀ ਸੂਬੇ ਅਤੇ ਇਸ ਦੇ ਲੋਕਾਂ ਪ੍ਰਤੀ ਵਫ਼ਾਦਾਰ ਨਹੀਂ ਰਹੇ।

ਆਪਣੀ ਸਰਕਾਰ ਦੀਆਂ ਪ੍ਰਸ਼ਾਸਨਿਕ ਪਹਿਲਕਦਮੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰੀ ਖ਼ਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਸੋਚ-ਸਮਝ ਕੇ ਖਰਚਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ਸੂਬੇ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ 'ਚ ਹੁਣ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਵੱਡੀ ਪ੍ਰਾਪਤੀ ਹੈ। ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਅਸੀਂ ਇਸ ਨੂੰ ਲੋਕਾਂ ਦੀ ਭਲਾਈ 'ਤੇ ਪੂਰੇ ਧਿਆਨ ਖ਼ਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਪਹੁੰਚ ਰਿਹਾ ਹੈ।

ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ, ਸਾਡੀ ਸਰਕਾਰ ਸਿਰਫ਼ ਲੋਕਾਂ ਦੇ ਭਲੇ ਲਈ ਕਰ ਰਹੀ ਹੈ, ਜਿਸਨੇ ਮੁਫ਼ਤ ਬਿਜਲੀ, 70,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਕਿਸੇ ਭ੍ਰਿਸ਼ਟਾਚਾਰ ਦੇ ਨੌਕਰੀਆਂ, ਬਿਹਤਰੀਨ ਸੜਕੀ ਸੰਪਰਕ, ਮਿਆਦ ਪੁਗਾ ਚੁੱਕੇ ਟੋਲ ਪਲਾਜ਼ੇ ਬੰਦ ਕਰਕੇ ਲੋਕਾਂ ਦੇ ਰੋਜ਼ਾਨਾ 70 ਲੱਖ ਰੁਪਏ ਦੀ ਬੱਚਤ ਕਰਵਾਉਣ, ਮਿਆਰੀ ਸਿੱਖਿਆ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦੇ ਨਿਰਮਾਣ ਸਮੇਤ ਹੋਰ ਕਈ ਅਹਿਮ ਪਹਿਲਕਦਮੀਆਂ ਕੀਤੀਆਂ ਹਨ। ਸੂਬਾ ਸਰਕਾਰ ਪਿੰਡਾਂ ਦੇ ਵਿਕਾਸ ਲਈ ਅਣਥੱਕ ਯਤਨ ਕਰ ਰਹੀ ਹੈ ਜਿਸ ਲਈ ਵੱਡੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਲਈ ਸੂਬੇ ਭਰ ਵਿੱਚ 3100 ਖੇਡ ਮੈਦਾਨ ਬਣਾਏ ਜਾ ਰਹੇ ਹਨ।

## ਸਬ ਜੇਲ੍ਹ ਪੱਟੀ ਵਿਖੇ ਭੈਣਾਂ ਵੱਲੋਂ ਬੰਦੀ ਵੀਰਾਂ ਨੂੰ ਰੱਖੜੀ ਬੰਨ੍ਹਣ ਦੌਰਾਨ ਮਾਹੌਲ ਹੋਇਆ ਭਾਵੁਕ



**ਤਰਨ ਤਾਰਨ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਬ ਜੇਲ੍ਹ ਪੱਟੀ ਵਿਖੇ ਰੱਖੜੀ ਦਾ ਤਿਉਹਾਰ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜੇਲ੍ਹ ਅੰਦਰ ਬੰਦ ਬੰਦੀ ਵੀਰਾਂ ਨੂੰ ਉਨ੍ਹਾਂ ਦੀਆਂ ਭੈਣਾਂ ਵੱਲੋਂ ਰੱਖੜੀਆਂ ਬੰਨ੍ਹੀਆਂ ਗਈਆਂ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ। ਭੈਣਾਂ ਤੋਂ ਗੁੱਟ 'ਤੇ ਰੱਖੜੀ ਬੰਨ੍ਹਵਾਉਣ ਦੌਰਾਨ ਕਈ ਬੰਦੀ ਵੀਰ ਅਤੇ ਭੈਣਾਂ ਭਾਵੁਕ ਵੀ ਹੋ ਗਏ। ਇਸ ਦੌਰਾਨ ਜੇਲ੍ਹ ਅੰਦਰ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਸਨ ਅਤੇ ਜੇਲ੍ਹ ਪ੍ਰਸ਼ਾਸਨ ਦੁਆਰਾ ਜੇਲ੍ਹ ਕੰਪਲੈਕਸ ਅਤੇ ਡਿਊੜੀ ਅੰਦਰ ਬੈਠਣ ਲਈ ਕੁਰਸੀਆਂ, ਪੱਖੇ ਅਤੇ ਪੀਣ ਦੇ ਪਾਣੀ ਆਦਿ ਦਾ ਪੂਰਾ ਪ੍ਰਬੰਧ ਕੀਤਾ ਗਿਆ ਸੀ ਤਾਂ ਜੋ ਮੁਲਾਕਾਤੀਆਂ ਨੂੰ ਰੱਖੜੀ ਬੰਨ੍ਹਣ ਤੇ ਮੁਲਾਕਾਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਦੌਰਾਨ ਜੇਲ੍ਹ ਸੁਪਰਡੈਂਟ ਇੰਦਰਪ੍ਰੀਤ ਸਿੰਘ, ਪੀ.ਪੀ.ਐਸ ਨੇ ਬੰਦੀ ਵੀਰਾਂ ਨੂੰ ਜ਼ੁਰਮ ਦੀ ਦੁਨੀਆ ਦਾ ਰਸਤਾ ਤਿਆਗ ਕੇ ਜੇਲ੍ਹ ਤੋਂ ਬਾਅਦ ਦੀ ਆਪਣੀ ਬਾਕੀ ਜ਼ਿੰਦਗੀ ਮਿਹਨਤ ਅਤੇ ਇਮਾਨਦਾਰੀ ਨਾਲ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਹਾਇਕ ਸੁਪਰਡੈਂਟ ਸਤਨਾਮ ਸਿੰਘ, ਸਟੋਰ ਕੀਪਰ ਜਤਿੰਦਰ, ਭਲਾਈ ਅਫ਼ਸਰ, ਗੁਰਜੀਤ ਸਿੰਘ ਅਤੇ ਜੇਲ੍ਹ ਦੇ ਬਾਕੀ ਸਟਾਫ਼ ਮੈਂਬਰ ਵੀ ਹਾਜ਼ਰ ਸਨ।

## ਕੇਂਦਰੀ ਜੇਲ੍ਹ ਗੋਇੰਦਵਾਲ ਸਾਹਿਬ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ



**ਗੋਇੰਦਵਾਲ ਸਾਹਿਬ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਅਤੇ ਵਧੀਕ ਡਾਇਰੈਕਟਰ ਜਨਰਲ ਆਫ ਪੁਲਿਸ (ਜੇਲ੍ਹਾਂ) ਆਰ.ਕੇ ਜੈਸਵਾਲ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਕੇਂਦਰੀ ਜੇਲ੍ਹ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਰੱਖੜੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਬੰਦੀਆਂ ਦੀਆਂ ਭੈਣਾਂ ਵੱਲੋਂ ਜੇਲ੍ਹ ਵਿੱਚ ਪਹੁੰਚ ਕੇ ਆਪਣੇ ਭਰਾਵਾਂ ਨੂੰ ਰੱਖੜੀ ਬੰਨ੍ਹੀ ਗਈ ਅਤੇ ਮਠਿਆਈ ਵੀ ਦਿੱਤੀ ਗਈ। ਇਸ ਦੌਰਾਨ ਜੇਲ੍ਹ ਪ੍ਰਸ਼ਾਸਨ ਦੁਆਰਾ ਜੇਲ੍ਹ ਕੰਪਲੈਕਸ ਅੰਦਰ ਢੁਕਵੇਂ ਪ੍ਰਬੰਧ ਕੀਤੇ ਗਏ ਤਾਂ ਜੋ ਮੁਲਾਕਾਤੀਆਂ ਨੂੰ ਰੱਖੜੀ ਬੰਨ੍ਹਣ ਤੇ ਮੁਲਾਕਾਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਜੇਲ੍ਹ ਸੁਪਰਡੈਂਟ ਮਨਜੀਤ ਸਿੰਘ ਟਿਵਾਣਾ ਵੱਲੋਂ ਸਾਰੇ ਬੰਦੀਆਂ ਨੂੰ ਰੱਖੜੀ ਦੀ ਵਧਾਈ ਦਿੱਤੀ ਗਈ। ਇਸ ਮੌਕੇ ਜਤਿੰਦਰਪਾਲ ਸਿੰਘ ਵਧੀਕ ਸੁਪਰਡੈਂਟ, ਗੁਰਜੰਟ ਸਿੰਘ ਵਧੀਕ ਸੁਪਰਡੈਂਟ ਅਤੇ ਗੁਰਮੇਜ ਸਿੰਘ ਡਿਪਟੀ ਸੁਪਰਡੈਂਟ ਵੀ ਹਾਜ਼ਰ ਰਹੇ।

## ਜਲੰਧਰ 'ਚ 'ਹਮਾਰੇ ਰਾਮ' ਦਾ ਸਫ਼ਲ ਮੰਚਨ; ਕੈਬਨਿਟ ਮੰਤਰੀ ਮੋਹਿੰਦਰ ਭਗਤ ਤੇ ਪੰਜਾਬ ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕੀਤੀ ਸ਼ਿਰਕਤ

**ਜਲੰਧਰ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀ ਪਹਿਲਕਦਮੀ 'ਤੇ ਅੱਜ ਜਲੰਧਰ ਵਿਖੇ 'ਹਮਾਰੇ ਰਾਮ' ਨਾਟਕ ਦੇ ਪਹਿਲੇ ਦਿਨ ਦੋ ਸ਼ੋਅ ਕਰਵਾਏ ਗਏ, ਜਿਸ ਵਿੱਚ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।



ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਕੈਂਪਸ ਦੇ ਆਡੀਟੋਰੀਅਮ ਵਿਖੇ ਪਹਿਲੇ ਸ਼ੋਅ ਦੀ ਸ਼ੁਰੂਆਤ ਕਰਵਾਉਂਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਭਗਵਾਨ ਸ਼੍ਰੀ ਰਾਮ ਜੀ ਦੇ ਸਦੀਵੀ ਉਪਦੇਸ਼ਾਂ ਨੂੰ ਘਰ-ਘਰ ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਾਰੇ ਧਰਮਾਂ ਦਾ ਬਰਾਬਰ ਸਤਿਕਾਰ ਕਰਦੀ ਹੈ ਅਤੇ ਸਰਕਾਰ ਦੇ ਇਸ ਉਪਰਾਲੇ ਦਾ ਉਦੇਸ਼ ਥੀਏਟਰ ਦੇ ਪ੍ਰਭਾਵਸ਼ਾਲੀ ਮਾਧਿਅਮ ਰਾਹੀਂ ਭਗਵਾਨ ਸ਼੍ਰੀ ਰਾਮ ਜੀ ਦੇ ਸੱਚ, ਧਰਮ, ਦਇਆ ਅਤੇ ਏਕਤਾ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਸਨਾਤਨ ਧਰਮ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਗਸਤ ਤੇ ਸਤੰਬਰ ਮਹੀਨੇ ਦੌਰਾਨ ਸੂਬੇ ਦੇ 12 ਸ਼ਹਿਰਾਂ ਵਿੱਚ ਇਸ ਪ੍ਰਸਿੱਧ ਨਾਟਕ ਦੇ 41 ਸ਼ੋਅ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਹ ਪਹਿਲਕਦਮੀ ਜਿਥੇ ਸਾਡੇ ਅਮੀਰ ਵਿਰਸੇ ਅਤੇ ਰਿਵਾਇਤੀ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰੇਗੀ ਉਥੇ ਨੌਜਵਾਨ ਪੀੜ੍ਹੀ ਨੂੰ ਭਾਰਤ ਦੀ ਅਧਿਆਤਮਕ ਤੇ ਸੱਭਿਆਚਾਰਕ ਵਿਰਾਸਤ ਨਾਲ ਵੀ ਜੋੜੇਗੀ।

ਸ਼੍ਰੀ ਭਗਤ ਨੇ ਨੌਜਵਾਨਾਂ ਨੂੰ ਭਗਵਾਨ ਸ਼੍ਰੀ ਰਾਮ ਜੀ ਉਪਦੇਸ਼ਾਂ ਤੋਂ ਪ੍ਰੇਰਨਾ ਲੈਂਦਿਆਂ ਆਦਰਸ਼ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਅੱਗੇ ਆਉਣ ਸੱਦਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਰਾਮ ਦੇ ਉਪਦੇਸ਼ ਸਮੁੱਚੀ ਮਨੁੱਖਤਾ ਦਾ ਮਾਰਗ ਦਰਸ਼ਨ ਕਰਦੇ ਹਨ, ਜਿਨ੍ਹਾਂ 'ਤੇ ਚੱਲ ਕੇ ਸਾਨੂੰ ਸਮਾਜਿਕ ਸਾਂਝ ਅਤੇ ਫਿਰਕੂ ਸਦਭਾਵਨਾ ਦੀ ਮਜ਼ਬੂਤੀ ਲਈ ਸਰਗਰਮੀ ਨਾਲ ਕੰਮ ਕਰਨਾ ਚਾਹੀਦਾ ਹੈ। ਦੂਜੇ ਸ਼ੋਅ ਦੌਰਾਨ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵ ਪ੍ਰਸਿੱਧ ਨਾਟਕ 'ਹਮਾਰੇ ਰਾਮ' ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ, ਰਾਹੁਲ ਆਰ ਭੁੱਚਰ, ਤੁਰਣ ਖੰਨਾ ਅਤੇ ਟੀਮ ਵਲੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪੇਸ਼ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਹ ਸ਼ੋਅ ਬਿਲਕੁਲ ਮੁਫ਼ਤ ਕਰਵਾਏ ਜਾ ਰਹੇ ਹਨ ਤਾਂ ਜੋ ਸਮਾਜ ਦੇ ਹਰ ਵਰਗ ਦੇ ਲੋਕ ਭਗਵਾਨ ਸ਼੍ਰੀ ਰਾਮ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਯਤਨ ਸਮਾਜ ਵਿੱਚ ਸੱਚ, ਧਰਮ, ਏਕਤਾ ਅਤੇ ਦਇਆ ਦੇ ਸੰਦੇਸ਼ ਨੂੰ ਹੋਰ ਮਜ਼ਬੂਤ ਕਰੇਗਾ।

ਉਨ੍ਹਾਂ ਦੱਸਿਆ ਕਿ 2 ਸਤੰਬਰ ਨੂੰ ਵੀ ਸੀ.ਟੀ.ਇੰਸਟੀਚਿਊਟ ਸ਼ਾਹਪੁਰ ਵਿਖੇ ਭਗਵਾਨ ਸ਼੍ਰੀ ਰਾਮ ਜੀ ਦੇ ਜੀਵਨ ਅਤੇ ਉਪਦੇਸ਼ਾਂ 'ਤੇ ਆਧਾਰਿਤ ਵਿਸ਼ਵ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦੇ ਦੋ ਸ਼ੋਅ ਦੁਪਹਿਰ 2 ਅਤੇ ਸ਼ਾਮ 6.30 ਵਜੇ ਕਰਵਾਏ ਜਾਣਗੇ। ਉਨ੍ਹਾਂ ਲੋਕਾਂ ਨੂੰ 'ਹਮਾਰੇ ਰਾਮ' ਨਾਟਕ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਿਰਕਤ ਕਰਕੇ ਭਗਵਾਨ ਸ਼੍ਰੀ ਰਾਮ ਦੇ ਆਦਰਸ਼ਾ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ।

ਰਾਵਣ ਦੇ ਕਿਰਦਾਰ ਵਿੱਚ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਦੀ ਦਮਦਾਰ ਅਦਾਕਾਰੀ ਤੇ ਸੰਵਾਦ ਅਦਾਇਗੀ ਨੇ ਦਰਸ਼ਕਾਂ ਤੋਂ ਖੂਬ ਤਾੜੀਆਂ ਖੱਟੀਆਂ। ਇਸੇ ਤਰ੍ਹਾਂ ਨਾਟਕ ਦੇ ਨਿਰਮਾਤਾ ਰਾਹੁਲ ਆਰ. ਭੁੱਚਰ ਵੱਲੋਂ ਸ਼੍ਰੀ ਰਾਮ ਦੇ ਕਿਰਦਾਰ ਦੀ ਕੀਤੀ ਗਈ ਪ੍ਰਭਾਵਸ਼ਾਲੀ ਅਤੇ ਸੰਵੇਦਨਸ਼ੀਲ ਪੇਸ਼ਕਾਰੀ ਨੇ ਵੀ ਦਰਸ਼ਕਾਂ ਦੀ ਖੂਬ ਸ਼ਲਾਘਾ ਖੱਟੀ। ਜਦਕਿ ਸ਼ੰਕਰ ਮਹਾਦੇਵਨ, ਸੋਨੂੰ ਨਿਗਮ ਅਤੇ ਕੈਲਾਸ਼ ਖੇਰ ਵਰਗੇ ਨਾਮਵਰ ਗਾਇਕਾਂ ਦੀਆਂ ਪਿੱਠਵਰਤੀ ਰੂਹਾਨੀ ਅਤੇ ਸੰਗੀਤਕ ਪੇਸ਼ਕਾਰੀਆਂ ਨੇ ਮਾਹੌਲ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾਇਆ।

ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ, ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ , ਐਸ.ਡੀ.ਐਮ.ਸ਼ੁਭੀ ਆਂਗਰਾ, ਚਰਨਜੀਤ ਸਿੰਘ ਚੰਨੀ, ਚੇਅਰਮੈਨ ਤੇ ਚਾਂਸਲਰ ਸੀ.ਟੀ. ਗਰੁੱਪ ਤੇ ਸੀ.ਟੀ. ਯੂਨੀਵਰਸਿਟੀ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਅਤੇ ਹੋਰ ਉੱਘੀਆਂ ਸ਼ਖਸੀਅਤਾਂ ਵੀ ਮੌਜੂਦ ਸਨ।

## ਪਾਕਿ 'ਚ ਔਰਤਾਂ ਨੂੰ ਸਿਰਫ਼ ਕਾਨੂੰਨ ਨਹੀਂ, ਨਿਆਂ ਦੀ ਲੋੜ




**ਕਰਾਚੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

: ਪਾਕਿਸਤਾਨ 'ਚ ਮਹਿਲਾਵਾਂ ਅਤੇ ਮਾਸੂਮ ਬੱਚੀਆਂ ਵਿਰੁੱਧ ਵੱਧ ਰਹੇ ਅਪਰਾਧਾਂ ਅਤੇ ਰਾਜ ਦੀ ਸੁਰੱਖਿਆ ਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਹਾਲ ਹੀ 'ਚ ਕਰਾਚੀ 'ਚ 18 ਮਹੀਨਿਆਂ ਦੀ ਬੱਚੀ, ਹਰੀਪੁਰ 'ਚ ਪੰਜ ਸਾਲਾ ਮਾਸੂਮ ਅਤੇ ਰਾਵਲਪਿੰਡੀ 'ਚ ਹੀਨਾ ਜਾਵੇਦ ਨਾਲ ਵਾਪਰੀਆਂ ਘਟਨਾਵਾਂ ਨੇ ਦੇਸ਼ ਭਰ 'ਚ ਇੱਕ ਨਵੀਂ ਚਿੰਤਾ ਅਤੇ ਬਹਿਸ ਛੇੜ ਦਿੱਤੀ ਹੈ। ਇਹ ਮਾਮਲੇ ਦਿਖਾਉਂਦੇ ਹਨ ਕਿ ਪਾਕਿਸਤਾਨ 'ਚ ਔਰਤਾਂ ਅਤੇ ਬੱਚੀਆਂ ਲਈ ਸਭ ਤੋਂ ਵੱਡਾ ਖ਼ਤਰਾ ਉਨ੍ਹਾਂ ਦੇ ਆਪਣੇ ਹੀ ਆਲੇ-ਦੁਆਲੇ ਦੇ ਲੋਕਾਂ ਤੋਂ ਹੈ।

ਕਰਾਚੀ 'ਚ 18 ਮਹੀਨਿਆਂ ਦੀ ਮਾਸੂਮ ਬੱਚੀ ਦੀ ਕਥਿਤ ਜਿਨਸੀ ਸ਼ੋਸ਼ਣ ਤੋਂ ਬਾਅਦ ਮੌਤ ਹੋ ਗਈ। ਪੁਲੀਸ ਰਿਪੋਰਟਾਂ ਅਨੁਸਾਰ ਇੱਕ ਨਾਬਾਲਗ ਰਿਸ਼ਤੇਦਾਰ ਬੱਚੀ ਨੂੰ ਘਰੋਂ ਲੈ ਗਿਆ ਜਿਸ ਤੋਂ ਬਾਅਦ ਜਦੋਂ ਬੱਚੀ ਵਾਪਿਸ ਲਿਆਂਦੀ ਗਈ ਤਾਂ ਉਸ ਦੀ ਹਾਲਤ ਬੇਹੱਦ ਨਾਜ਼ੁਕ ਸੀ ਅਤੇ ਬਾਅਦ 'ਚ ਉਸ ਦੀ ਮੌਤ ਹੋ ਗਈ। ਮੈਡੀਕਲ ਜਾਂਚ 'ਚ ਬੱਚੀ ਨਾਲ ਜਿਨਸੀ ਸ਼ੋਸ਼ਣ ਹੋਣ ਦੀ ਪੁਸ਼ਟੀ ਹੋਈ ਹੈ ਅਤੇ ਮੁਲਜ਼ਮ ਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਗਿਆ ਹੈ। ਮੁਲਜ਼ਮ ਦੇ ਨਾਬਾਲਗ ਹੋਣ ਕਾਰਨ ਇਹ ਮਾਮਲਾ ਜੁਵੇਨਾਈਲ ਜਸਟਿਸ ਸਿਸਟਮ, ਮੁੜ-ਵਸੇਬੇ, ਅਪਰਾਧਿਕ ਜ਼ਿੰਮੇਵਾਰੀ ਅਤੇ ਪੀੜਤ ਪਰਿਵਾਰ ਦੀ ਸੁਰੱਖਿਆ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ।

ਹਰੀਪੁਰ 'ਚ 10 ਅਗਸਤ, 2026 ਤੋਂ ਪੰਜ ਸਾਲਾ ਆਇਤ ਨੂਰ ਲਾਪਤਾ ਹੈ। ਚਿੰਤਾਜਨਕ ਗੱਲ ਇਹ ਹੈ ਕਿ ਇੱਕ ਹਫ਼ਤੇ ਦੇ ਅੰਦਰ ਹਰੀਪੁਰ ਦੇ ਵੱਖ-ਵੱਖ ਹਿੱਸਿਆਂ 'ਚੋਂ ਤਿੰਨ ਬੱਚੇ ਗਾਇਬ ਹੋ ਗਏ ਹਨ ਅਤੇ ਪੁਲੀਸ ਅਜੇ ਤਕ ਉਨ੍ਹਾਂ ਦਾ ਪਤਾ ਨਹੀਂ ਲਗਾ ਸਕੀ। ਪੁਲੀਸ ਵਲੋਂ ਇਸ ਮਾਮਲੇ 'ਚ CCTV, ਜੀਓਫ਼ੈਂਸਿੰਗ ਅਤੇ ਹੋਰ ਜਾਂਚ ਦੇ ਤਰੀਕਿਆਂ ਦੀ ਵਰਤੋਂ ਕੀਤੀ ਜਾ ਰਹੀ ਹੈ। ਮਾਹਿਰਾਂ ਅਨੁਸਾਰ ਕਿਸੇ ਵੀ ਬੱਚੇ ਦੇ ਗਾਇਬ ਹੋਣ ਨੂੰ ਇੱਕ ਆਮ ਮਾਮਲੇ ਵਜੋਂ ਦੇਖਣ ਦੀ ਬਜਾਏ ਤੁਰੰਤ ਇੱਕ ਬਾਲ-ਸੁਰੱਖਿਆ ਐਮਰਜੈਂਸੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਰਾਵਲਪਿੰਡੀ 'ਚ ਹੀਨਾ ਜਾਵੇਦ ਦੀ ਲਾਸ਼ ਉਸ ਦੇ ਅਪਾਰਟਮੈਂਟ ਦੇ ਬਾਥਰੂਮ 'ਚੋਂ ਮਿਲਣ ਨਾਲ ਸਨਸਨੀ ਫ਼ੈਲ ਗਈ।

ਰਿਪੋਰਟਾਂ ਅਨੁਸਾਰ, ਹੀਨਾ ਦੇ ਹੱਥ ਬੰਨ੍ਹੇ ਹੋਏ ਸਨ, ਮੂੰਹ 'ਚ ਕੱਪੜਾ ਤੁੰਨਿਆ ਹੋਇਆ ਸੀ ਅਤੇ ਗਲੇ 'ਚ ਤਾਰ ਲਪੇਟੀ ਹੋਈ ਸੀ। ਮ੍ਰਿਤਕਾ ਦੇ ਭਰਾ ਨੇ ਦੋਸ਼ ਲਗਾਇਆ ਹੈ ਕਿ ਹੀਨਾ ਨੇ ਪਹਿਲਾਂ ਵੀ ਆਪਣੇ ਪਤੀ ਵਲੋਂ ਕੀਤੇ ਜਾਂਦੇ ਗੰਭੀਰ ਸ਼ਰੀਰਕ ਅਤੇ ਮਾਨਸਿਕ ਸ਼ੋਸ਼ਣ ਬਾਰੇ ਪਰਿਵਾਰ ਨੂੰ ਦੱਸਿਆ ਸੀ।

ਪੁਲਿਸ ਨੇ ਪਾਕਿਸਤਾਨ ਪੀਨਲ ਕੋਡ ਦੀ ਧਾਰਾ 302 ਅਤੇ 34 ਤਹਿਤ ਮਾਮਲਾ ਦਰਜ ਕਰ ਕੇ ਪਤੀ ਅਤੇ ਇੱਕ ਘਰੇਲੂ ਨੌਕਰ ਨੂੰ ਅਦਾਲਤ ਤੋਂ ਰਿਮਾਂਡ 'ਤੇ ਲਿਆ ਹੈ। ਪਾਕਿਸਤਾਨ 'ਚ ਮਹਿਲਾਵਾਂ ਅਤੇ ਬੱਚਿਆਂ ਦੀ ਸੁਰੱਖਿਆ ਲਈ 'ਐਂਟੀ-ਰੇਪ ਐਕਟ 2021 ਵਰਗੇ ਕਾਨੂੰਨ ਅਤੇ ਸੰਵਿਧਾਨਕ ਗਾਰੰਟੀਆਂ ਮੌਜੂਦ ਹਨ। ਇਸ ਤੋਂ ਇਲਾਵਾ ਪਾਕਿਸਤਾਨ ਨੇ ਕਈ ਅੰਤਰਰਾਸ਼ਟਰੀ ਸੰਧੀਆਂ ਜਿਵੇਂ CEDAW 1996 'ਚ ਦਸਤਖ਼ਤ ਕੀਤੇ, CRC, ICCPR ਅਤੇ CAT ਅਤੇ 31 (2010 'ਚ ਦਸਤਖ਼ਤ ਕੀਤੇ) 'ਤੇ ਸਹੀ ਪਾਈ ਹੋਈ ਹੈ। ਪਰ ਅਸਲ ਸਮੱਸਿਆ ਕਾਨੂੰਨਾਂ ਦੀ ਕਮੀ ਨਹੀਂ ਬਲਕਿ ਉਨ੍ਹਾਂ ਨੂੰ ਸਹੀ ਤਰੀਕੇ ਨਾਲ ਲਾਗੂ ਨਾ ਕਰਨਾ ਹੈ। ਸੰਯੁਕਤ ਰਾਸ਼ਟਰ ਦੀ ਮਨੁੱਖੀ ਅਧਿਕਾਰ ਕਮੇਟੀ ਨੇ ਵੀ ਪਾਕਿਸਤਾਨ 'ਚ ਘਰੇਲੂ ਹਿੰਸਾ ਦੀਆਂ ਘੱਟ ਰਿਪੋਰਟਾਂ, ਕਮਜ਼ੋਰ ਜਾਂਚ, ਅਤੇ ਦੋਸ਼ੀਆਂ ਨੂੰ ਸਜ਼ਾ ਮਿਲਣ ਦੀ ਬੇਹੱਦ ਘੱਟ ਦਰ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ।

ਪਾਕਿਸਤਾਨੀ ਸੁਪਰੀਮ ਕੋਰਟ ਦੇ ਵਕੀਲ ਦੇ ਸੁਝਾਅ ਪਾਕਿਸਤਾਨ ਦੀ ਸੁਪਰੀਮ ਕੋਰਟ ਦੀ ਵਕੀਲ ਅਤੇ ਵੂਮੈਂਨਜ਼ ਪਰਸਪੈਕਟਿਵ ਫ਼ੋਰਮ ਦੀ ਚੇਅਰਪਰਸਨ ਸ਼ਾਜ਼ੀਆ ਤਸਲੀਮ ਕਾਸੀ ਅਨੁਸਾਰ ਦੇਸ਼ 'ਚ ਤੁਰੰਤ ਕੁੱਝ ਸੁਧਾਰ ਕਰਨ ਦੀ ਲੋੜ ਹੈ। ਇਸ 'ਚ ਘਰੇਲੂ ਹਿੰਸਾ ਦੀਆਂ ਸ਼ਿਕਾਇਤਾਂ ਨੂੰ ਮਹਿਜ਼ ਪਰਿਵਾਰਕ ਝਗੜਾ ਸਮਝ ਕੇ ਖ਼ਾਰਿਜ ਨਾ ਕੀਤਾ ਜਾਵੇ ਬਲਕਿ ਇਨ੍ਹਾਂ ਨੂੰ ਗੰਭੀਰ ਖ਼ਤਰੇ ਦੇ ਸੰਕੇਤ ਵਜੋਂ ਲਿਆ ਜਾਵੇ।

## ਰੂਫਟੌਪ ਸੋਲਰ ਅਡੌਪਸ਼ਨ ਨੂੰ ਹੁਲਾਰਾ ਦੇਣ ਲਈ ਕ੍ਰੈਸਟ ਮੈਗਾ 'ਸੋਲਰ ਵੀਕਐਂਡ' ਦਾ ਆਯੋਜਨ ਕਰੇਗਾ

**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਨੂੰ ਸਵੱਛ ਅਤੇ ਟਿਕਾਊ ਊਰਜਾ ਦੀ ਦਿਸ਼ਾ ਵਿੱਚ ਅੱਗੇ ਵਧਾਉਣ ਦੇ ਉਦੇਸ਼ ਨਾਲ ਚੰਡੀਗੜ੍ਹ ਰੀਨਿਊਏਬਲ ਐਨਰਜੀ ਐਂਡ ਸਾਇੰਸ ਐਂਡ ਟੈਕਨੋਲੋਜੀ ਪ੍ਰਮੋਸ਼ਨ ਸੋਸਾਇਟੀ (ਕ੍ਰੈਸਟ), ਚੰਡੀਗੜ੍ਹ ਪ੍ਰਸ਼ਾਸਨ, ਸ਼ਨੀਵਾਰ, 2 ਸਤੰਬਰ ਅਤੇ ਐਤਵਾਰ, 30 ਅਗਸਤ, 2026 ਨੂੰ ਇੱਕ ਮੈਗਾ ÷ਸੋਲਰ ਵੀਕਐਂਡ÷ ਦਾ ਆਯੋਜਨ ਕਰੇਗੀ।

ਇਸ ਦੋ ਦਿਨਾਂ ਦੀ ਵਿਸ਼ੇਸ਼ ਡੋਰ-ਟੂ-ਡੋਰ ਅਤੇ ਆਊਟਰੀਚ ਮੁਹਿੰਮ ਦਾ ਉਦੇਸ਼ ਭਾਰਤ ਸਰਕਾਰ ਦੀ ਪ੍ਰਮੁੱਖ ਯੋਜਨਾ 'ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ' ਦੇ ਤਹਿਤ ਰੂਫਟੌਪ ਸੋਲਰ ਸਿਸਟਮ ਨੂੰ ਬੜੇ ਪੱਧਰ 'ਤੇ ਅਪਣਾਉਣ ਲਈ ਲੋਕਾਂ ਨੂੰ ਪ੍ਰੋਤਸਾਹਿਤ ਕਰਨਾ ਹੈ। ਇਹ ਮੁਹਿੰਮ ਮੁੱਖ ਤੌਰ 'ਤੇ ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ) ਦੇ ਉਨ੍ਹਾਂ ਫ੍ਰੀਹੋਲਡ ਸੁਤੰਤਰ ਰਿਹਾਇਸ਼ੀ ਯੂਨਿਟਾਂ ਨੂੰ ਕਵਰ ਕਰੇਗੀ, ਜਿਨ੍ਹਾਂ ਦੇ ਨਿਵਾਸੀਆਂ ਦੇ ਪਾਸ ਛੱਤ ਦਾ ਅਧਿਕਾਰ ਹੈ। ਇਸ ਨਾਲ ਨਿਵਾਸੀਆਂ ਨੂੰ ਸਵੱਛ ਊਰਜਾ ਅਪਣਾਉਣ ਅਤੇ ਆਪਣੇ ਬਿਜਲੀ ਬਿਲਾਂ ਵਿੱਚ ਜ਼ਿਕਰਯੋਗ ਕਮੀ ਲਿਆਉਣ ਵਿੱਚ ਸਹਾਇਤਾ ਮਿਲੇਗੀ।

ਕ੍ਰੈਸਟ, ਸੀਡੀਪੀਐੱਲ, ਸੀਐੱਚਬੀ, ਬੈਂਕਾਂ ਅਤੇ ਸੂਚੀਬੱਧ ਸੋਲਰ ਵਿਕ੍ਰੇਤਾਵਾਂ ਦੇ ਅਧਿਕਾਰੀਆਂ ਅਤੇ ਪ੍ਰਤੀਨਿਧੀਆਂ ਦੀਆਂ ਸੰਯੁਕਤ ਟੀਮਾਂ ਦੋਵੇਂ ਦਿਨ ਸਵੇਰੇ 10:00 ਵਜੇ ਤੋਂ ਸ਼ਾਮ 5:00 ਵਜੇ ਤੱਕ ਸੈਕਟਰ 41-ਏ, 46, 38 (ਵੈਸਟ), 40, 42 ਅਤੇ 44 ਵਿੱਚ ਉਪਲਬਧ ਰਹਿਣਗੀਆਂ। ਕੈਂਪਾਂ ਵਿੱਚ ਆਉਣ ਵਾਲੇ ਨਿਵਾਸੀਆਂ ਨੂੰ ਸਿੰਗਲ-ਵਿੰਡੋ ਵਿਵਸਥਾ ਦੇ ਜ਼ਰੀਏ ਤਕਨੀਕੀ ਮਾਰਗਦਰਸ਼ਨ, ਸਾਇਟ ਵਿਵਹਾਰਕਤਾ ਦਾ ਮੁੱਲਾਂਕਣ, ਰੂਫਟੌਪ ਸੋਲਰ ਲਈ ਰਜਿਸਟ੍ਰੇਸ਼ਨ ਅਤੇ 6 ਪ੍ਰਤੀਸ਼ਤ ਤੋਂ ਸ਼ੁਰੂ ਹੋਣ ਵਾਲੀਆਂ ਵਿਆਜ ਦਰਾਂ 'ਤੇ ਰਿਣ ਸੁਵਿਧਾ ਉਪਲਬਧ ਕਰਵਾਉਣ ਵਿੱਚ ਸਹਾਇਤਾ ਕੀਤੀ ਜਾਵੇਗੀ। ਰਿਣ ਸੁਵਿਧਾ ਸਬੰਧਿਤ ਬੈਂਕਾਂ ਦੇ ਲਾਗੂ ਨਿਯਮਾਂ ਅਤੇ ਸ਼ਰਤਾਂ ਦੇ ਅਧੀਨ ਹੋਵੇਗੀ। ਕ੍ਰੈਸਟ ਨੇ ਸ਼ਨਾਖ਼ਤ ਕੀਤੇ ਗਏ ਸੈਕਟਰਾਂ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨਵੀਨਤਮ ਬਿਜਲੀ ਬਿਲ ਦੀ ਕਾਪੀ ਲੈ ਕੇ ਆਪਣੇ ਨਜ਼ਦੀਕੀ ਕੈਂਪ ਵਿੱਚ ਪਹੁੰਚਣ। ਕੈਂਪਾਂ ਵਿੱਚ ਤਕਨੀਕੀ ਸਲਾਹ-ਮਸ਼ਵਰੇ, ਰਿਣ ਸੁਵਿਧਾ, ਰਜਿਸਟ੍ਰੇਸ਼ਨ ਅਤੇ 'ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ' ਦੇ ਤਹਿਤ ਸਬਸਿਡੀ ਲਾਭ ਪ੍ਰਾਪਤ ਕਰਨ ਲਈ ਮੌਕੇ 'ਤੇ ਹੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਨਿਵਾਸੀ ਅਧਿਕਾਰਿਤ ਪੋਰਟਲ, www.pmsuryaghar.gov.in ਦੇ ਜ਼ਰੀਏ ਵੀ ਅਰਜ਼ੀ ਦੇ ਸਕਦੇ ਹਨ, ਜਾਂ ਪੂਰੀ ਸਹਾਇਤਾ ਲਈ ਕ੍ਰੈਸਟ ਦੇ ਕੈਂਪਾਂ ਵਿੱਚ ਸੰਪਰਕ ਕਰ ਸਕਦੇ ਹਨ।

## ਟਾਈਮਜ਼ ਸਕੁਏਅਰ 'ਤੇ ਭਾਰਤੀ ਪ੍ਰਵਾਸੀ ਔਰਤਾਂ ਨੇ ਸਾੜੀਆਂ ਦੀ ਵਿਭਿੰਨਤਾ ਕੀਤੀ ਪ੍ਰਦਰਸ਼ਿਤ

**ਨਿਊਯੌਰਕ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

: ਨਿਊਯੌਰਕ 'ਚ ਟਾਈਮਜ਼ ਸਕੁਏਅਰ ਭਾਰਤੀ ਸਾੜ੍ਹੀਆਂ ਦੇ ਰੰਗਾਂ ਅਤੇ ਵਿਭਿੰਨ ਰੂਪਾਂ ਨਾਲ ਭਰਿਆ ਹੋਇਆ ਸੀ ਕਿਉਂਕਿ ਭਾਰਤੀ ਪ੍ਰਵਾਸੀ ਔਰਤਾਂ ਨੇ ਇੱਕ ਵਿਸ਼ੇਸ਼ ਸਮਾਗਮ 'ਚ ਸਾੜ੍ਹੀਆਂ ਦੀ ਸਦੀਵੀ ਸੁੰਦਰਤਾ, ਅਮੀਰ ਵਿਰਾਸਤ ਅਤੇ ਭਾਰਤ ਦੀ ਸਭਿਆਚਾਰਕ ਵਿਭਿੰਨਤਾ ਨੂੰ ਮਾਣ ਨਾਲ ਪ੍ਰਦਰਸ਼ਿਤ ਕੀਤਾ। ਐਤਵਾਰ ਨੂੰ ਟਾਈਮਜ਼ ਸਕੁਏਅਰ 'ਤੇ ਸਾੜ੍ਹੀ ਗੋਜ਼ ਗਲੋਬਲ ਦਾ ਤੀਜਾ ਐਡੀਸ਼ਨ ਆਯੋਜਿਤ ਕੀਤਾ ਗਿਆ ਸੀ। ਨਿਊ ਯੌਰਕ ਸਥਿਤ ਚੈਰਿਟੀ ਉਮਾ ਗਲੋਬਲ ਦੁਆਰਾ ਆਯੋਜਿਤ, ਔਰਤਾਂ ਅਤੇ ਨੌਜਵਾਨ ਔਰਤਾਂ ਨੇ ਕਢਾਈ, ਪੇਂਟਿੰਗਾਂ ਅਤੇ ਸ਼ਾਨਦਾਰ ਸਜਾਵਟ ਨਾਲ ਸਜੀਆਂ ਸਾੜ੍ਹੀਆਂ 'ਚ ਆਪਣੀ ਸੁੰਦਰਤਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਸਾੜ੍ਹੀਆਂ 'ਚ ਰਵਾਇਤੀ ਆਸਾਮੀ ਬੁਣਾਈ, ਲਖਨਊ ਦੀ ਚਿਕਨਕਾਰੀ, ਬਨਾਰਸੀ ਰੇਸ਼ਮ ਅਤੇ ਸ਼ਾਨਦਾਰ ਕਾਂਜੀਵਰਮ ਸ਼ਾਮਿਲ ਸਨ।

ਇਹ ਸਾੜ੍ਹੀਆਂ ਵੱਖ-ਵੱਖ ਰੰਗਾਂ ਅਤੇ ਸ਼ਿਲਪਕਾਰੀ 'ਚ ਭਾਰਤ ਭਰ 'ਚ ਪਾਏ ਜਾਣ ਵਾਲੇ ਇਸ ਨੌਂ-ਗਜ਼ ਦੇ ਕੱਪੜੇ ਦੀ ਅਮੀਰ ਵਿਭਿੰਨਤਾ ਨੂੰ ਸੁੰਦਰਤਾ ਨਾਲ ਪ੍ਰਦਰਸ਼ਿਤ ਕਰਦੀਆਂ ਹਨ। ਸੁੰਦਰ ਕੱਢਾਈ, ਵਿਲੱਖਣ ਡਿਜ਼ਾਇਨ ਅਤੇ ਕਈ ਤਰ੍ਹਾਂ ਦੇ ਫ਼ੈਬਰਿਕ ਨਾਲ ਸਜੀਆਂ ਰੰਗੀਨ ਸਾੜ੍ਹੀਆਂ, ਮਾਣ ਨਾਲ ਆਪਣੇ ਰਿਵਾਇਤੀ ਪਹਿਰਾਵੇ ਨੂੰ ਪ੍ਰਦਰਸ਼ਿਤ ਕਰ ਰਹੀਆਂ ਸਨ। ਰਾਸ਼ਟਰੀ



ਝੰਡਾ ਫ਼ੜ ਕੇ ਉਹ ਇਕੱਠੀਆਂ ਨੱਚੀਆਂ, ਫ਼ੋਟੋਆਂ ਲਈ ਪੋਜ਼ ਦਿੱਤੇ ਅਤੇ ਆਪਣੀਆਂ ਸਾੜ੍ਹੀਆਂ ਬਾਰੇ ਕਹਾਣੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਆਪਣੇ ਸਭਿਆਚਾਰ ਅਤੇ ਅਮੀਰ ਵਿਰਾਸਤ ਦੇ ਰੰਗਾਂ ਦਾ ਪ੍ਰਦਰਸ਼ਨ ਵੀ ਕੀਤਾ। ਇਸ ਸਮਾਗਮ 'ਚ ਪੜ੍ਹੇ ਗਏ ਇੱਕ ਸੰਦੇਸ਼ 'ਚ ਨਿਊ ਯੌਰਕ ਦੀ ਗਵਰਨਰ ਕੈਥੀ ਹੋਕਲ ਨੇ ਕਿਹਾ, "ਇਹ ਸਮਾਗਮ ਉਨ੍ਹਾਂ ਔਰਤਾਂ ਨੂੰ ਸਨਮਾਨਿਤ ਕਰਨ ਅਤੇ ਮਨਾਉਣ ਦਾ ਮੌਕਾ ਸੀ ਜੋ 'ਸਾੜ੍ਹੀਆਂ ਪਹਿਨ ਕੇ ਸਾਡੇ ਭਾਈਚਾਰਿਆਂ 'ਚ ਸਕਾਰਾਤਮਕ ਬਦਲਾਅ ਲਿਆ ਰਹੀਆਂ ਹਨ, ਟਾਈਮਜ਼ ਸਕੁਏਅਰ 'ਚ ਆਪਣੀ ਵਿਰਾਸਤ ਦਾ ਮਾਣ ਨਾਲ ਜਸ਼ਨ ਮਨਾ ਰਹੀਆਂ ਹਨ।"

ਹੋਕਲ ਨੇ UMA ਗਲੋਬਲ ਦੀ ਪ੍ਰਸ਼ੰਸਾ ਕੀਤੀ, ਇਸ ਨੂੰ ਔਰਤਾਂ, ਘੱਟ-ਗਿਣਤੀਆਂ ਅਤੇ ਵਪਾਰਕ ਪੇਸ਼ੇਵਰਾਂ ਲਈ ਮਹੱਤਵਪੂਰਨ ਸਹਾਇਤਾ ਕਿਹਾ। ਉਨ੍ਹਾਂ ਦੇ ਸੰਦੇਸ਼ 'ਚ ਕਿਹਾ ਗਿਆ ਹੈ, "ਵਿਭਿੰਨਤਾ ਅਤੇ ਸਮਾਵੇਸ਼ ਪ੍ਰੋਗਰਾਮਾਂ, ਵਪਾਰਕ ਸਲਾਹ-ਮਸ਼ਵਰੇ ਅਤੇ ਸਲਾਹ ਦੇ ਮੌਕਿਆਂ ਰਾਹੀਂ UMA ਵਿਅਕਤੀਆਂ ਅਤੇ ਸੰਗਠਨਾਂ ਨੂੰ ਆਪਣੇ ਟੀਚੇ ਨਿਰਧਾਰਿਤ ਕਰਨ ਅਤੇ ਪ੍ਰਾਪਤ ਕਰਨ 'ਚ ਮਦਦ ਕਰਦਾ ਹੈ। ਜਦੋਂ ਅਸੀਂ ਹਰ ਪਿਛੋਕੜ ਵਾਲੇ ਹਰੇਕ ਵਿਅਕਤੀ ਅਤੇ ਪੇਸ਼ੇਵਰ ਨੂੰ ਵੱਧਣ ਅਤੇ ਸਫ਼ਲ ਹੋਣ ਦਾ ਮੌਕਾ ਦਿੰਦੇ ਹਾਂ ਤਾਂ ਅਸੀਂ ਇੱਕ ਅਜਿਹਾ ਭਵਿੱਖ ਬਣਾਉਣ 'ਚ ਮਦਦ ਕਰਦੇ ਹਾਂ ਜੋ ਸਾਡੇ ਸਾਰਿਆਂ ਲਈ ਬਿਹਤਰ ਹੋਵੇ।" ਇਸ ਮੌਕੇ 'ਤੇ ਬੋਲਦਿਆਂ ਨਿਊ ਯੌਰਕ 'ਚ ਭਾਰਤੀ ਕੌਂਸਲੇਟ ਦੇ ਕੌਂਸਲ ਜਨਰਲ (ਵਪਾਰ) ਰਾਜ ਲਕਸ਼ਮੀ ਅੱਪਾਸਾਹਿਬ ਕਦਮ ਨੇ ਕਿਹਾ ਕਿ ਸਾੜ੍ਹੀ ਭਾਰਤੀ ਕਲਾ, ਪਰੰਪਰਾ, ਸਭਿਆਚਾਰ ਅਤੇ ਮਿਹਨਤੀ ਬੁਣਕਰਾਂ ਦੀ ਇੱਕ ਜੀਵਤ ਵਿਰਾਸਤ ਹੈ।

# ਐਸ.ਸੀ.ਓ. ਸਮਿੱਟ ਵਿੱਚ ਪ੍ਰਧਾਨ ਮੰਤਰੀ ਮੋਦੀ ਦਾ ਸਖ਼ਤ ਸੰਦੇਸ਼; ‘ਅਤਿਵਾਦ ਨੂੰ ਰਣਨੀਤਕ ਸੰਪਤੀ ਨਹੀਂ ਬਣਾਇਆ ਜਾ ਸਕਦਾ’

## ਸਮੂਹ ਨੂੰ ਦੋਹਰੇ ਮਿਆਰਾਂ ਪ੍ਰਤੀ ਜ਼ੀਰੋ ਟਾਲਰੈਂਸ ਨਾਲ ਅਤਿਵਾਦੀ ਢਾਂਚੇ ਨੂੰ ਤਬਾਹ ਕਰਨ ਦੀ ਅਪੀਲ

**ਨਵੀਂ ਦਿੱਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਦੋਹਰੇ ਮਾਪਦੰਡਾਂ ਪ੍ਰਤੀ ਜ਼ੀਰੋ ਟਾਲਰੈਂਸ ਦੇ ਨਾਲ ਪੂਰੇ ਅਤਿਵਾਦੀ ਢਾਂਚੇ ਨੂੰ ਖ਼ਤਮ ਕਰਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਨੂੰ ਰਾਜ-ਸਮਰਥਿਤ ਅਤਿਵਾਦ ਵਿਰੁੱਧ ਇੱਕ ਸਪੱਸ਼ਟ ਸੰਦੇਸ਼ ਦੇਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਤਿਵਾਦ ਨੂੰ ਕਦੇ ਵੀ ਰਣਨੀਤਕ ਸੰਪਤੀ ਵਜੋਂ ਨਾ ਵਰਤਿਆ ਜਾਵੇ। ਬਿਸ਼ਕੇਕ ਵਿੱਚ ਐਸ.ਸੀ.ਓ. ਸੰਮੇਲਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਮੋਦੀ ਨੇ ਸਮੂਹ ਲਈ 10 ਪੱਖੀ ਕਾਰਜਯੋਗ ਯੋਜਨਾ ਨੂੰ ਉਜਾਗਰ ਕੀਤਾ।

ਮੈਂਬਰਾਂ ਨੂੰ ਐਸ.ਸੀ.ਓ. ਸਹਿਯੋਗ ਦੇ ਤਿੰਨਾਂ ਪਿਲਰਾਂ— ਸੁਰੱਖਿਆ, ਸੰਪਰਕ ਅਤੇ ਮੌਕੇ—ਨੂੰ ਮਜ਼ਬੂਤ ਕਰਨ ਦਾ ਸੱਦਾ ਦਿੰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਗਠਨ ਨੂੰ ਦ੍ਰਿਸ਼ਟੀਕੋਣ ਤੋਂ ਅੱਗੇ ਵਧ ਕੇ ਮਿਣਨਯੋਗ ਨਤੀਜਿਆਂ ਵੱਲ ਵਧਣਾ ਚਾਹੀਦਾ ਹੈ।

ਅਤਿਵਾਦ ਨੂੰ ਖ਼ਤਮ ਕਰਨ ਦਾ ਸੱਦਾ ਮੋਦੀ ਦੇ ਏਜੰਡੇ ’ਤੇ ਹਾਵੀ ਰਿਹਾ ਕਿਉਂਕਿ ਉਨ੍ਹਾਂ ਨੇ ਮੈਂਬਰਾਂ ਨੂੰ ਅਤਿਵਾਦੀ ਫੰਡਿੰਗ, ਭਰਤੀ, ਕੱਟੜਪੰਥ ਅਤੇ ਸੁਰੱਖਿਅਤ ਟਿਕਾਣਿਆਂ ਨੂੰ ਨਿਸ਼ਾਨਾ ਬਣਾ ਕੇ ਪੂਰੇ ਅਤਿਵਾਦੀ ਵਾਤਾਵਰਣ ਨੂੰ ਤਬਾਹ ਕਰਨ ਲਈ ਕਿਹਾ, ਜਿਸ ਵਿੱਚ ਦੋਹਰੇ ਮਿਆਰਾਂ ਲਈ ਕੋਈ ਥਾਂ ਨਹੀਂ ਹੈ।

ਉਨ੍ਹਾਂ ਮੈਂਬਰਾਂ ਨੂੰ ਖੇਤਰੀ ਟਕਰਾਅ ਨੂੰ ਵਧਣ ਅਤੇ ਵੈਸ਼ਵਿਕ ਊਰਜਾ ਸੁਰੱਖਿਆ, ਸਮੁੰਦਰੀ ਵਪਾਰ ਅਤੇ ਸਪਲਾਈ ਚੇਨਾਂ ਨੂੰ ਵਿਘਨ ਪਾਉਣ ਦੀ ਬਜਾਏ, ਗੱਲਬਾਤ ਅਤੇ ਕੂਟਨੀਤੀ ਰਾਹੀਂ ਵਿਵਾਦਾਂ ਨੂੰ ਹੱਲ ਕਰਨ ਦਾ ਸੱਦਾ ਦਿੱਤਾ।

ਖੇਤਰੀ ਪ੍ਰਭੂਸੱਤਾ ’ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਐਸ.ਸੀ.ਓ. ਵਿਧਾਨ ਦੇ ਅਨੁਸਾਰ ਸਾਰੇ ਦੇਸ਼ਾਂ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦਾ ਸਤਿਕਾਰ ਕਰਦੇ ਹੋਏ ਭਰੋਸੇਮੰਦ ਅਤੇ ਸਮਾਵੇਸ਼ੀ ਸੰਪਰਕ ਬਣਾਓ।

ਪ੍ਰਧਾਨ ਮੰਤਰੀ ਨੇ ਇਹ ਟਿੱਪਣੀਆਂ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਬਾਜ਼ ਸ਼ਰੀਫ਼ ਅਤੇ ਚੀਨ, ਰੂਸ, ਇਰਾਨ, ਬੇਲਾਰੂਸ, ਕਜ਼ਾਕਿਸਤਾਨ, ਕਿਰਗਿਸਤਾਨ, ਤਜ਼ਾਕਿਸਤਾਨ ਅਤੇ ਉਜ਼ਬੇਕਿਸਤਾਨ ਸਮੇਤ ਹੋਰ ਮੈਂਬਰ ਦੇਸ਼ਾਂ ਦੇ ਨੇਤਾਵਾਂ ਦੀ ਮੌਜੂਦਗੀ ਵਿੱਚ ਬਿਸ਼ਕੇਕ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਸੰਮੇਲਨ ਵਿੱਚ ਕੀਤੀਆਂ।

ਐਸ.ਸੀ.ਓ. ਵਿੱਚ ਇਸ ਸਮੇਂ 10 ਮੈਂਬਰ ਦੇਸ਼ ਸ਼ਾਮਲ ਹਨ। ਜਿਨ੍ਹਾਂ ਵਿੱਚ ਚੀਨ, ਭਾਰਤ, ਇਰਾਕ, ਕਜ਼ਾਕਿਸਤਾਨ, ਕਿਰਗਿਸਤਾਨ, ਪਾਕਿਸਤਾਨ, ਰੂਸ, ਤਜ਼ਾਕਿਸਤਾਨ, ਉਜ਼ਬੇਕਿਸਤਾਨ ਅਤੇ ਬੇਲਾਰੂਸ ਹਨ।



# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਰਾਲੀ ਸਾੜਨ ਨੂੰ ਰੋਕਣ ਲਈ ਵਿਆਪਕ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ



**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ ਪਰਾਲੀ ਸਾੜਨ ਦੇ ਰੁਝਾਨ ਨੂੰ ਹੋਰ ਠੱਲ੍ਹ ਪਾਉਣ ਲਈ ਵਿਸ਼ਾਲ ਸੂਚਨਾ ਅਤੇ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਹੈ ਕਿਉਂਕਿ ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ 2023 ਤੋਂ 2025 ਤੱਕ ਅਜਿਹੀਆਂ ਘਟਨਾਵਾਂ ਵਿੱਚ ਪਹਿਲਾਂ ਹੀ 86 ਫ਼ੀਸਦੀ ਕਮੀ ਆ ਚੁੱਕੀ ਹੈ। ਅਧਿਕਾਰੀਆਂ ਨੂੰ ਇਸ ਮੁਹਿੰਮ ਨੂੰ ਪਿੰਡਾਂ ਅਤੇ ਬਲਾਕਾਂ ਤੱਕ ਹੋਰ ਸ਼ਿੱਦਤ ਨਾਲ ਲੈ ਜਾਣ ਦੀ ਹਦਾਇਤ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਪ੍ਰਾਪਤੀਆਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦਾ ਵਾਤਾਵਰਣ ਬਚਾਉਣ ਲਈ ਗ਼ੈਰ-ਸਰਕਾਰੀ ਸੰਗਠਨਾਂ (ਐਨ.ਜੀ.ਓਜ਼.), ਸਮਾਜ ਸੇਵਕਾਂ, ਪੰਚਾਇਤਾਂ ਅਤੇ ਕਿਸਾਨਾਂ ਦੀ ਸਰਗਰਮ ਸ਼ਮੂਲੀਅਤ, ਵੱਡੇ ਪੱਧਰ ’ਤੇ ਸੋਸ਼ਲ ਮੀਡੀਆ ਦੀ ਪਹੁੰਚ ਅਤੇ ਮਜ਼ਬੂਤ ਇਨ-ਸੀਟੂ ਤੇ ਐਕਸ-ਸੀਟੂ(ਖੇਤ ਵਿੱਚ ਅਤੇ ਖੇਤ ਤੋਂ ਬਾਹਰ) ਪਰਾਲੀ ਪ੍ਰਬੰਧਨ ਬਹੁਤ ਜ਼ਰੂਰੀ ਹੈ।

ਪਰਾਲੀ ਦੇ ਪ੍ਰਬੰਧਨ ਦੀ ਰਣਨੀਤੀ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਇਸ ਸਾਲ ਪੰਜਾਬ ਵਿੱਚ ਲਗਪਗ 30 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਲੁਆਈ ਕੀਤੀ ਗਈ ਹੈ, ਜਿਸ ਤੋਂ 18.81 ਮਿਲੀਅਨ ਟਨ ਪਰਾਲੀ ਪੈਦਾ ਹੋਣ ਦੀ ਉਮੀਦ ਹੈ। ਉਨ੍ਹਾਂ ਕਿਹਾ, ਪੰਜਾਬ ਸਰਕਾਰ ਦੇ ਭਰਪੂਰ ਯਤਨਾਂ ਸਦਕਾ ਪੰਜਾਬ ਵਿੱਚ 2023 ਤੋਂ 2025 ਤੱਕ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ 86 ਫ਼ੀਸਦੀ ਕਮੀ ਆਈ ਹੈ। ਇਹ ਘਟਨਾਵਾਂ 2023 ਵਿੱਚ 36,663 ਤੋਂ ਘਟ ਕੇ 2024 ਵਿੱਚ 10,909 ਅਤੇ 2025 ਵਿੱਚ ਹੋਰ ਘਟ ਕੇ 5,114 ਰਹਿ ਗਈਆਂ ਹਨ। ਸਾਨੂੰ ਇਸ ਨੂੰ ਹੋਰ ਅੱਗੇ ਲੈ ਕੇ ਜਾਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਇਸ ਸਾਲ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਹੋਰ ਵੀ ਕਮੀ ਆਵੇ।

ਜ਼ਮੀਨੀ ਪੱਧਰ ’ਤੇ ਤੇਜ਼ ਮੁਹਿੰਮ ਦੀ ਲੋੜ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਪ੍ਰਤੀ ਜਾਗਰੂਕ ਕਰਨ ਲਈ ਪਿੰਡ ਅਤੇ ਬਲਾਕ ਪੱਧਰ ’ਤੇ ਵਿਸ਼ਾਲ ਸੂਚਨਾ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾਣੀ ਚਾਹੀਦੀ ਹੈ। ਹਰ ਹਿੱਸੇਦਾਰ ਨੂੰ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਟਿਕਾਊ ਬਦਲ ਅਪਣਾਉਣ ਲਈ ਪ੍ਰੇਰਿਤ ਕਰਨ ਵਾਸਤੇ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪ੍ਰੇਰਿਤ ਕਰਨ ਦੇ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਲਈ ਗ਼ੈਰ-ਸਰਕਾਰੀ ਸੰਗਠਨਾਂ (ਐਨ.ਜੀ.ਓਜ਼.) ਅਤੇ ਸਮਾਜ ਸੇਵਕਾਂ ਨੂੰ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਗ਼ੈਰ-ਸਰਕਾਰੀ ਸੰਗਠਨਾਂ ਅਤੇ ਸਮਾਜ ਸੇਵਕਾਂ ਨੂੰ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ ਨਾਲ ਜੋੜਿਆ ਜਾਵੇ। ਮਸ਼ੀਨਰੀ ਦੇ ਪ੍ਰਦਰਸ਼ਨ, ਨੁੱਕੜ ਨਾਟਕ, ਸਰਪੰਚਾਂ ਨਾਲ ਮੀਟਿੰਗਾਂ, ਸਹੁੰ ਚੁੱਕ ਸਮਾਗਮ ਅਤੇ ਹੋਰ ਜਾਗਰੂਕਤਾ ਪ੍ਰੋਗਰਾਮ ਵਿਆਪਕ ਪੱਧਰ ’ਤੇ ਕਰਵਾਏ ਜਾਣ ਤਾਂ ਜੋ ਇਹ ਸੁਨੇਹਾ ਜ਼ਮੀਨੀ ਪੱਧਰ ਤੱਕ ਕਿਸਾਨਾਂ ਤੱਕ ਪਹੁੰਚ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਦੇ ਪੂਰਕ ਵਜੋਂ ਇੱਕ ਵਿਆਪਕ ਡਿਜੀਟਲ ਅਤੇ ਮਲਟੀਮੀਡੀਆ ਰਣਨੀਤੀ ਅਪਨਾਉਣ ਦਾ ਵੀ ਸੱਦਾ ਦਿੱਤਾ। ਉਨ੍ਹਾਂ ਕਿਹਾ, ਰੇਡੀਓ ਜਿੰਗਲਜ਼, ਪ੍ਰਿੰਟ ਮੀਡੀਆ, ਟੈਲੀਵਿਜ਼ਨ, ਮੋਬਾਈਲ ਐਸ.ਐਮ.ਐਸ. ਅਤੇ ਆਊਟਡੋਰ ਮੀਡੀਆ ਨੂੰ ਸ਼ਾਮਲ ਕਰਦਿਆਂ ਵਿਸਤ੍ਰਿਤ ਡਿਜੀਟਲ ਯੋਜਨਾ ਲਾਗੂ ਕੀਤੀ ਜਾਣੀ ਚਾਹੀਦੀ ਹੈ। ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਅਤੇ ਉਪਲਬਧ ਪ੍ਰਬੰਧਨ ਵਿਕਲਪਾਂ ਬਾਰੇ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ ਸੋਸ਼ਲ ਮੀਡੀਆ ਜਾਗਰੂਕਤਾ ਮੁਹਿੰਮ ਵੀ ਵੱਡੇ ਪੱਧਰ ’ਤੇ ਚਲਾਈ ਜਾਣੀ ਚਾਹੀਦੀ ਹੈ।

ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਕਿਸਾਨਾਂ ਅਤੇ ਪੇਂਡੂ ਸੰਸਥਾਵਾਂ ਨੂੰ ਉਤਸ਼ਾਹਿਤ ਕਰਨ ਦੀ ਲੋੜ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਤਰੱਕੀਪਸੰਦ ਕਿਸਾਨਾਂ, ਵਧੀਆ ਕਾਰਗੁਜ਼ਾਰੀ ਵਾਲੀਆਂ ਪੰਚਾਇਤਾਂ, ਪੈਕਸ (ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੁਸਾਇਟੀਆਂ) ਅਤੇ ਹੋਰ ਹਿੱਸੇਦਾਰਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਜਾਣਾ ਚਾਹੀਦਾ ਹੈ।

# ਰਾਹੁਲ ਗਾਂਧੀ ਖ਼ਿਲਾਫ਼ ਦਰਜ ਕੇਸ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ




**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਦੇ ਕਾਂਗਰਸੀ ਆਗੂਆਂ ਨੇ ਮੰਗਲਵਾਰ ਨੂੰ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵਿਰੁੱਧ ਹਲਦਵਾਨੀ ‘ਸ਼ੁੱਧੀਕਰਨ’ ਵਿਵਾਦ ਨੂੰ ਲੈ ਕੇ ਦਰਜ ਕੀਤੀ ਗਈ ਐੱਫ.ਆਈ.ਆਰ. ਦੇ ਖ਼ਿਲਾਫ਼ ਚੰਡੀਗੜ੍ਹ ਵਿੱਚ ਪ੍ਰਦਰਸ਼ਨ ਕੀਤਾ। ਭੁਪਿੰਦਰ ਸਿੰਘ ਹੁੱਡਾ ਅਤੇ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਰਾਜ ਕੁਮਾਰ ਵੇਰਕਾ ਸਮੇਤ ਸੀਨੀਅਰ ਕਾਂਗਰਸੀ ਆਗੂ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਇਸ ਦੌਰਾਨ ਕਈ ਆਗੂਆਂ ਨੂੰ ਪੁਲੀਸ ਨੇ ਹਿਰਾਸਤ ਵਿੱਚ ਲੈ ਲਿਆ।

ਉਤਰਾਖੰਡ ਦੀ ਹਲਦਵਾਨੀ ਸਿਟੀ ਕੋਤਵਾਲੀ ਪੁਲੀਸ ਨੇ ਰਾਹੁਲ ਗਾਂਧੀ ਵਿਰੁੱਧ ਹਲਦਵਾਨੀ ਵਿੱਚ ÷ਸ਼ੁੱਧੀਕਰਨ ਰਸਮ÷ ਬਾਰੇ ਉਨ੍ਹਾਂ ਦੀਆਂ ਟਿੱਪਣੀਆਂ ਬਾਰੇ ਇੱਕ ਸ਼ਿਕਾਇਤ ਦੇ ਆਧਾਰ ’ਤੇ ਫਸਟ ਇਨਫਰਮੇਸ਼ਨ ਰਿਪੋਰਟ (ਐੱਫ.ਆਈ.ਆਰ.) ਦਰਜ ਕੀਤੀ ਹੈ, ਜਿਸ ਵਿੱਚ ਦੋਸ਼ ਲਾਇਆ ਗਿਆ ਹੈ ਕਿ ਉਨ੍ਹਾਂ ਨੇ ਅਨੁਸੂਚਿਤ ਜਾਤੀ ਨਾਲ ਸਬੰਧਤ ਇੱਕ ਵਿਅਕਤੀ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

ਜ਼ਿਕਰਯੋਗ ਹੈ ਕਿ ਰਾਹੁਲ ਗਾਂਧੀ ਖ਼ਿਲਾਫ਼ ਇਹ ਸ਼ਿਕਾਇਤ ਹਲਦਵਾਨੀ ਦੀ ਜਵਾਹਰ ਨਗਰ ਕਲੋਨੀ ਦੇ ਰਹਿਣ ਵਾਲੇ ਅਤੇ ਵਾਲਮੀਕਿ ਭਾਈਚਾਰੇ ਨਾਲ ਸਬੰਧਤ 26 ਸਾਲਾ ਅਮਿਤ ਕੁਮਾਰ ਵੱਲੋਂ ਦਰਜ ਕਰਵਾਈ ਗਈ ਸੀ। ਅਮਿਤ ਕੁਮਾਰ ‘ਸ਼੍ਰੀ ਰਾਮ ਸੇਵਾ ਧਰਮਾਰਥ ਸੇਵਾ ਨਿਆਸ’ ਸੰਸਥਾ ਦੇ ਅਹੁਦੇਦਾਰ ਵਜੋਂ ਸੇਵਾ ਨਿਭਾ ਰਹੇ ਹਨ।

ਪੁਲੀਸ ਨੇ ਐੱਸ.ਸੀ./ਐੱਸ.ਟੀ. (ਅਤਿਆਚਾਰ ਰੋਕਥਾਮ) ਐਕਟ 1989 ਦੀਆਂ ਧਾਰਾਵਾਂ—ਧਾਰਾ 3(1)(ਰ) ਅਤੇ ਧਾਰਾ 3(1)(ਉ)—ਨੂੰ ਭਾਰਤੀ ਨਿਆਂ ਸੰਹਿਤਾ (ਬੀ.ਐੱਨ.ਐੱਸ.), 2023 ਦੀ ਧਾਰਾ 196 ਦੇ ਨਾਲ ਲਾਗੂ ਕੀਤਾ ਹੈ, ਜੋ ਧਰਮ, ਨਸਲ, ਜਨਮ ਸਥਾਨ, ਨਿਵਾਸ, ਭਾਸ਼ਾ ਆਦਿ ਦੇ ਆਧਾਰ ’ਤੇ ਵੱਖ-ਵੱਖ ਸਮੂਹਾਂ ਵਿੱਚ ਦੁਸ਼ਮਣੀ ਨੂੰ ਉਤਸ਼ਾਹਿਤ ਕਰਨ ਨਾਲ ਸਬੰਧਤ ਹੈ। ਐੱਫ ਆਈ ਆਰ ਵਿੱਚ ਅਧਿਕਾਰ ਖੇਤਰ ਨਾਲ ਸਬੰਧਤ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ.ਐੱਨ.ਐੱਸ.ਐੱਸ.), 2023 ਦੀ ਧਾਰਾ 199 ਦਾ ਵੀ ਹਵਾਲਾ ਦਿੱਤਾ ਗਿਆ ਹੈ। ਅਮਿਤ ਕੁਮਾਰ ਨੇ ਦੋਸ਼ ਲਾਇਆ ਕਿ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਰਾਹੁਲ ਗਾਂਧੀ ਦੀਆਂ ਟਿੱਪਣੀਆਂ ਨੇ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

# ਸਫ਼ਾਈ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਲਗਾਤਾਰ ਕਰ ਰਹੀ ਹੈ ਕੰਮ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਸਫ਼ਾਈ ਕਰਮਚਾਰੀਆਂ ਨਾਲ ਜੁੜੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਕੰਮ ਕਰ ਰਹੀ ਹੈ। ਕਰਮਚਾਰੀਆਂ ਦੀਆਂ 12 ਮੰਗਾਂ ਮੰਨੀਆਂ ਜਾ ਚੁੱਕੀਆਂ ਹਨ। ਜਿਹੜੇ ਮਾਮਲੇ ਅਦਾਲਤ ਵਿੱਚ ਵਿਚਾਰ ਅਧੀਨ ਹਨ, ਉਨ੍ਹਾਂ ਦਾ ਤੁਰੰਤ ਹੱਲ ਸਰਕਾਰ ਦੇ ਪੱਧਰ ’ਤੇ ਸੰਭਵ ਨਹੀਂ ਹੈ। ਅਦਾਲਤ ਵੱਲੋਂ ਜੋ ਵੀ ਨਿਰਦੇਸ਼ ਆਉਣਗੇ, ਸਰਕਾਰ ਉਨ੍ਹਾਂ ਦੇ ਅਨੁਰੂਪ ਕਾਰਵਾਈ ਕਰੇਗੀ।

ਮੁੱਖ ਮੰਤਰੀ ਮੰਗਲਵਾਰ ਨੂੰ ਹਰਿਆਣਾ ਵਿਧਾਨ ਸਭਾ ਵਿੱਚ ਵਿਧਾਇਕ ਸ੍ਰੀ ਵਿਕਾਸ ਸਹਾਰਨ ਵੱਲੋਂ ਸਫ਼ਾਈ ਕਰਮਚਾਰੀਆਂ ਨਾਲ ਸਬੰਧਤ ਪੁੱਛੇ ਗਏ ਇੱਕ ਪ੍ਰਸ਼ਨ ਦੇ ਸੰਬੰਧ ਵਿੱਚ ਸਦਨ ਵਿੱਚ ਜਵਾਬ ਦੇ ਰਹੇ ਸਨ।



ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਇਸ ਵਿਸ਼ੇ ’ਤੇ ਸਦਨ ਵਿੱਚ ਵਿਸਤ੍ਰਿਤ ਬਿਆਨ ਦੇ ਕੇ ਵਿਰੋਧੀ ਧਿਰ ਅਤੇ ਸੂਬੇ ਦੀ ਜਨਤਾ ਨੂੰ ਪੂਰੀ ਸਥਿਤੀ ਤੋਂ ਜਾਣੂ ਕਰਵਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਪਹਿਲਾਂ ਵੀ ਸਾਹਮਣੇ ਆਉਂਦੀਆਂ ਰਹੀਆਂ ਹਨ ਅਤੇ ਕਾਂਗਰਸ ਦੇ ਸ਼ਾਸਨਕਾਲ ਵਿੱਚ ਵੀ ਅਜਿਹੀਆਂ ਸਮੱਸਿਆਵਾਂ ਸਨ। ਮੌਜੂਦਾ ਸਰਕਾਰ ਇਨ੍ਹਾਂ ਸਮੱਸਿਆਵਾਂ ਤੋਂ ਮੂੰਹ ਮੋੜਨ ਦੀ ਬਜਾਏ ਲਗਾਤਾਰ ਉਨ੍ਹਾਂ ਦਾ ਹੱਲ ਕੱਢਣ ਦਾ ਯਤਨ ਕਰ ਰਹੀ ਹੈ। ਇਸ ਦੇ ਬਾਵਜੂਦ ਕਾਂਗਰਸ ਇਸ ਵਿਸ਼ੇ ’ਤੇ ਰਾਜਨੀਤੀ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਕਿਸੇ ਵੀ ਵਿਸ਼ੇ ਨੂੰ ਸਦਨ ਵਿੱਚ ਉਠਾਉਣ ਦਾ ਪੂਰਾ ਅਧਿਕਾਰ ਹੈ ਅਤੇ ਉਹ ਆਪਣੀ ਗੱਲ ਸਦਨ ਦੇ ਸਾਹਮਣੇ ਰੱਖ ਸਕਦਾ ਹੈ। ਸਰਕਾਰ ਹਰ ਉਚਿਤ ਵਿਸ਼ੇ ਦਾ ਜਵਾਬ ਦੇਣ ਅਤੇ ਉਸ ਦਾ ਹੱਲ ਕੱਢਣ ਲਈ ਤਤਪਰ ਹੈ।

ਸਦਨ ਵਿੱਚ ਕਾਂਗਰਸ ਦੇ ਇੱਕ ਵਿਧਾਇਕ ਵੱਲੋਂ ਮੋਬਾਈਲ ਫੋਨ ’ਤੇ ਸਫ਼ਾਈ ਕਰਮਚਾਰੀ ਨਾਲ ਗੱਲਬਾਤ ਕਰਨ ਦੇ ਵਿਸ਼ੇ ’ਤੇ ਮੁੱਖ ਮੰਤਰੀ ਨੇ ਕਿਹਾ ਕਿ ਸਦਨ ਦੇ ਅੰਦਰ ਫੋਨ ’ਤੇ ਗੱਲ ਕਰਨਾ ਨਿਯਮਾਂ ਦੇ ਅਨੁਰੂਪ ਨਹੀਂ ਹੈ।

# ਪੀਪੀਸੀਬੀ ਵੱਲੋਂ ਸਕੂਲੀ ਬੱਚਿਆਂ ਨੂੰ ਪਲਾਸਟਿਕ ਵੇਸਟ ਚੈਂਪੀਅਨ ਬਣਾਉਣ ਦੇ ਉਦੇਸ਼ ਨਾਲ ਪੰਜਾਬ ਪਲਾਸਟਿਕ ਚੈਂਪੀਅਨਜ਼ ਪ੍ਰੋਗਰਾਮ ਦੀ ਸ਼ੁਰੂਆਤ

**ਪਟਿਆਲਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਲਾਸਟਿਕ ਕਚਰੇ ਸਬੰਧੀ ਜਾਗਰੂਕਤਾ ਅਤੇ ਸਰੋਤ ਪੱਧਰ ’ਤੇ ਇਸ ਨੂੰ ਵੱਖ-ਵੱਖ ਇਕੱਠਾ ਕਰਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਅੱਜ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਆਫ਼ ਐਮੀਨੈਂਸ, ਫੀਲਖਾਨਾ, ਪਟਿਆਲਾ ਵਿਖੇ ਪੰਜਾਬ ਪਲਾਸਟਿਕ ਚੈਂਪੀਅਨਜ਼ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਉਦਘਾਟਨ ਮੌਕੇ ਪੀਪੀਸੀਬੀ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ: ਅਸੀਂ ਚਾਹੁੰਦੇ ਹਾਂ ਕਿ ਇਹ ਸਿਰਫ਼ ਇੱਕ ਮੁਕਾਬਲਾ ਜਾਂ ਦੋ ਹਫ਼ਤਿਆਂ ਦੀ ਇਕੱਠ ਮੁਹਿੰਮ ਬਣ ਕੇ ਨਾ ਰਹਿ ਜਾਵੇ। ਇਹ ਇੱਕ ਪ੍ਰਮੁੱਖ ਮਾਡਲ ਪਹਿਲਕਦਮੀ ਹੈ, ਜਿਸ ਰਾਹੀਂ ਅਸੀਂ ਇਹ ਦਰਸਾਉਣਾ ਚਾਹੁੰਦੇ ਹਾਂ ਕਿ ਅਰਥਪੂਰਨ ਵਾਤਾਵਰਣਕ ਵਿਹਾਰ ਵਿੱਚ ਬਦਲਾਅ ਦੀ ਸ਼ੁਰੂਆਤ ਸਾਡੇ ਸਕੂਲਾਂ ਤੋਂ ਹੋ ਸਕਦੀ ਹੈ। ਅੱਜ ਭਾਗ ਲੈ ਰਹੇ ਵਿਦਿਆਰਥੀਆਂ ਅਤੇ ਸਕੂਲਾਂ ਦੇ ਉਤਸ਼ਾਹ ਤੋਂ ਮੈਂ ਬਹੁਤ ਉਤਸ਼ਾਹਿਤ ਹਾਂ ਅਤੇ ਮੈਨੂੰ ਵਿਸ਼ਵਾਸ ਹੈ ਕਿ ਜੇਕਰ ਪਟਿਆਲਾ ਦੇ ਬੱਚੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਂਦੇ ਹਨ, ਤਾਂ ਇਹ ਹੋਰ ਰਾਜਾਂ ਲਈ ਵੀ ਇੱਕ ਮਿਸਾਲ ਬਣ ਸਕਦਾ ਹੈ। ਜਿਕਰਯੋਗ ਹੈ ਕਿ ਇਹ ਪ੍ਰੋਗਰਾਮ ਸਕੂਲ-ਆਧਾਰਿਤ ਐਮਐਲਪੀ (ਮਲਟੀ-ਲੇਅਰਡ ਪਲਾਸਟਿਕ) ਵੇਸਟ ਇਕੱਠ ਮੁਕਾਬਲੇ ਵਜੋਂ ਚਲਾਇਆ ਜਾ ਰਿਹਾ ਹੈ। ਇਹ ਪ੍ਰੋਗਰਾਮ ਸਕੂਲਾਂ ਅਤੇ ਵਿਦਿਆਰਥੀਆਂ ਨੂੰ ਪਲਾਸਟਿਕ ਕਚਰੇ ਦੀਆਂ ਮੁਸ਼ਕਲ ਸ਼੍ਰੇਣੀਆਂ ਵਿੱਚੋਂ ਇੱਕ ਦੇ ਪ੍ਰਬੰਧਨ ਲਈ ਕੀਤੇ ਜਾ ਰਹੇ ਯਤਨਾਂ ਨਾਲ ਜੋੜਦਾ ਹੈ। ਐਮਐਲਪੀ ਅਤੇ ਹੋਰ ਲਚਕੀਲੀ ਪਲਾਸਟਿਕ ਪੈਕੇਜਿੰਗ—ਜਿਵੇਂ ਚਿਪਸ ਅਤੇ ਸਨੈਕ ਪੈਕਟ, ਬਿਸਕੁਟ ਅਤੇ ਕਨਫੈਕਸ਼ਨਰੀ ਰੈਪਰ, ਨੂਡਲ ਪੈਕਟ, ਸੈਸ਼ੇ ਅਤੇ ਇਸੇ ਤਰ੍ਹਾਂ ਦੀ ਹੋਰ ਪੈਕੇਜਿੰਗ, ਜਿਸ ਦੀ ਰੀਸਾਈਕਲਿੰਗ ਵੈਲਿਊ ਅਕਸਰ ਸੀਮਿਤ ਹੁੰਦੀ ਹੈ।




# ਸੂਬਾ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 598.75 ਲੱਖ ਦੇ ਸਟੇਟ ਐਕਸ਼ਨ ਪਲੈਨ ਨੂੰ ਪ੍ਰਵਾਨਗੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਨਾਗਰਿਕਾਂ ਨੂੰ ਸਨਮਾਨ, ਸੁਰੱਖਿਆ ਅਤੇ ਬਿਹਤਰ ਜੀਵਨ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਰ ਵਿੱਚ ਸਟੇਟ ਐਕਸ਼ਨ ਪਲੈਨ ਫਾਰ ਸੀਨੀਅਰ ਸਿਟੀਜ਼ਨ (SAP) 2026-27 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉੱਚ ਪੱਧਰੀ ਸਟੇਕਹੋਲਡਰ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਸੀਨੀਅਰ ਨਾਗਰਿਕਾਂ ਦੀ ਸਿਹਤ ਸੰਭਾਲ, ਦੇਖਭਾਲ, ਸਮਾਜਿਕ ਸੁਰੱਖਿਆ, ਮਾਨਸਿਕ ਤੰਦਰੁਸਤੀ ਅਤੇ ਖੁਸ਼ਹਾਲ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਹੋਰ ਪ੍ਰਭਾਵਸ਼ਾਲੀ ਤਾਲਮੇਲ ਸਥਾਪਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ 1 ਅਕਤੂਬਰ ਨੂੰ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਮੌਕੇ ਸ੍ਰੀ ਮੁਕਤਸਰ ਸਾਹਿਬ ਤੋਂ ਸੂਬਾ ਪੱਧਰੀ ‘ਸਾਡੇ ਬਜ਼ੁਰਗ ਸਾਡਾ ਮਾਣ’ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸੀਨੀਅਰ ਨਾਗਰਿਕਾਂ ਪ੍ਰਤੀ ਸਤਿਕਾਰ, ਸਨਮਾਨ ਅਤੇ ਸੰਵੇਦਨਸ਼ੀਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰੇਗੀ। ਇਸ ਦੇ ਨਾਲ-ਨਾਲ ਬਜ਼ੁਰਗਾਂ ਦੇ ਅਧਿਕਾਰਾਂ, ਭਲਾਈ ਸਕੀਮਾਂ ਅਤੇ ਸਿਹਤ ਸੇਵਾਵਾਂ ਸਬੰਧੀ ਜਾਗਰੂਕਤਾ ਫੈਲਾਉਣ ਦੇ ਨਾਲ ਪਰਿਵਾਰਾਂ, ਵਿਦਿਅਕ ਸੰਸਥਾਵਾਂ, ਨੌਜਵਾਨਾਂ, ਸਮਾਜਿਕ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਵੀ ਉਨ੍ਹਾਂ ਦੀ ਦੇਖਭਾਲ ਅਤੇ ਸਨਮਾਨ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ।




ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ, ÷ਜਿਨ੍ਹਾਂ ਹੱਥਾਂ ਨੇ ਪਰਿਵਾਰਾਂ ਦੀ ਪਰਵਰਿਸ਼ ਕੀਤੀ ਅਤੇ ਸਮਾਜ ਦੀ ਨੀਂਹ ਮਜ਼ਬੂਤ ਕੀਤੀ, ਉਹ ਆਪਣੀ ਜ਼ਿੰਦਗੀ ਦੇ ਇਸ ਪੜਾਅ ’ਤੇ ਪਿਆਰ, ਸਤਿਕਾਰ, ਸੁਰੱਖਿਆ ਅਤੇ ਦੇਖਭਾਲ ਦੇ ਪੂਰੇ ਹੱਕਦਾਰ ਹਨ। ਬਜ਼ੁਰਗਾਂ ਦੀ ਸੇਵਾ ਸਿਰਫ਼ ਸਰਕਾਰ ਦੀ ਹੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।÷ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਸੀਨੀਅਰ ਨਾਗਰਿਕ ਨੂੰ ਬਿਹਤਰ ਸਿਹਤ ਸੇਵਾਵਾਂ, ਸਮਾਜਿਕ ਸੁਰੱਖਿਆ, ਭਾਵਨਾਤਮਕ ਸਹਾਰਾ ਅਤੇ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ।

ਮੰਤਰੀ ਨੇ ਦੱਸਿਆ ਕਿ ਸਟੇਟ ਐਕਸ਼ਨ ਪਲੈਨ ਨੂੰ ਲਾਗੂ ਕਰਨ ਲਈ ?598.75 ਲੱਖ ਦੀ ਵਿੱਤੀ ਵਿਵਸਥਾ ਕੀਤੀ ਗਈ ਹੈ। ਇਸ ਰਾਸ਼ੀ ਦੀ ਵਰਤੋਂ ਮੁਫ਼ਤ ਸਿਹਤ ਜਾਂਚ ਅਤੇ ਸਿਹਤ ਮੁਲਾਂਕਣ ਕੈਂਪ, ਅੱਖਾਂ ਦੀ ਜਾਂਚ ਅਤੇ ਲੋੜਵੰਦ ਸੀਨੀਅਰ ਨਾਗਰਿਕਾਂ ਦੀ ਕੈਟਰੇਕਟ ਸਰਜਰੀ, ਜੈਰੀਐਟ੍ਰਿਕ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ, ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ (ਪੀ.ਐੱਸ.ਡੀ.ਐੱਮ.) ਦੇ ਸਹਿਯੋਗ ਨਾਲ ਜੈਰੀਐਟ੍ਰਿਕ ਕੇਅਰਗਿਵਰਾਂ ਦੀ ਸਿਖਲਾਈ, ਡਿਜੀਟਲ ਅਤੇ ਵਿੱਤੀ ਸਾਖਰਤਾ, ਸਰਗਰਮ ਬਜ਼ੁਰਗ ਜੀਵਨ ਨੂੰ ਉਤਸ਼ਾਹਿਤ ਕਰਨ ਵਾਲੇ ਪ੍ਰੋਗਰਾਮਾਂ, ਜਾਗਰੂਕਤਾ ਮੁਹਿੰਮਾਂ, ਪੀੜ੍ਹੀਆਂ ਵਿਚਕਾਰ ਸਾਂਝ ਵਧਾਉਣ ਵਾਲੀਆਂ ਗਤੀਵਿਧੀਆਂ, ਮੀਡੀਆ ਜਾਗਰੂਕਤਾ ਅਤੇ ਹੋਰ ਭਲਾਈ ਪ੍ਰੋਗਰਾਮਾਂ ’ਤੇ ਕੀਤੀ ਜਾਵੇਗੀ।

ਡਾ. ਬਲਜੀਤ ਕੌਰ ਨੇ ਸਿਹਤ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਸੀਨੀਅਰ ਨਾਗਰਿਕਾਂ ਲਈ ਨਿਯਮਿਤ ਸਿਹਤ ਕੈਂਪ ਲਗਾਏ ਜਾਣ ਅਤੇ ਸਮੇਂ ਸਿਰ ਜਾਂਚ, ਇਲਾਜ, ਅੱਖਾਂ ਦੀ ਸੰਭਾਲ ਅਤੇ ਲੋੜ ਅਨੁਸਾਰ ਰੈਫਰਲ ਸੇਵਾਵਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਜੈਰੀਐਟ੍ਰਿਕ ਕੇਅਰ ਨੂੰ ਹੋਰ ਮਜ਼ਬੂਤ ਕਰਨ ਅਤੇ ਸਿਖਲਾਈ ਪ੍ਰਾਪਤ ਕੇਅਰਗਿਵਰਾਂ ਦੀ ਉਪਲਬਧਤਾ ਵਧਾਉਣ ’ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ, ਤਾਂ ਜੋ ਬਜ਼ੁਰਗਾਂ ਨੂੰ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਮਿਆਰੀ, ਸੰਵੇਦਨਸ਼ੀਲ ਅਤੇ ਸਮੇਂ ਸਿਰ ਦੇਖਭਾਲ ਮਿਲ ਸਕੇ।

ਡਾ. ਬਲਜੀਤ ਕੌਰ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਸੀ ਤਾਲਮੇਲ ਅਤੇ ਪੂਰੀ ਵਚਨਬੱਧਤਾ ਨਾਲ ਸਟੇਟ ਐਕਸ਼ਨ ਪਲੈਨ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਅਤੇ ਸਮਾਂਬੱਧ ਢੰਗ ਨਾਲ ਲਾਗੂ ਕਰਨ। ਉਨ੍ਹਾਂ ਕਿਹਾ ਕਿ ਨਿਯਮਿਤ ਨਿਗਰਾਨੀ, ਜਵਾਬਦੇਹੀ ਅਤੇ ਵਿਭਾਗੀ ਤਾਲਮੇਲ ਹੀ ਇਸ ਯੋਜਨਾ ਦੀ ਸਫ਼ਲਤਾ ਦੀ ਕੁੰਜੀ ਹੋਣਗੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਹਰ ਯੋਗ ਸੀਨੀਅਰ ਨਾਗਰਿਕ ਤੱਕ ਇਨ੍ਹਾਂ ਭਲਾਈ ਸੇਵਾਵਾਂ ਦਾ ਲਾਭ ਪਹੁੰਚੇ।

# ਕੇਂਦਰ ਵੱਲੋਂ ਕੇਸ ਵਾਪਸ ਲੈਣ ਦਾ ਭਰੋਸਾ ਦੇਣ ਤੋਂ ਬਾਅਦ ਸੀ.ਜੇ.ਪੀ. ਨੇ 5 ਸਤੰਬਰ ਦੇ ਪ੍ਰਦਰਸ਼ਨ ਦਾ ਸੱਦਾ ਵਾਪਸ ਲਿਆ

**ਨਵੀਂ ਦਿੱਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਗੂ ਸੌਰਵ ਦਾਸ ਨੇ ਮੰਗਲਵਾਰ ਨੂੰ ਸੁਪਰੀਮ ਕੋਰਟ ਨੂੰ ਦੱਸਿਆ ਕਿ ਸੰਗਠਨ ਨੇ 5 ਸਤੰਬਰ ਨੂੰ ਪ੍ਰਦਰਸ਼ਨ ਕਰਨ ਦਾ ਆਪਣਾ ਸੱਦਾ ਵਾਪਸ ਲੈ ਲਿਆ ਹੈ। ਦਾਸ ਨੇ ਭਾਰਤ ਦੇ ਮੁੱਖ ਜੱਜ (ਸੀ.ਆਈ.ਜੀ.) ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਮੈਂਬਰੀ ਬੈਂਚ ਦੇ ਸਾਹਮਣੇ ਇੱਕ ਬਿਆਨ ਪੜ੍ਹਿਆ, ਜਿਸ ਤੋਂ ਬਾਅਦ ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਸਰਕਾਰ ਜੁਲਾਈ ਵਿੱਚ CJP ਆਗੂਆਂ ਨੂੰ ਦਿੱਤੇ ਗਏ ਭਰੋਸਿਆਂ ਪ੍ਰਤੀ ਵਚਨਬੱਧ ਹੈ, ਜਦੋਂ ਉਨ੍ਹਾਂ ਨੇ ©55“ ਅਤੇ ਹੋਰ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਨੂੰ ਲੈ ਕੇ ਆਪਣਾ 36 ਦਿਨਾਂ ਦਾ ਪ੍ਰਦਰਸ਼ਨ ਵਾਪਸ ਲੈ ਲਿਆ ਸੀ।

ਮਹਿਤਾ ਨੇ ਕਿਹਾ ਕਿ ਕੇਂਦਰ ਅਤੇ ਮਹਾਰਾਸ਼ਟਰ, ਬਿਹਾਰ, ਪੱਛਮੀ ਬੰਗਾਲ ਅਤੇ ਆਸਾਮ ਦੀਆਂ ਸਰਕਾਰਾਂ ਪ੍ਰਦਰਸ਼ਨਕਾਰੀਆਂ ਵਿਰੁੱਧ ਕੇਸ ਵਾਪਸ ਲੈਣ ਲਈ ਤਿਆਰ ਹਨ, ਸਿਵਾਏ ਉਨ੍ਹਾਂ ਵਿਅਕਤੀਆਂ ਦੇ ਜਿਨ੍ਹਾਂ ਦੇ ਨਾਮ ਅਪਰਾਧਾਂ ਨਾਲ ਜੁੜੇ ਕੇਸਾਂ ਵਿੱਚ ਪਹਿਲਾਂ ਹੀ ਸ਼ਾਮਲ ਹਨ। ਸੌਲਿਸਟਰ ਜਨਰਲ ਨੇ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਕਿ ਉਹ ਸੰਵਿਧਾਨ ਦੀ ਧਾਰਾ 142 ਤਹਿਤ ਆਪਣੀਆਂ ਅਸਾਧਾਰਨ ਸ਼ਕਤੀਆਂ ਦੀ ਵਰਤੋਂ ਕਰੇ ਅਤੇ ਨਿਰਦੇਸ਼ ਦੇਵੇ ਕਿ ਪ੍ਰਦਰਸ਼ਨਕਾਰੀਆਂ ਵਿਰੁੱਧ ਕੇਸਾਂ ਨੂੰ ਬੰਦ ਮੰਨਿਆ ਜਾਵੇ।



ਮਹਿਤਾ ਨੇ ਇਹ ਵੀ ਕਿਹਾ ਕਿ ਸਰਕਾਰ ਆਤਮਹੱਤਿਆ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਮੁਆਵਜ਼ੇ ਦੀ ਅਦਾਇਗੀ ਲਈ ਤਿੰਨ ਮਹੀਨਿਆਂ ਦੇ ਅੰਦਰ ਰੂਪ-ਰੇਖਾ ਤਿਆਰ ਕਰੇਗੀ। ਕੇਂਦਰ ਨੇ ਸੋਮਵਾਰ ਨੂੰ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਸੀ ਕਿ ਉਹ ਧਾਰਾ 142 ਤਹਿਤ ਆਪਣੀਆਂ ਅਸਾਧਾਰਨ ਸ਼ਕਤੀਆਂ ਦੀ ਵਰਤੋਂ ਕਰਦਿਆਂ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਵਿਰੁੱਧ ਦਰਜ ਐੱਫ.ਆਈ.ਆਰਜ਼ ਨੂੰ ਰੱਦ ਕਰੇ। ਧਾਰਾ 142 ਸੁਪਰੀਮ ਕੋਰਟ ਨੂੰ ਇਸ ਦੇ ਸਾਹਮਣੇ ਲੰਬਿਤ ਮਾਮਲੇ ਵਿੱਚ ਪੂਰਨ ਨਿਆਂ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕੋਈ ਵੀ ਹੁਕਮ ਦੇਣ ਦਾ ਅਧਿਕਾਰ ਦਿੰਦੀ ਹੈ। ਸੌਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਦੇ ਉੱਠਣ ਤੋਂ ਠੀਕ ਪਹਿਲਾਂ ਸੋਮਵਾਰ ਨੂੰ ਸੀ.ਆਈ.ਜੀ. ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਮੈਂਬਰੀ ਬੈਂਚ ਦੇ ਸਾਹਮਣੇ ਇਸ ਮਾਮਲੇ ਦਾ ਜ਼ਿਕਰ ਕੀਤਾ ਸੀ। ਮਹਿਤਾ ਨੇ ਬੈਂਚ ਨੂੰ ਦੱਸਿਆ, ਅਸੀਂ ਇੱਕ ਆਈ.ਏ. (ਇੰਟਰਲਾਕਿਊਟਰੀ ਅਪੀਲ) ਦਾਖ਼ਲ ਕਰਨਾ ਚਾਹੁੰਦੇ ਹਾਂ। ਇਹ ਉਸ (CJP) ਪ੍ਰਦਰਸ਼ਨ ਬਾਰੇ ਹੈ... ਐੱਫ.ਆਈ.ਆਰਜ਼ ਨੂੰ ਰੱਦ ਕਰਨ ਲਈ... ਅਸੀਂ ਧਾਰਾ 142 ਦੀ ਵਰਤੋਂ ਕਰ ਰਹੇ ਹਾਂ, ਅਤੇ ਮੰਗਲਵਾਰ ਨੂੰ ਮਾਮਲੇ ਦੀ ਫ਼ੌਰੀ ਸੁਣਵਾਈ ਦੀ ਮੰਗ ਕੀਤੀ।

# ਚੰਡੀਗੜ੍ਹ ਸਰਹੱਦ ’ਤੇ ਸੰਯੁਕਤ ਕਿਸਾਨ ਮੋਰਚੇ ਦਾ ਧਰਨਾ ਜਾਰੀ

**ਮੁਹਾਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਯੁਕਤ ਕਿਸਾਨ ਮੋਰਚਾ ਵੱਲੋਂ ਕਿਸਾਨੀ ਮੰਗਾਂ ਦੇ ਹੱਕ ਵਿੱਚ ਚੰਡੀਗੜ੍ਹ ਦੀ ਸਰਹੱਦ ਉੱਤੇ ਆਪਣਾ ਧਰਨਾ ਜਾਰੀ ਹੈ। ਮੁਹਾਲੀ ਦੇ ਫੇਸ 11 ਤੋਂ ਲੈ ਕੇ ਸੈਕਟਰ 48 ਤੱਕ ਸੜਕ ਦੇ ਇੱਕ ਪਾਸੇ ਵਿੱਚ ਸੈਂਕੜੇ ਟਰੈਕਟਰ ਟਰਾਲੀਆਂ ਸਮੇਤ ਕਿਸਾਨਾਂ ਨੇ ਪੱਕੇ ਡੇਰੇ ਲਗਾ ਦਿੱਤੇ ਹਨ। ਕਿਸਾਨ ਮੋਰਚੇ ਵਿੱਚ ਮਹਿਲਾਵਾਂ ਵੀ ਸ਼ਾਮਿਲ ਹਨ।

ਫੇਸ 11 ਤੋਂ ਲੈ ਕੇ ਸੈਕਟਰ 48 ਤੱਕ ਮੁਹਾਲੀ ਪੁਲੀਸ ਵੱਲੋਂ ਸੜਕ ਦਾ ਇੱਕ ਪਾਸਾ ਬੰਦ ਕੀਤਾ ਗਿਆ ਹੈ। ਸੰਯੁਕਤ ਕਿਸਾਨ ਮੋਰਚਾ ਦੇ ਚੰਡੀਗੜ੍ਹ ਦੀ ਸੈਕਟਰ 48 ਦੀ ਸੜਕ ਉੱਤੇ ਲੱਗੀ ਹੋਈ ਸਟੇਜ ਅਤੇ ਪੰਡਾਲ ਦੇ ਪਿਛਲੇ ਪਾਸੇ ਚੰਡੀਗੜ੍ਹ ਪੁਲੀਸ ਵੱਲੋਂ ਕੰਡੇਦਾਰ ਤਾਰ ਦੀ ਤੀਹਰੀ ਬੈਰੀਕੇਟਿੰਗ ਕੀਤੀ ਗਈ ਹੈ ਅਤੇ ਵੱਡੀ ਗਿਣਤੀ ਵਿੱਚ ਚੰਡੀਗੜ੍ਹ ਪੁਲੀਸ ਅਤੇ ਆਰ ਏ ਐੱਫ ਦੇ ਜਵਾਨ ਵੀ ਤਾਇਨਾਤ ਹਨ।

ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਸਟੇਜ ਆਰੰਭ ਕਰਨ ਤੋਂ ਪਹਿਲਾਂ ਮੁਹਾਲੀ ਵਿਖੇ ਇੱਕ ਹੋਟਲ ਵਿੱਚ ਉੱਚ ਪੱਧਰੀ ਮੀਟਿੰਗ ਕੀਤੀ। ਇਸ ਵਿੱਚ ਸੱਤ ਦਿਨ ਤੱਕ ਚੱਲਣ ਵਾਲੇ ਮੋਰਚੇ ਲਈ ਰਣਨੀਤੀ ਘੜੀ ਗਈ। ਕਿਸਾਨ ਆਗੂਆਂ ਨੇ ਇਸ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਪਿਛਲੇ ਦਿਨੀਂ ਮੁਲਾਜ਼ਮਾਂ ਵੱਲੋਂ ਕੀਤੀ ਹੜਤਾਲ ਤੋਂ ਬਾਅਦ ਮੁਲਾਜ਼ਮ ਆਗੂਆਂ ਦੀਆਂ ਕੀਤੀਆਂ ਜਾ ਰਹੀਆਂ ਬਦਲੀਆਂ ਅਤੇ ਉਨ੍ਹਾਂ ਨੂੰ ਕੱਢੇ ਜਾ ਰਹੇ ਨੋਟਿਸਾਂ ਦਾ ਗੰਭੀਰ ਨੋਟਿਸ ਲੈਂਦਿਆਂ ਇਸ ਦਾ ਸਖ਼ਤ ਵਿਰੋਧ ਕੀਤਾ ਅਤੇ ਮੁਲਾਜ਼ਮਾਂ ਨਾਲ ਸਮਰਥਨ ਜਾਹਿਰ ਕਰਦਿਆਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।



ਇਸ ਮੀਟਿੰਗ ਵਿੱਚ ਇਹ ਵੀ ਫੈਸਲਾ ਹੋਇਆ ਕਿ ਸਟੇਜ ਰੋਜ਼ਾਨਾ ਚਾਰ ਘੰਟੇ ਦੇ ਕਰੀਬ ਚੱਲੇਗੀ ਜਿਸ ਵਿੱਚ ਸਮੁੱਚੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਸਮਾਂ ਮਿਲੇਗਾ। ਕਿਸਾਨ ਆਗੂ ਰੋਜ਼ਾਨਾ ਆਪਸੀ ਮੀਟਿੰਗ ਕਰਨਗੇ। ਦਿੱਲੀ ਦੀ ਤਰਜ਼ ਉੱਤੇ ਕਿਸਾਨ ਧਰਨੇ ਦੀ ਸਟੇਜ ਦਾ ਮੰਚ ਸੰਚਾਲਨ ਵੀ ਵੱਖੋ ਵੱਖਰੀਆਂ ਜਥੇਬੰਦੀਆਂ ਦੇ ਨੁਮਾਇੰਦੇ ਕਰਨਗੇ। ਕਿਸਾਨਾਂ ਦੀਆਂ ਦੋ ਕਿਲੋਮੀਟਰ ਤੋਂ ਵੱਧ ਦੂਰੀ ਤੱਕ ਖੜੀਆਂ ਟਰਾਲੀਆਂ ਵਿੱਚ ਮੰਜੇ ਕੁਰਸੀਆਂ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਅਤੇ ਕਿਸਾਨਾਂ ਵੱਲੋਂ ਥਾਂ ਥਾਂ ਲੰਗਰ ਲਾਉਣ ਅਤੇ ਲੰਗਰ ਬਣਾਉਣ ਲਈ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਕਈ ਥਾਵਾਂ ਉੱਤੇ ਚਾਹ ਅਤੇ ਪ੍ਰਸ਼ਾਦਿਆਂ ਦਾ ਲੰਗਰ ਵੀ ਚਾਲੂ ਹੋ ਗਿਆ ਹੈ। ਸਟੇਜ ਦੇ ਪੰਡਾਲ ਨੇੜੇ ਮੈਡੀਕਲ ਸਹੂਲਤ ਲਈ ਮੁਫਤ ਮੈਡੀਕਲ ਕੈਂਪ ਵੀ ਲਗਾਇਆ ਹੋਇਆ ਹੈ। ਮੁਹਾਲੀ ਪੁਲੀਸ ਵੀ ਕਿਸਾਨਾਂ ਦੇ ਧਰਨੇ ਅਤੇ ਟਰੈਕਟਰ ਟਰਾਲੀਆਂ ਦੇ ਇਰਦ ਗਿਰਦ ਵੱਡੀ ਮਾਤਰਾ ਵਿੱਚ ਤੈਨਾਤ ਹੈ।

ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਅਤੇ ਕਿਸਾਨ ਯੂਨੀਅਨ ਰਾਜੇਵਾਲ ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨੇ ਦੱਸਿਆ ਕਿ ਕਿਸਾਨਾਂ ਵਿੱਚ ਇਸ ਧਰਨੇ ਪ੍ਰਤੀ ਬੇਮਿਸਾਲ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੈਂਕੜੇ ਟਰਾਲੀਆਂ ਧਰਨੇ ਵਿੱਚ ਪਹੁੰਚ ਚੁੱਕੀਆਂ ਹਨ ਅਤੇ ਵੱਡੀ ਗਿਣਤੀ ਵਿੱਚ ਟਰਾਲੀਆਂ ਪੰਜਾਬ ਦੇ ਵੱਖ-ਵੱਖ ਕੋਨਿਆਂ ਤੋਂ ਅੱਜ ਸਵੇਰ ਤੋਂ ਚਲੀਆਂ ਹੋਈਆਂ ਹਨ ਜਿਹੜੀਆਂ ਕਿ ਸ਼ਾਮ ਤੱਕ ਇੱਥੇ ਪਹੁੰਚ ਜਾਣਗੀਆਂ।

ਰਾਜੇਵਾਲ ਨੇ ਦੱਸਿਆ ਕਿ ਉਗਰਾਹਾਂ ਜਥੇਬੰਦੀ ਤੋਂ ਇਲਾਵਾ ਸੰਯੁਕਤ ਕਿਸਾਨ ਮੋਰਚੇ ਹੇਠਲੀਆਂ ਬਾਕੀ ਸਾਰੀਆਂ ਜਥੇਬੰਦੀਆਂ ਇਸ ਧਰਨੇ ਵਿੱਚ ਸ਼ਮੂਲੀਅਤ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਕੌਮੀ ਆਗੂਆਂ ਨੂੰ ਇਸ ਧਰਨੇ ਵਿੱਚ ਆਉਣ ਦਾ ਕੋਈ ਸੱਦਾ ਨਹੀਂ ਦਿੱਤਾ ਗਿਆ ਪਰ ਜੇ ਕੋਈ ਆਗੂ ਇਸ ਵਿੱਚ ਸ਼ਮੂਲੀਅਤ ਕਰਦਾ ਹੈ ਤਾਂ ਉਸ ਨੂੰ ਬੋਲਣ ਦਾ ਮੌਕਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਸੀ ਆਗੂ ਨੂੰ ਇਸ ਧਰਨੇ ਵਿੱਚ ਭਾਸ਼ਣ ਦੇਣ ਲਈ ਸਮਾਂ ਨਹੀਂ ਦਿੱਤਾ ਜਾਵੇਗਾ।

ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਜੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਤਵੱਜੋ ਨਾ ਦਿੱਤੀ ਤਾਂ ਇਹ ਧਰਨਾ 7 ਸਤੰਬਰ ਤੋਂ ਅਗਾਂਹ ਵੀ ਵਧ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਤੇ ਨਿਰਭਰ ਕਰਦਾ ਹੈ ਕਿ ਉਹ ਸਾਨੂੰ ਇੱਥੋਂ ਕਦੋਂ ਉਠਾਉਂਦੇ ਹਨ।

ਬਲਬੀਰ ਸਿੰਘ ਰਾਜੇਵਾਲ ਨੇ 7 ਸਤੰਬਰ ਤੋਂ ਅੱਗੇ ਧਰਨਾ ਚਲਾਉਣ ਦੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਇਸ ਦਾ ਫੈਸਲਾ ਸੱਤ ਸਤੰਬਰ ਨੂੰ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਉਹ ਆਵਾਜਾਈ ਵਿੱਚ ਕੋਈ ਵਿਘਨ ਨਹੀਂ ਪੈਣ ਦੇਣਗੇ ਅਤੇ ਸੜਕ ਤੇ ਇੱਕ ਹਿੱਸੇ ਵਿੱਚ ਆਵਾਜਾਈ ਨੂੰ ਚਾਲੂ ਰੱਖਣ ਲਈ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦੇਣਗੇ। ਕਿਸਾਨ ਆਗੂਆਂ ਨੇ ਮੁਹਾਲੀ ਪ੍ਰਸ਼ਾਸਨ ਵੱਲੋਂ ਬਿਜਲੀ ਤੇ ਹੋਰ ਸਹੂਲਤਾਂ ਮੁਹਈਆ ਕਰਵਾਉਣ ਵਿੱਚ ਢਿੱਲ ਵਰਤਣ ਦਾ ਦੋਸ਼ ਵੀ ਲਾਇਆ। ਧਰਨੇ ਨੂੰ ਪ੍ਰੇਮ ਸਿੰਘ ਭੰਗੂ, ਹਰਮੀਤ ਸਿੰਘ ਕਾਦੀਆਂ, ਰਮਿੰਦਰ ਸਿੰਘ ਪਟਿਆਲਾ ਸਮੇਤ ਵੱਖ ਵੱਖ ਜਥੇਬੰਦੀਆਂ ਦੇ ਆਗੂ ਸੰਬੋਧਨ ਕਰ ਰਹੇ ਹਨ।

# ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ - ਕ੍ਰਿਸ਼ਨ ਬੇਦੀ

**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਕਿਹਾ ਕਿ ਅਨੁਸੂਚਿਤ ਜਾਤੀ ਭਲਾਈ ਲਈ ਵਿਸ਼ੇਸ਼ ਘਟਕ ਉਪ-ਯੋਜਨਾ ਗਠਨ ਬਿਲ ਵਿਚਾਰ ਅਧੀਨ ਹੈ।

ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਮਾਨਸੂਨ ਸੈਸ਼ਨ ਦੇ ਤੀਜੇ ਦਿਨ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੀ ਭਲਾਈ ਲਈ ਕਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦਾ ਲਾਭ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਸ੍ਰੀ ਬੇਦੀ ਨੇ ਕਿਹਾ ਕਿ ਸਾਲ 2023-24 ਦੌਰਾਨ ਅਨੁਸੂਚਿਤ ਜਾਤੀ ਲਈ ਅਲਾਟ ਕੀਤੇ ਬਜਟ ਦਾ 79 ਫ਼ੀਸਦੀ, 2024-25 ਵਿੱਚ 78 ਫ਼ੀਸਦੀ ਅਤੇ 2025-26 ਵਿੱਚ 71 ਫ਼ੀਸਦੀ ਖ਼ਰਚ ਕੀਤਾ ਗਿਆ ਹੈ। ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਅਨੁਸੂਚਿਤ ਜਾਤੀ ਦੇ ਪਰਿਵਾਰਾਂ ਨੂੰ 100 ਵਰਗ ਗਜ਼ ਦੇ ਪਲਾਟ ਦਿੱਤੇ ਹਨ, ਜਦੋਂ ਕਿ ਵਿਰੋਧ ਧਿਰ ਵੱਲੋਂ ਸਿਰਫ਼ ਘੋਸ਼ਣਾ ਕੀਤੀ ਗਈ ਸੀ। ਮੌਜੂਦਾ ਸਰਕਾਰ ਨੇ ਇਸ ਯੋਜਨਾ ਨੂੰ ਅਮਲੀ ਜਾਮਾ ਪਹਿਨਾਇਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਅਨੁਸੂਚਿਤ ਜਾਤੀ ਦੇ ਹਿੱਤ ਸੁਰੱਖਿਅਤ ਹਨ। ਸਰਕਾਰ ਅਨੁਸੂਚਿਤ ਵਰਗ ਦੀ ਭਲਾਈ ਲਈ ਕਾਰਜ ਕਰ ਰਹੀ ਹੈ।

ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਦੱਸਿਆ ਕਿ ਕੁਰੂਕਸ਼ੇਤਰ ਵਿਕਾਸ ਬੋਰਡ ਵੱਲੋਂ ਬ੍ਰਹਮ ਸਰੋਵਰ ਦੀ ਪੂਰਬੀ ਦਿਸ਼ਾ ਦੇ ਕੋਲ ਸਥਿਤ ਮੇਲਾ ਖੇਤਰ ਦੀ ਜ਼ਮੀਨ ਦੇ ਉਚਿਤ ਵਿਕਾਸ ਲਈ ਇੱਕ ਵਿਆਪਕ ਵਿਕਾਸ ਯੋਜਨਾ ਤਿਆਰ ਕਰਵਾਈ ਜਾਣੀ ਪ੍ਰਸਤਾਵਿਤ ਹੈ। ਮੇਲਾ ਖੇਤਰ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਕੁਰੂਕਸ਼ੇਤਰ ਦੇ ਸ਼ੁੰਦਰੀਕਰਨ, ਆਧਾਰਭੂਤ ਅਤੇ ਢਾਂਚਾਗਤ ਸਹੂਲਤਾਂ ਦੇ ਮਜ਼ਬੂਤੀਕਰਨ ਅਤੇ ਹੋਰ ਵਿਕਾਸ ਕਾਰਜਾਂ ਲਈ ਡਿਜ਼ਾਈਨ ਅਤੇ ਪਲਾਨਿੰਗ ਤਿਆਰ ਕਰਨ ਲਈ ਏਜੰਸੀ ਨੂੰ ਹਾਇਰ ਕਰਨ ਲਈ ਰੁਚੀ ਦੀ ਅਭਿਵਿਅਕਤੀ (Expression of Interest) ਸੱਦਾ ਦੇਣ ਦਾ ਕਾਰਜ ਪ੍ਰਕਿਰਿਆ ਅਧੀਨ ਹੈ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ ਨੇ ਹਰਿਆਣਾ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਵਿੱਚ ਥਾਨੇਸਰ ਦੇ ਵਿਧਾਇਕ ਸ੍ਰੀ ਅਸ਼ੋਕ ਕੁਮਾਰ ਅਰੋੜਾ ਦੁਆਰਾ ਪੁੱਛੇ ਗਏ ਪ੍ਰਸ਼ਨ ਦੇ ਉੱਤਰ ਵਿੱਚ ਇਹ ਜਾਣਕਾਰੀ ਦਿੱਤੀ। ਸ੍ਰੀ ਵਿਪੁਲ ਗੋਇਲ ਨੇ ਸਦਨ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਕਿ ਸਰਕਾਰ ਵੱਲੋਂ ਕੁਰੂਕਸ਼ੇਤਰ ਵਿਕਾਸ ਬੋਰਡ ਦੇ ਸੌਜੰਨ ਨਾਲ ਬ੍ਰਹਮ ਸਰੋਵਰ ਦੀ ਪੂਰਬੀ ਦਿਸ਼ਾ ’ਤੇ ਸਮੇਂ-ਸਮੇਂ ’ਤੇ ਲਗਭਗ 100 ਏਕੜ ਜ਼ਮੀਨ ਦੀ ਪ੍ਰਾਪਤੀ ਕੀਤੀ ਗਈ ਹੈ।

# ਪੰਜਾਬ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਤਿਆਰ : ਨਾਇਬ ਸਿੰਘ ਸੈਣੀ



**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੀ ਜਨਤਾ ਆਮ ਆਦਮੀ ਪਾਰਟੀ ਸਰਕਾਰ ਤੋਂ ਤੰਗ ਆ ਚੁੱਕੀ ਹੈ ਅਤੇ ਬਦਲਾਅ ਦਾ ਮਨ ਬਣਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਬਰਬਾਦ ਕਰਨ ਦਾ ਕੰਮ ਕੀਤਾ ਹੈ ਅਤੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਪਿਛਲੀ ਕਾਂਗਰਸ ਸਰਕਾਰ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਇਸ ਲਈ ਹੁਣ ਪੰਜਾਬ ਦੀ ਜਨਤਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਅਤੇ ਪੰਜਾਬ ਨੂੰ ਮਜ਼ਬੂਤ, ਵਿਕਸਿਤ ਅਤੇ ਸੁਸ਼ਾਸਿਤ ਸੂਬਾ ਬਣਾਉਣ ਦਾ ਸੰਕਲਪ ਲਿਆ ??। ਉਨ੍ਹਾਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਦੀ ਆਸਥਾ, ਸੱਭਿਆਚਾਰ ਅਤੇ ਸਨਮਾਨ ਦੀ ਰੱਖਿਆ ਕਰਦੇ ਹੋਏ ਸਾਰਿਆਂ ਨੂੰ ਮਿਲ ਕੇ ਸੂਬੇ ਨੂੰ ਵਿਕਾਸ ਅਤੇ ਸੁਸ਼ਾਸਨ ਦੇ ਰਸਤੇ ਉੱਤੇ ਅੱਗੇ ਲੈ ਕੇ ਜਾਣਾ ਹੋਵੇਗਾ।

ਮੁੱਖ ਮੰਤਰੀ ਅੰਮ੍ਰਿਤਸਰ ਦੇ ਬਾਬਾ ਬਕਾਲਾ ਸਾਹਿਬ ਵਿੱਚ ਆਯੋਜਿਤ ਮਹਾਂਸੰਮੇਲਨ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀ ਮਹਾਂਸੰਮੇਲਨ ਨੂੰ ਸੰਬੋਧਿਤ ਕੀਤਾ। ਮਹਾਂਸੰਮੇਲਨ ਵਿੱਚ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਅਤੇ ਆਮ ਲੋਕਾਂ ਨੇ ਹਿੱਸਾ ਲਿਆ।

ਮੁੱਖ ਮੰਤਰੀ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ ਅੰਮ੍ਰਿਤਸਰ ਅਤੇ ਬਾਬਾ ਬਕਾਲਾ ਸਾਹਿਬ ਦੀ ਪਵਿੱਤਰ ਧਰਤੀ ਨੂੰ ਨਮਨ ਕਰਦੇ ਹੋਏ ਕੀਤੀ। ਉਨ੍ਹਾਂ ਕਿਹਾ ਕਿ ਇਹ ਗੁਰੂਆਂ ਦੀ ਉਹ ਪਵਿੱਤਰ ਧਰਤੀ ਹੈ, ਜਿੱਥੇ ਇਤਿਹਾਸ ਸਿਰਫ ਲਿਖਿਆ ਨਹੀਂ ਗਿਆ, ਸਗੋਂ ਰਚਿਆ ਗਿਆ ??। ਇਹ ਬਾਬਾ ਬਕਾਲਾ ਸਾਹਿਬ ਦੀ ਉਹ ਪਵਿੱਤਰ ਧਰਤੀ ਹੈ, ਜਿੱਥੇ ਅਨੇਕਾਂ ਦਾਅਵੇਦਾਰਾਂ ਦੇ ਵਿਚਕਾਰ ਇੱਕ ਸੱਚੇ ਗੁਰੂ ਦੀ ਪਛਾਣ ਹੋਈ ਸੀ। ਇੱਥੇ ਭਾਈ ਮੱਖਣ ਸ਼ਾਹ ਲੁਬਾਣਾ ਨੇ ਸੱਚ ਨੂੰ ਪਛਾਣਿਆ ਅਤੇ ਗੁਰੂ ਲਾਧੋ ਰੇ ਦਾ ਉਦਘੋਸ਼ ਕੀਤਾ। ਇਸੇ ਪਵਿੱਤਰ ਧਰਤੀ ਉੱਤੇ ਖੜ੍ਹੇ ਹੋ ਕੇ ਉਨ੍ਹਾਂ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਾਂ ਵਿੱਚ ਕੋਟਿ-ਕੋਟਿ ਨਮਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸਾਲ 1664 ਵਿੱਚ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ 'ਬਾਬਾ ਬਕਾਲੇ' ਕਹਿ ਕੇ ਆਪਣੇ ਉੱਤਰਾਧਿਕਾਰੀ ਦਾ ਸੰਕੇਤ ਦਿੱਤਾ ਸੀ। ਇਸ ਘਟਨਾ ਨੇ ਸਮਾਜ ਨੂੰ ਇਹ ਸੰਦੇਸ਼ ਦਿੱਤਾ ਕਿ ਸੱਚੇ ਅਗਵਾਈ ਦੀ ਪਛਾਣ ਉਸ ਦੇ ਚਰਿੱਤਰ ਤੋਂ ਹੁੰਦੀ ਹੈ ਅਤੇ ਸੱਚ ਕੁਝ ਸਮੇਂ ਲਈ ਢੱਕ ਸਕਦਾ ਹੈ, ਪਰ ਅੰਤ ਵਿੱਚ ਪ੍ਰਕਾਸ਼ ਬਣ ਕੇ ਸਾਹਮਣੇ ਆਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਿਕ ਅਤੇ ਕ੍ਰਾਂਤੀਕਾਰੀ ਧਰਤੀ @ਤੇ ਲੋਕਾਂ ਵਿਚਕਾਰ ਆ ਕੇ ਅਜਿਹਾ ਮਹਿਸੂਸ ਹੋ ਰਿਹਾ ਹੈ ਜਿਵੇਂ ਉਹ ਕਿਸੇ ਰਾਜਨੀਤਿਕ ਆਯੋਜਨ ਵਿੱਚ ਨਹੀਂ, ਸਗੋਂ ਆਪਣੇ ਪਰਿਵਾਰ ਦੇ ਵਿਚਕਾਰ ਆਏ ਹਨ। ਉਨ੍ਹਾਂ ਕਿਹਾ ਕਿ ਇਹ ਆਤਮੀਅਤਾ ਸਿਰਫ ਮਿਲਣ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਇਸ ਨੂੰ ਪੰਜਾਬ ਪ੍ਰਤੀ ਜ਼ਿੰਮੇਵਾਰੀ ਦੇ ਸੰਕਲਪ ਵਿੱਚ ਬਦਲਣਾ ਹੋਵੇਗਾ। ਮੌਜੂਦਾ ਸਮਾਂ ਸਾਡੇ ਤੋਂ ਇਹ ਸਵਾਲ ਪੁੱਛ ਰਿਹਾ ਹੈ ਕਿ ਪੰਜਾਬ ਨੂੰ ਸੱਚੀ ਰਾਜਨੀਤੀ, ਸੱਚਾ ਵਾਅਦਾ ਅਤੇ ਸੱਚੀ ਸਰਕਾਰ ਕੌਣ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਇੱਥੇ ਸਿਰਫ ਇੱਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਨਹੀਂ, ਸਗੋਂ ਪੰਜਾਬ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਸੰਕਲਪ ਲੈਣ ਆਏ ਹਾਂ।

**ਪੰਜਾਬ ਦੀ ਆਸਥਾ, ਕਿਸਾਨਾਂ ਦੀ ਮਿਹਨਤ, ਨੌਜਵਾਨਾਂ ਦੇ ਭਵਿੱਖ ਅਤੇ ਭੈਣ-ਬੇਟੀਆਂ ਦੇ ਸਨਮਾਨ ਦੀ ਰੱਖਿਆ ਸਾਡਾ ਸੰਕਲਪ - ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਆਸਥਾ ਦੀ ਰੱਖਿਆ, ਕਿਸਾਨਾਂ ਦੀ ਮਿਹਨਤ ਦੀ ਰੱਖਿਆ, ਨੌਜਵਾਨਾਂ ਦੇ ਭਵਿੱਖ ਦੀ ਰੱਖਿਆ, ਭੈਣ-ਬੇਟੀਆਂ ਦੇ ਸਨਮਾਨ ਦੀ ਰੱਖਿਆ ਅਤੇ ਦੇਸ਼ ਦੀ ਸਰਹੱਦ @ਤੇ ਵਸੇ ਮਾਝਾ ਦੀ ਸੁਰੱਖਿਆ ਹੀ ਅੱਜ ਭਾਰਤੀ ਜਨਤਾ ਪਾਰਟੀ ਦਾ ਰੱਖਿਆ-ਸੰਕਲਪ ਹੈ। ਉਨ੍ਹਾਂ ਕਿਹਾ ਕਿ ਮਾਂ-ਭੈਣਾਂ ਦੀ ਰੱਖਿਆ ਅਤੇ ਸੁਰੱਖਿਆ ਕੇਵਲ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰੇਕ ਵਿਅਕਤੀ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਮਾਝਾ ਦੀ ਧਰਤੀ ਵੀਰਤਾ, ਪਰਾਕ੍ਰਮ, ਸ਼ਹਾਦਤ ਅਤੇ ਕਿਸਾਨ ਸ਼ਕਤੀ ਦੀ ਧਰਤੀ ਹੈ। ਇੱਥੇ ਦੇ ਲੋਕਾਂ ਨੇ ਦੇਸ਼ ਦੀ ਰੱਖਿਆ ਅਤੇ ਰਾਸ਼ਟਰ ਨਿਰਮਾਣ ਵਿੱਚ ਹਮੇਸ਼ਾ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਪੰਜਾਬ ਸਿਰਫ ਇੱਕ ਸੂਬਾ ਨਹੀਂ, ਸਗੋ ਦੇਸ਼ ਦੀ ਆਸਥਾ, ਸੱਭਿਆਚਾਰ ਅਤੇ ਮਾਣ ਦਾ ਮਹੱਤਵਪੂਰਨ ਕੇਂਦਰ ਹੈ। ਉਨ੍ਹਾਂ ਕਿਹਾ, ਅਸੀਂ ਪੰਜਾਬ ਦੀ ਆਸਥਾ ਦੀ ਰੱਖਿਆ ਕਰਨ ਲਈ ਆਏ ਹਾਂ ਅਤੇ ਪੰਜਾਬ ਦੇ ਸਨਮਾਨ ਨੂੰ ਅੱਗੇ ਵਧਾਉਣ ਲਈ ਮਿਲ ਕੇ ਕੰਮ ਕਰਾਂਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੇ ਲੋਕਾਂ ਵਿਚਕਾਰ ਸਦੀਆਂ ਪੁਰਾਣਾ ਭਾਈਚਾਰਾ ਹੈ। ਦੋਵਾਂ ਸੂਬਿਆਂ ਦੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਭਾਵਨਾਵਾਂ ਇੱਕ-ਦੂਜੇ ਨਾਲ ਡੂੰਘਾਈ ਨਾਲ ਜੁੜੀਆਂ ਹੋਈਆਂ ਹਨ। ਉਨ੍ਹਾਂ ਅਪੀਲ ਕੀਤਾ ਕਿ ਸਾਰਿਆਂ ਨੂੰ ਮਿਲ ਕੇ ਅੱਗੇ ਵਧਣਾ ਹੈ ਅਤੇ ਪੰਜਾਬ ਨੂੰ ਵਿਕਾਸ, ਸੁਸ਼ਾਸਨ ਅਤੇ ਖੁਸ਼ਹਾਲੀ ਦੇ ਰਸਤੇ @ਤੇ ਲੈ ਕੇ ਜਾਣਾ ਹੈ।

**ਆਪ ਸਰਕਾਰ ਨੇ ਪੰਜਾਬ ਦੀ ਜਨਤਾ ਨਾਲ ਕੀਤੇ ਵਾਦਿਆਂ ਤੋਂ ਮੋੜਿਆ ਮੂੰਹ**

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ @ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਲਗਭਗ ਸਾਢੇ ਚਾਰ ਸਾਲਾਂ ਵਿੱਚ ਆਪ ਸਰਕਾਰ ਨੇ ਜਨਤਾ ਨਾਲ ਕੀਤੇ ਵਾਦਿਆਂ ਤੋਂ ਮੂੰਹ ਮੋੜ ਲਿਆ ਅਤੇ ਪੰਜਾਬ ਨੂੰ ਭ੍ਰਿਸ਼ਟਾਚਾਰ ਦੇ ਦਲਦਲ ਵਿੱਚ ਧੱਕ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਨੀਤੀ ਅਤੇ ਨੀਅਤ ਠੀਕ ਨਹੀਂ ਹੈ। ਅੱਜ ਪੰਜਾਬ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਹਰ ਕਾਰਜ ਦੇ ਰੇਟ ਨਿਰਧਾਰਤ ਕਰ ਦਿੱਤੇ ਗਏ ਹਨ ਅਤੇ ਬਿਨਾਂ ਪੈਸੇ ਦੇ ਕੋਈ ਕੰਮ ਨਹੀਂ ਹੁੰਦਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਜਿਸ ਉਮੀਦ ਅਤੇ ਵਿਸ਼ਵਾਸ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਸਰਕਾਰ ਉਸ ਵਿਸ਼ਵਾਸ @ਤੇ ਖਰੀ ਨਹੀਂ ਉਤਰੀ। ਜਨਤਾ ਹੁਣ ਸਰਕਾਰ ਦੇ ਕੰਮਕਾਜ ਨੂੰ ਚੰਗੀ ਤਰ੍ਹਾਂ ਸਮਝ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮਹਿਸੂਸ ਹੋ ਰਿਹਾ ਹੈ ਕਿ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਮੌਜੂਦਾ ਸਰਕਾਰ ਪਿਛਲੀ ਕਾਂਗਰਸ ਸਰਕਾਰ ਤੋਂ ਵੀ ਅੱਗੇ ਨਿਕਲ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਕੰਮ ਵਿਵਸਥਾ ਬਣਾਉਣਾ, ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਅਤੇ ਆਮ ਨਾਗਰਿਕ ਨੂੰ ਸਹੂਲਤਾਂ ਉਪਲਬਧ ਕਰਵਾਉਣਾ ਹੈ, ਨਾ ਕਿ ਜਨਤਾ ਨੂੰ ਪਰੇਸ਼ਾਨ ਕਰਨਾ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੀ ਜਨਤਾ ਤੋਂ ਜੋ ਅਨੇਕ ਵਾਦੇ ਕੀਤੇ ਸਨ, ਇਨ੍ਹਾਂ ਵਿੱਚੋਂ ਕਿੰਨੇ ਪੂਰੇ ਕੀਤੇ ਗਏ, ਇਹ ਪੰਜਾਬ ਦੀ ਜਨਤਾ ਦੇ ਸਾਹਮਣੇ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਇੱਕੋ ਥੈਲੀ ਦੇ ਚੱਟੇ-ਵੱਟੇ ਹਨ।

**ਐਕਸਾਈਜ਼ ਇੰਸਪੈਕਟਰ ਭਰਤੀ ਨੂੰ ਲੈ ਕੇ ਵੀ ਆਪ ਸਰਕਾਰ @ਤੇ ਸਾਧਿਆ ਨਿਸ਼ਾਨਾ**

ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਪਿਛਲੇ ਦਿਨੀਂ ਐਕਸਾਈਜ਼ ਇੰਸਪੈਕਟਰ ਦੀ ਭਰਤੀ ਵਿੱਚ ਸਿਰਫ ਚਹੇਤਿਆਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਅਤੇ ਗ਼ਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਰੁਜ਼ਗਾਰ ਦੇ ਮੌਕਿਆਂ ਤੋਂ ਦੂਰ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਜਵਾਨ ਬੇਰੁਜ਼ਗਾਰੀ ਦੀ ਮਾਰ ਝੱਲ ਰਹੇ ਹਨ ਅਤੇ ਉਨ੍ਹਾਂ ਨੇ ਆਮ ਆਦਮੀ ਪਾਰਟੀ ਸਰਕਾਰ ਤੋਂ ਰੁਜ਼ਗਾਰ ਦੀਆਂ ਵੱਡੀਆਂ ਉਮੀਦਾਂ ਲਗਾਈਆਂ ਸਨ। ਉਨ੍ਹਾਂ ਪੰਜਾਬ ਸਰਕਾਰ ਤੋਂ ਸਵਾਲ ਕੀਤਾ ਕਿ ਸੱਤਾ ਵਿੱਚ ਆਉਣ ਤੋਂ ਬਾਅਦ ਹੁਣ ਤੱਕ ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਗਿਆ ਹੈ।

ਇਸ ਦੇ ਉਲਟ ਹਰਿਆਣਾ ਸਰਕਾਰ ਦੀਆਂ ਉਪਲਬਧੀਆਂ ਦਾ ਵਰਨਣ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਨੌਜਵਾਨਾਂ ਨੂੰ ਪਾਰਦਰਸ਼ੀ ਢੰਗ ਨਾਲ ਬਿਨਾਂ ਖਰਚੀ-ਬਿਨਾਂ ਪਰਚੀ ਅਤੇ ਬਿਨਾਂ ਕਿਸੇ ਭੇਦਭਾਵ ਦੇ ਮੈਰਿਟ ਦੇ ਆਧਾਰ @ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਹਰਿਆਣਾ ਵਿੱਚ ਹੁਣ ਤੱਕ 2 ਲੱਖ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਜਿਮੇਵਾਰੀ ਜਨਹਿਤੈਸ਼ੀ ਅਤੇ ਜਨਭਲਾਈਕਾਰੀ ਯੋਜਨਾਵਾਂ ਨੂੰ ਲਾਗੂ ਕਰ ਕੇ ਲੋਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਿਆਉਣਾ ਹੈ। ਹਰਿਆਣਾ ਸਰਕਾਰ ਨੇ ਅਨੇਕ ਜਨਭਲਾਈਕਾਰੀ ਯੋਜਨਾਵਾਂ ਰਾਹੀਂ ਲੋਕਾਂ ਦੇ ਆਰਥਿਕ ਅਤੇ ਸਮਾਜਿਕ ਜੀਵਨ ਵਿੱਚ ਵਿਆਪਕ ਬਦਲਾਅ ਲਿਆਉਣ ਦਾ ਕੰਮ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ @ਤੇ ਹਰਿਆਣਾ ਦੇ ਸਫਲ ਜਨਭਲਾਈਕਾਰੀ ਮਾਡਲਾਂ ਨੂੰ ਪੰਜਾਬ ਵਿੱਚ ਵੀ ਲਾਗੂ ਕੀਤਾ ਜਾਵੇਗਾ, ਤਾਂ ਜੋ ਸੂਬੇ ਦਾ ਸੁਰੱਖਿਅਤ ਅਤੇ ਸਮੁੱਚਾ ਵਿਕਾਸ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਭਾਜਪਾ ਸਰਕਾਰ ਨੇ ਸਿਰਫ 18 ਮਹੀਨਿਆਂ ਦੇ ਕਾਰਜਕਾਲ ਵਿੱਚ ਆਪਣੇ ਸੰਕਲਪ ਪੱਤਰ ਦੇ 217 ਸੰਕਲਪਾਂ ਵਿੱਚੋਂ 70 ਨੂੰ ਸਫਲਤਾਪੂਰਵਕ ਪੂਰਾ ਕਰ ਲਿਆ ਹੈ ਅਤੇ ਬਾਕੀ ਸੰਕਲਪਾਂ @ਤੇ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ 1 ਲੱਖ 80 ਹਜ਼ਾਰ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ ਸਿਰਫ 500 ਰੁਪਏ ਵਿੱਚ ਗੈਸ ਸਿਲੰਡਰ ਉਪਲਬਧ ਕਰਵਾਇਆ ਜਾ ਰਿਹਾ ??ਅਤੇ ਇਸ ਯੋਜਨਾ ਤਹਿਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਹੁਣ ਤੱਕ 300 ਕਰੋੜ ਰੁਪਏ ਤੋਂ ਵੱਧ ਦੀ ਰਕਮ ਸਿੱਧੀ ਟਰਾਂਸਫਰ ਕੀਤੀ ਜਾ ਚੁੱਕੀ ਹੈ।

**ਲਾਡੋ ਲੱਛਮੀ ਯੋਜਨਾ ਤਹਿਤ ਮਹਿਲਾਵਾਂ ਨੂੰ 2,100 ਰੁਪਏ ਦੀ ਆਰਥਿਕ ਸਹਾਇਤਾ**

ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਆਰਥਿਕ ਤੌਰ @ਤੇ ਸਸ਼ਕਤ ਬਣਾਉਣ ਲਈ ਲਾਡੋ ਲੱਛਮੀ ਯੋਜਨਾ ਤਹਿਤ 2,100 ਰੁਪਏ ਦੀ ਆਰਥਿਕ ਸਹਾਇਤਾ ਯਕੀਨੀ ਬਣਾਉਣ ਲਈ ਹਰਿਆਣਾ ਸਰਕਾਰ ਨੇ ਬਜਟ ਵਿੱਚ 5,000 ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਸੀ, ਜਿਸ ਵਿੱਚੋਂ ਹੁਣ ਤੱਕ ਮਹਿਲਾਵਾਂ ਦੇ ਖਾਤਿਆਂ ਵਿੱਚ 2,000 ਕਰੋੜ ਰੁਪਏ ਤੋਂ ਵੱਧ ਦੀ ਰਕਮ ਭੇਜੀ ਜਾ ਚੁੱਕੀ ਹੈ। ਉਨ੍ਹਾਂ ਆਮ ਆਦਮੀ ਪਾਰਟੀ ਨੂੰ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤੇ ਵਾਦਿਆਂ @ਤੇ ਘੇਰਦਿਆਂ ਕਿਹਾ ਕਿ ਪਾਰਟੀ ਨੇ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਸਮੇਤ ਅਨੇਕ ਵੱਡੇ ਵਾਦੇ ਕੀਤੇ ਸਨ, ਪਰ ਅੱਜ ਵੀ ਮਹਿਲਾਵਾਂ ਉਨ੍ਹਾਂ ਵਾਦਿਆਂ ਦੇ ਪੂਰਾ ਹੋਣ ਦਾ ਇੰਤਜ਼ਾਰ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਸਰਕਾਰਾਂ ਜੋ ਕਹਿੰਦੀਆਂ ਹਨ, ਉਸ ਨੂੰ ਪੂਰਾ ਕਰਨ ਲਈ ਕੰਮ ਕਰਦੀਆਂ ਹਨ ਅਤੇ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਦੇ ਕੇਂਦਰ ਵਿੱਚ ਆਮ ਨਾਗਰਿਕ ਰਹਿੰਦਾ ਹੈ।

**ਕਿਸਾਨਾਂ ਦੀ ਪੂਰੀ ਫਸਲ ਐਮ.ਐਸ.ਪੀ. @ਤੇ ਖਰੀਦ ਰਿਹਾ ਹਰਿਆਣਾ - ਮੁੱਖ ਮੰਤਰੀ**

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਅਜਿਹਾ ਰਾਜ ਹੈ, ਜਿੱਥੇ ਕਿਸਾਨਾਂ ਦੀ ਪੂਰੀ ਫਸਲ ਐਮ.ਐਸ.ਪੀ. @ਤੇ ਖਰੀਦੀ ਜਾਂਦੀ ਹੈ ਅਤੇ 48 ਘੰਟਿਆਂ ਦੇ ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਭੁਗਤਾਨ ਯਕੀਨੀ ਬਣਾਇਆ ਜਾਂਦਾ ਹੈ। ਫਸਲ ਨੁਕਸਾਨ ਦੇ ਮੁਆਵਜ਼ੇ ਵਜੋ ਕਿਸਾਨਾਂ ਦੇ ਖਾਤਿਆਂ ਵਿੱਚ 1,600 ਕਰੋੜ ਰੁਪਏ ਤੋਂ ਵੱਧ ਦੀ ਰਕਮ ਭੇਜੀ ਗਈ ਹੈ। ਇਸ ਤੋਂ ਇਲਾਵਾ ਸਬਜ਼ੀ ਉਤਪਾਦਕ ਕਿਸਾਨਾਂ ਨੂੰ ਭਾਵਾਂਤਰ ਭਰਪਾਈ ਯੋਜਨਾ ਤਹਿਤ ਨੁਕਸਾਨ ਦੀ ਭਰਪਾਈ ਕੀਤੀ ਜਾ ਰਹੀ ਹੈ।_ਖ ਮੰਤਰੀ ਨੇ ਕਿਹਾ ਕਿ ਪੂਰੇ ਹਰਿਆਣਾ ਵਿੱਚ ਕਿਡਨੀ ਦੇ ਮਰੀਜ਼ਾਂ ਲਈ ਮੁਫਤ ਡਾਇਲਸਿਸ ਦੀ ਸਹੂਲਤ ਉਪਲਬਧ ਕਰਵਾਈ ਗਈ ਹੈ ਅਤੇ 2 ਲੱਖ ਤੋਂ ਵੱਧ ਮਰੀਜ਼ਾਂ ਨੂੰ ਬਿਨਾਂ ਕਿਸੇ ਨਿੱਜੀ ਖਰਚ ਦੇ ਇਸ ਦਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 42 ਲੱਖ ਪਰਿਵਾਰਾਂ ਦੇ ਆਯੁਸ਼ਮਾਨ ਅਤੇ ਚਿਰਾਯੂ ਕਾਰਡ ਬਣਾਏ ਗਏ ਹਨ ਅਤੇ ਸਰਕਾਰ ਇਸ ਯੋਜਨਾ ਤਹਿਤ ਹੁਣ ਤੱਕ 4,500 ਕਰੋੜ ਰੁਪਏ ਖਰਚ ਕਰ ਚੁੱਕੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬੇਘਰ ਲੋਕਾਂ ਨੂੰ ਆਵਾਸ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਵੀ ਸਰਕਾਰ ਨੇ ਮਹੱਤਵਪੂਰਨ ਕੰਮ ਕੀਤਾ ਹੈ। ਸੂਬੇ ਵਿੱਚ 1 ਲੱਖ 60 ਹਜ਼ਾਰ ਤੋਂ ਵੱਧ ਮਕਾਨ ਬਣਾ ਕੇ ਲਾਭਪਾਤਰੀਆਂ ਨੂੰ ਉਨ੍ਹਾਂ ਦੀਆਂ ਚਾਬੀਆਂ ਸੌਂਪੀਆਂ ਗਈਆਂ ਹਨ। ਇਸ ਦੇ ਨਾਲ ਹੀ ਭੂਮੀਹੀਣ ਪਰਿਵਾਰਾਂ ਨੂੰ ਪਿੰਡਾਂ ਵਿੱਚ 100 ਗਜ਼ ਅਤੇ ਸ਼ਹਿਰਾਂ ਵਿੱਚ 30 ਗਜ਼ ਦੇ ਪਲਾਟ ਉਪਲਬਧ ਕਰਵਾਏ ਗਏ ਹਨ ਅਤੇ ਉਨ੍ਹਾਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਨਾਲ ਜੋੜਿਆ ਗਿਆ ਹੈ, ਤਾਕਿ ਉਨ੍ਹਾਂ ਦੇ ਪੱਕੇ ਮਕਾਨ ਬਣਾਏ ਜਾ ਸਕਣ।

# ਸਹਾਇਕ ਉਪਕਰਨ ਮੁਹੱਈਆ ਕਰਨ ਲਈ ਮੁਲਾਂਕਣ ਕੈਂਪ



**ਰਤੀਆ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿਵਿਆਂਗ ਅਤੇ ਬਜ਼ੁਰਗਾਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਸਹਾਇਕ ਉਪਕਰਨ ਅਤੇ ਨਕਲੀ ਅੰਗ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸਥਾਨਕ ਭਾਈਚਾਰਕ ਕੇਂਦਰ ਵਿੱਚ ਮੁਲਾਂਕਣ ਕੈਂਪ ਲਾਇਆ ਗਿਆ। ਕੈਂਪ ਦੌਰਾਨ ਰਤੀਆ ਦੇ 80 ਤੋਂ ਵੱਧ ਦਿਵਿਆਂਗ ਅਤੇ ਬਜ਼ੁਰਗ ਪੁੱਜੇ। ਕੈਂਪ ਵਿੱਚ ਭਾਰਤੀ ਨਕਲੀ ਅੰਗ ਨਿਰਮਾਣ ਨਿਗਮ ਲਿਮਟਿਡ (ਐਲਿਮਕੋ), ਮੁਹਾਲੀ ਦੀ ਟੀਮ ਨੇ ਲਾਭਪਾਤਰੀਆਂ ਦੀ ਜਾਂਚ ਕੀਤੀ ਗਈ। ਟੀਮ ਵਿੱਚ ਅਮਨਦੀਪ ਸ਼ਰਮਾ, ਸ਼ੁਭਮ ਕੁਮਾਰ ਅਤੇ ਮੋਹਿਤ ਕੁਮਾਰ ਸਣੇ ਹੋਰ ਮਾਹਿਰ ਸ਼ਾਮਲ ਸਨ।

ਮੁਲਾਂਕਣ ਦੇ ਆਧਾਰ 'ਤੇ ਯੋਗ ਲਾਭਪਾਤਰੀਆਂ ਨੂੰ ਬੈਟਰੀ ਨਾਲ ਚੱਲਣ ਵਾਲੀਆਂ ਤਿੰਨ-ਪਹੀਆ ਗੱਡੀਆਂ, ਤਿੰਨ-ਪਹੀਆ ਸਾਈਕਲਾਂ, ਪਹੀਏਦਾਰ ਕੁਰਸੀਆਂ, ਸੁਣਨ ਵਾਲੇ ਯੰਤਰ, ਫਾਹੁੜੀਆਂ, ਮੋੜ ਕੇ ਰੱਖੇ ਜਾ ਸਕਣ ਵਾਲੇ ਸਹਾਰਾ-ਵਾਕਰ, ਪਖਾਨੇ ਵਾਲੀਆਂ ਕੁਰਸੀਆਂ ਅਤੇ ਹੋਰ ਲੋੜੀਂਦੇ ਸਹਾਇਕ ਉਪਕਰਨ ਮੁਹੱਈਆ ਕਰਵਾਏ ਜਾਣਗੇ। ਇਸ ਤੋਂ ਇਲਾਵਾ ਜਿਨ੍ਹਾਂ ਲਾਭਪਾਤਰੀਆਂ ਨੂੰ ਨਕਲੀ ਅੰਗਾਂ ਦੀ ਲੋੜ ਹੈ, ਉਨ੍ਹਾਂ ਨੂੰ ਵੀ ਮੁਲਾਂਕਣ ਅਨੁਸਾਰ ਸਹੂਲਤ ਦਿੱਤੀ ਜਾਵੇਗੀ।

ਰੈੱਡ ਕਰਾਸ ਦੇ ਸਕੱਤਰ ਰਵੀ ਹੁੱਡਾ ਨੇ ਕਿਹਾ ਕਿ ਦਿਵਿਆਂਗਤਾ ਕਿਸੇ ਵੀ ਵਿਅਕਤੀ ਦੀ ਜ਼ਿੰਦਗੀ ਵਿੱਚ ਅੱਗੇ ਵਧਣ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਜੇ ਲੋੜਵੰਦ ਨੂੰ ਉਸ ਦੀ ਸਰੀਰਕ ਲੋੜ ਮੁਤਾਬਕ ਢੁੱਕਵਾਂ ਸਹਾਇਕ ਉਪਕਰਨ ਜਾਂ ਨਕਲੀ ਅੰਗ ਮਿਲ ਜਾਵੇ ਤਾਂ ਉਹ ਰੋਜ਼ਾਨਾ ਦੇ ਕੰਮ ਵਧੇਰੇ ਸੁਖਾਲੇ ਢੰਗ ਨਾਲ ਕਰ ਸਕਦਾ ਹੈ। ਇਸ ਮੌਕੇ ਰੈੱਡ ਕਰਾਸ ਸੁਸਾਇਟੀ ਦੇ ਸੁਰਿੰਦਰ ਚੁੱਘ, ਜ਼ਿਲ੍ਹਾ ਸਿਖਲਾਈ ਅਧਿਕਾਰੀ ਦਲਬੀਰ ਸਿੰਘ, ਲੇਖਾਕਾਰ ਰਾਕੇਸ਼ ਕੁਮਾਰ, ਮਨੋਜ ਕੁਮਾਰ, ਦਇਆਨੰਦ ਸਿਹਾਗ, ਜਨਕਰਾਜ ਅਤੇ ਸਮਾਜ ਸੇਵੀ ਹੈਪੀ ਸਿੰਘ ਸੇਠੀ ਸਣੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਲੋਕਾਂ ਨੂੰ ਵਾਤਾਵਰਨ ਸੰਭਾਲ ਲਈ ਪ੍ਰੇਰਿਆ



**ਰਤੀਆ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਿੰਡ ਭਰਪੂਰ ਵਿੱਚ ਭਾਜਪਾ ਆਗੂ ਵੇਦ ਫੁਲਾਂ ਅਤੇ ਹਰਿਆਣਾ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਬਲਦੇਵ ਗਰੋਹਾ ਦਾ ਪਿੰਡ ਪੁੱਜਣ 'ਤੇ ਸਵਾਗਤ ਕੀਤਾ ਗਿਆ। ਇਸ ਮੌਕੇ ਦੋਵਾਂ ਆਗੂਆਂ ਨੇ ਬੂਟੇ ਲਾ ਕੇ ਵਾਤਾਵਰਨ ਦੀ ਸੰਭਾਲ ਦਾ ਸੁਨੇਹਾ ਦਿੱਤਾ। ਇਸ ਮੌਕੇ ਸ੍ਰੀ ਫੁਲਾਂ ਅਤੇ ਸ੍ਰੀ ਗਰੋਹਾ ਨੇ ਕਿਹਾ ਕਿ ਵਾਤਾਵਰਨ ਦੀ ਸੰਭਾਲ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਸਿਰਫ਼ ਬੂਟੇ ਲਗਾਉਣਾ ਹੀ ਕਾਫ਼ੀ ਨਹੀਂ, ਸਗੋਂ ਲਾਏ ਬੂਟਿਆਂ ਦੀ ਦੇਖਭਾਲ ਕਰਨਾ ਵੀ ਜ਼ਰੂਰੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਪ੍ਰੇਰਿਤ ਕੀਤਾ। ਆਗੂਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੱਦਾ ਦਿੰਦਿਆਂ ਕਿਹਾ ਕਿ ਨਸ਼ਾ ਵਿਅਕਤੀ ਦੇ ਨਾਲ-ਨਾਲ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਨਸ਼ਿਆਂ ਵਿਰੁੱਧ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਉਸਾਰੂ ਗਤੀਵਿਧੀਆਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਸ੍ਰੀ ਵੇਦ ਫੁਲਾਂ ਨੇ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਅਤੇ ਜਨਹਿੱਤ ਨਾਲ ਸਬੰਧਤ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ। ਸਮਾਗਮ ਦੌਰਾਨ ਪਿੰਡ ਭਰਪੂਰ ਦੇ ਬਜ਼ੁਰਗਾਂ ਵੱਲੋਂ ਵੇਦ ਫੁਲਾਂ ਨੂੰ ਪੱਗ ਬੰਨ੍ਹ ਕੇ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਦੇ ਸਰਪੰਚ ਦਿਨੇਸ਼ ਭਾਰਤੀ ਨੇ ਬਲਦੇਵ ਗਰੋਹਾ ਨੂੰ ਪੱਗ ਪਹਿਨਾ ਕੇ ਸਨਮਾਨ ਦਿੱਤਾ।

ਇਸ ਮੌਕੇ ਭਰਪੂਰ ਦੇ ਸਰਪੰਚ ਦਿਨੇਸ਼ ਭਾਰਤੀ, ਪਿੰਡ ਬਰੋਟਾ ਦੇ ਸਰਪੰਚ ਮੁਕੇਸ਼ ਕੁਮਾਰ, ਪਿੰਡ ਫੁਲਾਂ ਦੇ ਸਰਪੰਚ ਸੁਨੀਲ ਕੁਮਾਰ ਆਦਿ ਹਾਜ਼ਰ ਸਨ।

# ਹੁੱਡਾ ਨਾਲ ਧੱਕਾਮੁੱਕੀ ਚਿੰਤਾ ਦਾ ਵਿਸ਼ਾ: ਤਿਆਗੀ



**ਯਮੁਨਾਨਗਰ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸੀ ਆਗੂ ਰਮਨ ਤਿਆਗੀ ਨੇ ਆਪਣੇ ਦਫ਼ਤਰ ਵਿੱਚ ਪਾਰਟੀ ਦੇ ਕਾਰਕੁਨਾਂ ਨਾਲ ਮੀਟਿੰਗ ਕੀਤੀ। ਬੈਠਕ ਵਿੱਚ ਸੂਬੇ ਦੀ ਰਾਜਨੀਤਕ ਸਥਿਤੀ, ਸੰਗਠਨ ਨੂੰ ਮਜ਼ਬੂਤ ਕਰਨ ਅਤੇ ਜਨਤਕ ਹਿੱਤਾਂ ਦੇ ਮੁੱਦੇ ਹੱਲ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਕਾਰਕੁਨਾਂ ਨੇ ਇਕਜੁੱਟ ਹੋਣ ਅਤੇ ਜਨਤਾ ਦੀਆਂ ਸਮੱਸਿਆਵਾਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਦਾ ਵਾਅਦਾ ਕੀਤਾ। ਇਸ ਮੌਕੇ ਕਈ ਆਗੂ ਕਾਂਗਰਸ 'ਚ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਰਮਨ ਤਿਆਗੀ ਨੇ ਸਾਬਕਾ ਮੁੱਖ ਮੰਤਰੀ ਅਤੇ ਹਰਿਆਣਾ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਨਾਲ ਹੋਈ ਕਥਿਤ ਧੱਕਾਮੁੱਕੀ 'ਤੇ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਸੀਨੀਅਰ ਵਿਰੋਧੀ ਨੇਤਾ ਨਾਲ ਅਜਿਹਾ ਵਿਹਾਰ ਗ਼ਲਤ ਹੈ। ਜਨਤਕ ਮੁੱਦੇ ਉਠਾਉਣ ਵਾਲੇ ਨੇਤਾਵਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਇ, ਸਰਕਾਰ ਨੂੰ ਉਨ੍ਹਾਂ ਦੀ ਗੱਲ ਸੁਣਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ। ਜਨਤਾ ਮਹਿੰਗਾਈ, ਬੇਰੁਜ਼ਗਾਰੀ, ਟੁੱਟੀਆਂ ਸੜਕਾਂ, ਪਾਣੀ ਅਤੇ ਹੋਰ ਮੁੱਦਿਆਂ ਤੋਂ ਪ੍ਰੇਸ਼ਾਨ ਹੈ। ਸਰਕਾਰ ਇਨ੍ਹਾਂ ਦਾ ਹੱਲ ਕਰਨ ਦੀ ਬਜਾਇ ਆਪਣੀਆਂ ਪ੍ਰਾਪਤੀਆਂ ਬਾਰੇ ਝੂਠੇ ਦਾਅਵੇ ਕਰਨ ਵਿੱਚ ਰੁੱਝੀ ਹੋਈ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਵਿਕਾਸ ਲੋੜੀਂਦੀ ਰਫ਼ਤਾਰ ਨਾਲ ਨਹੀਂ ਹੋ ਰਿਹਾ ਹੈ, ਪੇਂਡੂ ਅਤੇ ਸ਼ਹਿਰੀ ਦੋਵਾਂ ਖੇਤਰਾਂ ਦੇ ਲੋਕ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ। ਸ੍ਰੀ ਤਿਆਗੀ ਨੇ ਕਿਹਾ ਕਿ ਭਵਿੱਖ ਵਿੱਚ ਕਾਂਗਰਸੀ ਆਗੂ ਅਤੇ ਕਾਰਕੁਨ ਲੋਕਾਂ ਦੀ ਆਵਾਜ਼ ਵਜੋਂ ਕੰਮ ਕਰਨਗੇ। ਮੀਟਿੰਗ ਵਿੱਚ ਬਲਾਕ ਪ੍ਰਧਾਨ (ਦਿਹਾਤੀ) ਚੰਦਰਭਾਨ, ਬਾਲਕਿਸ਼ਨ ਅਨੇਜਾ, ਵਿਸ਼ਵਾਸ, ਕਸ਼ਮੀਰਾ ਸਿੰਘ, ਸੰਜੀਵ, ਜਗਦੀਸ਼, ਰਾਕੇਸ਼ ਸ਼ਰਮਾ, ਜੋਗਿੰਦਰ ਸਿੰਘ, ਸਤਪਾਲ ਨੰਬਰਦਾਰ, ਸਮੇਂ ਸਿੰਘ, ਵਿਨੋਦ ਤਿਆਗੀ, ਵਿਜੇ ਪਾਲ ਅਤੇ ਹੋਰ ਸ਼ਾਮਲ ਸਨ।

# ਮਹਾਂਵੀਰ ਜੈਨ ਸਕੂਲ 'ਚ ਵਿਦਿਆਰਥੀਆਂ ਦੇ ਮੁਕਾਬਲੇ



**ਸ਼ਾਹਬਾਦ ਮਾਰਕੰਡਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਂਵੀਰ ਜੈਨ ਪਬਲਿਕ ਸਕੂਲ ਵਿੱਚ ਰਖੱੜੀ ਦਾ ਤਿਉਹਾਰ ਮਨਾਇਆ ਗਿਆ। ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਹੁਨਰ ਅਤੇ ਵਾਤਾਵਰਨ ਦੀ ਸੁਰੱਖਿਆ ਦੀ ਭਾਵਨਾ ਉਤਸ਼ਾਹਿਤ ਕਰਨ ਲਈ ਕਈ ਮੁਕਾਬਲੇ ਕਰਾਏ ਗਏ।

ਇਸ ਵਿੱਚ ਰੱਖੜੀ ਕਾਰਡ ਬਣਾਉਣਾ, ਤੋਹਫ਼ੇ ਦੀ ਪੈਕਿੰਗ, ਡਿਜੀਟਲ ਰੱਖੜੀ ਬਣਾਉਣ, ਫੋਟੋ ਫਰੇਮ, ਮਹਿੰਦੀ, ਵਾਤਾਵਰਨ ਅਨੁਕੂਲ ਰਖੱੜੀ ਅਤੇ ਮੇਰੇ ਭਰਾ-ਭੈਣ ਨੂੰ ਇੱਕ ਪੱਤਰ ਦੇ ਮੁਕਾਬਲੇ ਸ਼ਾਮਲ ਸਨ। ਇਨ੍ਹਾਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਪੂਜਾ ਸ਼ਰਮਾ ਨੇ ਇਸ ਤਿਉਹਾਰ ਨੂੰ ਵਾਤਾਵਰਨ ਅਨੁਕੂਲ ਢੰਗ ਨਾਲ ਮਨਾਉਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਰੱਖੜੀ ਭੈਣ-ਭਰਾ ਦੇ ਪਿਆਰ, ਵਿਸ਼ਵਾਸ ਅਤੇ ਸਨੇਹ ਦਾ ਤਿਉਹਾਰ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਕੁਦਰਤੀ ਅਤੇ ਵਾਤਾਵਰਨ ਅਨੁਕੂਲ ਸਮੱਗਰੀ ਦੀ ਵਰਤੋਂ ਕਰਨ ਲਈ ਵੀ ਉਤਸ਼ਾਹਿਤ ਕੀਤਾ।

ਇਸ ਦੌਰਾਨ ਕਰਾਏ ਮੁਕਾਬਲਿਆਂ ਵਿੱਚ ਦੇਸ਼ਨਾ ਤੇ ਸੌਹਾਨ ਨੇ ਰੱਖੜੀ ਕਾਰਡ ਮੇਕਿੰਗ ਵਿੱਚ ਪਹਿਲਾ, ਨਾਇਸ਼ਾ, ਪਾਰਥ ਪ੍ਰਬਲ ਨੇ ਦੂਜਾ, ਹਿਮਾਂਸ਼ੀ ਨੇ ਤੀਜਾ, ਗਿਫਟ ਪੈਕਿੰਗ ਵਿੱਚ ਤਨਵੀ ਕਸ਼ਯਪ ਨੇ ਪਹਿਲਾ, ਕ੍ਰਿਤਕਾ ਨੇ ਦੂਜਾ, ਜੈਨੀਸ਼ ਨੇ ਤੀਜਾ, ਡਿਜੀਟਲ ਰੱਖੜੀ ਮੇਕਿੰਗ ਵਿੱਚ ਧਰੁਵਿਕਾ ਨੇ ਪਹਿਲਾ, ਪਰਿਧੀ ਨੇ ਦੂਜਾ, ਵਾਰਸਦੀਪ ਨੇ ਤੀਜਾ ਸਥਾਨ ਕੀਤਾ। ਇਸੇ ਤਰ੍ਹਾਂ ਫੋਟੋ ਫਰੇਮ ਵਿੱਚ ਨਕਸ਼ ਨੇ ਪਹਿਲਾ, ਮਹਿੰਦੀ ਵਿਚ ਪਰੀ ਨੇ ਪਹਿਲਾ, ਕੁੰਜਲ ਨੇ ਦੂਜਾ, ਦਿਵਿਆ ਨੇ ਤੀਜਾ, ਈਕੋ ਫਰੈਂਡਲੀ ਰੱਖੜੀ ਮੁਕਾਬਲੇ ਵਿੱਚ ਅਮਨੀਤ ਨੇ ਪਹਿਲਾ, ਸਮਰੀਨ ਨੇ ਦੂਜਾ, ਲਵਿਆ ਤੇ ਹੇਮਿਕਾ ਨੇ ਤੀਜਾ, ਮੇਰੇ ਭਰਾ-ਭੈਣ ਨੂੰ ਇੱਕ ਪੱਤਰ ਦੇ ਮੁਕਾਬਲੇ ਵਿੱਚ ਪ੍ਰਿਆਨ ਕਾਮਰਸ ਨੇ ਪਹਿਲਾ, ਸ਼੍ਰੇਆ ਨੇ ਦੂਜਾ ਤੇ ਸਾਨਵੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

# ਈ ਪੀ ਐੱਫ ਘੁਟਾਲੇ ਖ਼ਿਲਾਫ਼ ਸੰਘਰਸ਼ ਦਾ ਬਿਗਲ ਵਜਾਇਆ



**ਰਾਏਕੋਟ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਨਸਪ ਵਿੱਚ ਠੇਕੇਦਾਰ ਪ੍ਰਣਾਲੀ ਅਧੀਨ ਵੱਖ-ਵੱਖ ਕੇਂਦਰਾਂ ਵਿੱਚ ਬਤੌਰ ਸਕਿਉਰਿਟੀ ਗਾਰਡ ਕੰਮ ਕਰਦੇ ਮੁਲਾਜ਼ਮਾਂ ਨੇ ਈ ਪੀ ਐੱਫ ਖਾਤਿਆਂ ਵਿੱਚ ਸਤੰਬਰ, 2025 ਤੋਂ ਜੂਨ, 2026 ਤੱਕ ਕਟੌਤੀ ਫੰਡ ਜਮ੍ਹਾਂ ਨਾ ਹੋਣ ਦਾ ਸਖਤ ਨੋਟਿਸ ਲੈਂਦਿਆਂ ਸੰਘਰਸ਼ ਦਾ ਬਿਗਲ ਵਜਾਉਣ ਦਾ ਐਲਾਨ ਕੀਤਾ ਹੈ।

ਪਨਸਪ ਅਧਿਕਾਰੀਆਂ ਖ਼ਿਲਾਫ਼ ਰੋਸ ਜਾਹਿਰ ਕਰਦਿਆਂ ਮੁਲਾਜ਼ਮਾਂ ਨੇ ਦੋਸ਼ ਲਗਾਇਆ ਕਿ ਈ ਪੀ ਐੱਫ ਘੁਟਾਲਾ ਪਨਸਪ ਅਧਿਕਾਰੀਆਂ ਅਤੇ ਠੇਕੇਦਾਰੀ ਸਿਸਟਮ ਦੀ ਮਿਲੀਭੁਗਤ ਦਾ ਨਤੀਜਾ ਹੈ। ਠੇਕੇਦਾਰੀ ਪ੍ਰਣਾਲੀ ਅਧੀਨ ਅਪਰੈਲ, 2025 ਤੋਂ ਸਕਿਉਰਿਟੀ ਗਾਰਡ ਦੀ ਤਨਖ਼ਾਹ 11,390 ਰੁਪਏ ਮਿਥੀ ਗਈ ਸੀ, ਜਦ ਕਿ ਸਕਿਉਰਿਟੀ ਗਾਰਡਾਂ ਦੇ ਖਾਤੇ 10,012 ਰੁਪਏ ਹੀ ਪਾਏ ਜਾਂਦੇ ਹਨ। ਇਸ ਕਾਰਨ ਸਕਿਉਰਿਟੀ ਗਾਰਡ ਨੂੰ ਹਰ ਮਹੀਨੇ ਦੀ ਤਨਖਾਹ ਵਿੱਚ 1378 ਰੁਪਏ ਘੱਟ ਮਿਲਦੇ ਹਨ। ਪੀੜਤ ਸਕਿਉਰਟੀ ਗਾਰਡਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੱਤਾ ਪ੍ਰਾਪਤੀ ਤੋਂ ਪਹਿਲਾਂ ਕੀਤੇ ਵਾਅਦੇ ਯਾਦ ਕਰਵਾਉਂਦਿਆਂ ਆਖਿਆ ਕਿ ਕੀਤੇ ਵਾਅਦੇ ਮੁਤਾਬਕ ਠੇਕੇਦਾਰੀ ਸਿਸਟਮ ਖਤਮ ਕਰ ਕੇ ਕੱਚੇ ਅਤੇ ਠੇਕੇਦਾਰ ਪ੍ਰਣਾਲੀ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਲੱਕ ਤੋੜਵੀਂ ਮਹਿੰਗਾਈ ਵਿੱਚ ਨਿਗੂਣੀਆਂ ਤਨਖ਼ਾਹਾਂ ਨਾਲ ਘਰ ਚਲਾਉਣੇ ਬਹੁਤ ਔਖੇ ਹਨ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ 'ਆਪ' ਸਰਕਾਰ ਖ਼ਿਲਾਫ਼ ਪ੍ਰਦਰਸ਼ਨ



**ਮੁਹਾਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ, ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਸੀ ਪੀ ਐੱਫ ਕਰਮਚਾਰੀ ਯੂਨੀਅਨ ਦੇ ਸੱਦੇ 'ਤੇ ਪੰਜਾਬ ਭਰ ਦੀਆਂ ਮੁਲਾਜ਼ਮ, ਪੈਨਸ਼ਨਰਜ਼, ਅਧਿਆਪਕ, ਆਂਗਣਵਾੜੀ, ਠੇਕਾ ਮੁਲਾਜ਼ਮ, ਆਸ਼ਾ ਵਰਕਰ, ਮਿੱਡ-ਡੇਅ ਮੀਲ ਕਾਰਕੁਨਾਂ ਨੇ ਮੁਹਾਲੀ ਵਿੱਚ ਪ੍ਰਦਰਸ਼ਨ ਕੀਤਾ। ਸੈਂਕੜਿਆਂ ਦੀ ਗਿਣਤੀ ਵਿੱਚ ਆਏ ਧਰਨਾਕਾਰੀਆਂ ਵਿੱਚ ਵੱਡੀ ਗਿਣਤੀ ਮਹਿਲਾ ਮੁਲਾਜ਼ਮਾਂ, ਆਂਗਣਵਾੜੀ ਅਤੇ ਆਸ਼ਾ ਵਰਕਰ ਵੀ ਸ਼ਾਮਲ ਸਨ। ਉਨ੍ਹਾਂ ਨੂੰ ਪੁਲੀਸ ਨੇ ਚੰਡੀਗੜ੍ਹ ਵਿੱਚ ਦਾਖ਼ਲ ਨਹੀਂ ਹੋਣ ਦਿੱਤਾ। ਚੰਡੀਗੜ੍ਹ ਪੁਲੀਸ ਨੇ ਧਰਨਾਕਾਰੀਆਂ ਨੂੰ ਰੋਕਣ ਲਈ ਪਾਣੀ ਦੀਆਂ ਬੁਛਾੜਾਂ ਮਾਰੀਆਂ ਅਤੇ ਅਥਰੂ ਗੈਸ ਦੇ ਗੋਲੇ ਵੀ ਸੁੱਟੇ। ਇਸ ਨਾਲ ਕਈ ਮੁਲਾਜ਼ਮਾਂ ਦੀਆਂ ਪੱਗਾਂ ਲੱਥ ਗਈਆਂ, ਕਈਆਂ ਦੇ ਮੋਬਾਈਲ ਅਤੇ ਐਨਕਾਂ ਟੁੱਟ ਗਏ। ਕਈ ਮਹਿਲਾ ਧਰਨਾਕਾਰੀਆਂ ਅਤੇ ਹੋਰਨਾਂ ਨੂੰ ਸੱਟਾਂ ਵੀ ਲੱਗੀਆਂ ਹਨ। ਇਸ ਮੌਕੇ ਮੁਲਾਜ਼ਮਾਂ ਨੇ ਮੁਹਾਲੀ ਦੇ ਗੁਰਦੁਆਰਾ ਅੰਬ ਸਾਹਿਬ ਦੇ ਪਿਛਲੇ ਪਾਸੇ ਰੋਸ ਰੈਲੀ ਕੀਤੀ। ਧਰਨਾਕਾਰੀ ਬੁੜੈਲ ਜੇਲ੍ਹ ਵਾਲੀ ਸੜਕ ਤੋਂ ਚੰਡੀਗੜ੍ਹ ਵੱਲ ਰਵਾਨਾ ਹੋਏ। ਮੁਲਜ਼ਮ ਜਦੋਂ ਬੈਰੀਕੇਡ ਤੋੜ ਕੇ ਅੱਗੇ ਵਧੇ ਤਾਂ ਪੁਲੀਸ ਨੇ ਪਹਿਲਾਂ ਪਾਣੀ ਦੀਆਂ ਬੁਛਾੜਾਂ ਮਾਰੀਆਂ ਅਤੇ ਫਿਰ ਅੱਥਰੂ ਗੈਸ ਦੇ ਗੋਲੇ ਸੁੱਟ ਕੇ ਧਰਨਾਕਾਰੀਆਂ ਨੂੰ ਪਿੱਛੇ ਧੱਕ ਦਿੱਤਾ। ਧਰਨਾਕਾਰੀਆਂ ਨੇ ਐਲਾਨ ਕੀਤਾ ਕਿ 9 ਮਾਰਚ ਨੂੰ ਮੁਹਾਲੀ ਦੇ ਫੇਜ਼ ਛੇ ਵਿੱਚ ਇਕੱਤਰ ਹੋ ਕੇ ਮੁੜ ਚੰਡੀਗੜ੍ਹ ਵੱਲ ਕੂਚ ਕੀਤਾ ਜਾਵੇਗਾ।

# 33 ਵਰ੍ਹਿਆਂ ਮਗਰੋਂ ਅਜੈ ਚੌਟਾਲਾ ਪਰਿਵਾਰ ਦਾ ਪਿੰਡ ਵੱਲ ਮੋੜਾ



**ਡੱਬਵਾਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੌਟਾਲਾ 'ਚ ਨਵੇਂ ਮਕਾਨ ਦੀ ਨੀਂਹ ਰੱਖਣ ਮੌਕੇ ਪੂਜਾ ਕਰਦੇ ਹੋਏ ਜਜਪਾ ਸੁਪਰੀਮੋ ਡਾ. ਅਜੈ ਸਿੰਘ ਚੌਟਾਲਾ, ਸਾਬਕਾ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਅਤੇ ਦਿਗਵਿਜੈ ਚੌਟਾਲਾ।

ਪਿੰਡ ਚੌਟਾਲਾ 'ਚ ਕਰੀਬ 33 ਸਾਲਾਂ ਮਗਰੋਂ ਜਜਪਾ ਸੁਪਰੀਮੋ ਡਾ. ਅਜੈ ਸਿੰਘ ਚੌਟਾਲਾ ਪਰਿਵਾਰ ਨੇ ਪੱਕੇ ਆਸ਼ਿਆਨੇ ਦੀ ਨੀਂਹ ਰੱਖੀ ਹੈ। ਅੱਜ ਰੱਖੜੀ ਮੌਕੇ ਗਊਸ਼ਾਲਾ ਅਤੇ ਦਾਣਾ ਮੰਡੀ ਨੇੜੇ ਕਰੀਬ ਦੋ ਏਕੜ ਜ਼ਮੀਨ 'ਤੇ ਨਵੇਂ ਮਕਾਨ ਦੀ ਨੀਂਹ ਧਾਰਮਿਕ ਰਹੂ-ਰੀਤਾਂ ਅਤੇ ਹਵਨ-ਯੱਗ ਨਾਲ ਰੱਖੀ ਗਈ। ਸਾਬਕਾ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਅਤੇ ਯੂਥ ਜਜਪਾ ਦੇ ਪ੍ਰਧਾਨ ਦਿਗਵਿਜੈ ਚੌਟਾਲਾ ਵੀ ਮੌਜੂਦ ਸਨ।

ਸਾਲ 1993-94 'ਚ ਬੱਚਿਆਂ ਦੀ ਪੜ੍ਹਾਈ ਲਈ ਸਿਰਸਾ ਤਬਦੀਲ ਹੋਏ ਅਜੈ ਚੌਟਾਲਾ ਹੁਣ ਪੁਸ਼ਤੈਨੀ ਪਿੰਡ 'ਚ ਘਰ ਬਣਾ ਰਹੇ ਹਨ। ਦੁਸ਼ਯੰਤ ਚੌਟਾਲਾ ਨੇ ਕਿਹਾ ਕਿ ਪਿੰਡ 'ਚ ਆਪਣਾ ਘਰ ਬਣਾਉਣਾ ਪਰਿਵਾਰ ਦੀ ਦਿਲੀ ਖਾਹਿਸ਼ ਸੀ ਅਤੇ ਪਰਿਵਾਰ ਦੀ ਸਹਿਮਤੀ ਮਗਰੋਂ ਜੜ੍ਹਾਂ ਵੱਲ ਮੁੜਨ ਦਾ ਫੈਸਲਾ ਲਿਆ ਗਿਆ।

ਪਿੰਡ ਚੌਟਾਲਾ ਉੱਤਰੀ ਭਾਰਤ ਦੀ ਸਿਆਸਤ ਦਾ ਇਤਿਹਾਸਕ ਸ਼ਕਤੀ ਕੇਂਦਰ ਹੈ। ਇਸ ਪਿੰਡ ਨੇ ਦੇਸ਼ ਨੂੰ ਉਪ ਪ੍ਰਧਾਨ ਮੰਤਰੀ ਮਰਹੂਮ ਚੌਧਰੀ ਦੇਵੀ ਲਾਲ, ਹਰਿਆਣਾ ਨੂੰ ਦੋ ਮੁੱਖ ਮੰਤਰੀ ਚੌਧਰੀ ਦੇਵੀ ਲਾਲ ਅਤੇ ਓਮ ਪ੍ਰਕਾਸ਼ ਚੌਟਾਲਾ ਤੋਂ ਇਲਾਵਾ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਦਿੱਤਾ। ਪਿੰਡ ਨਾਲ ਸਬੰਧਤ 14 ਤੋਂ ਵੱਧ ਵਿਧਾਇਕ ਬਣੇ ਹਨ। ਸਾਲ 2019 ਦੀਆਂ ਵਿਧਾਨ ਸਭਾ ਚੋਣਾਂ 'ਚ ਚੌਟਾਲਾ ਪਿੰਡ ਨਾਲ ਜੁੜੇ ਰਣਜੀਤ ਸਿੰਘ, ਅਭੈ ਚੌਟਾਲਾ, ਦੁਸ਼ਯੰਤ ਚੌਟਾਲਾ, ਨੈਨਾ ਸਿੰਘ ਅਤੇ ਅਮਿਤ ਸਿਹਾਗ ਸਮੇਤ ਪੰਜ ਵਿਧਾਇਕ ਵੱਖ-ਵੱਖ ਪਾਰਟੀਆਂ ਤੇ ਹਲਕਿਆਂ ਤੋਂ ਜਿੱਤ ਕੇ ਵਿਧਾਨ ਸਭਾ ਪਹੁੰਚੇ ਸਨ।

# ਸੈਣੀ ਅਤੇ ਢਿੱਲੋਂ ਨਾਨਕਸਰ ਨਤਮਸਤਕ



**ਜਗਰਾਉਂ , 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਬਾ ਨੰਦ ਸਿੰਘ ਦੀ 84ਵੀਂ ਬਰਸੀ ਸਬੰਧੀ ਨਾਨਕਸਰ ਵਿਖੇ ਜਾਰੀ ਸਮਾਗਮਾਂ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਹਾਜ਼ਰੀ ਭਰੀ। ਦੇਸ਼ ਵਿਦੇਸ਼ 'ਚੋਂ ਪੁੱਜੀ ਸੰਗਤ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰਹਿਨੁਮਾਈ ਹੇਠ ਸਜਾਏ ਨਗਰ ਕੀਰਤਨ ਵਿੱਚ ਨਤਮਸਤਕ ਹੋਏ ਨਾਇਬ ਸਿੰਘ ਸੈਣੀ ਅਤੇ ਕੇਵਲ ਸਿੰਘ ਢਿੱਲੋਂ ਦਾ ਨਾਨਕਸਰ ਪੁੱਜਣ 'ਤੇ ਬਾਬਾ ਲੱਖਾ ਸਿੰਘ ਨੇ ਸਨਮਾਨ ਕੀਤਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਖਿਆ ਕਿ ਨਾਨਕਸਰ ਵਰਗੇ ਧਾਰਮਿਕ ਅਸਥਾਨ ਸਿੱਖ ਧਰਮ ਦੀ ਸੇਵਾ, ਸਿਮਰਨ ਅਤੇ ਮਨੁੱਖਤਾ ਦੀ ਭਲਾਈ ਵਾਲੀ ਪ੍ਰੰਪਰਾ ਨੂੰ ਅੱਗੇ ਵਧਾਉਣ ਦਾ ਕੰਮ ਕਰ ਰਹੇ ਹਨ। ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਆਖਿਆ ਕਿ ਬਾਬਾ ਨੰਦ ਸਿੰਘ ਦੀ ਤਪੱਸਿਆ, ਭਜਨ ਬੰਦਗੀ, ਮਨੁੱਖਤਾ ਦੀ ਭਲਾਈ ਲਈ ਕੀਤੇ ਅਥਾਹ ਕਾਰਜਾਂ ਅੱਗੇ ਸਿਰ ਝੁਕਦਾ ਹੈ।

**ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਉਸ ਦੇ ਵਿਧਾਨ ਨਾਲ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ।**

# ਮਨੁੱਖੀ ਇਛਾਵਾਂ ਤੇ ਹਕੀਕਤ



ਓਮ ਪ੍ਰਕਾਸ਼ ਗਾਸੋ
94635-61123

ਗਿਆਨ ਨੂੰ ਹਾਸਲ ਕਰਨ ਲਈ ਇਕਾਗਰ ਹੋਣਾ ਪੈਂਦਾ ਹੈ। ਅੱਜ ਕੱਲ੍ਹ ਬਹੁਤ ਸਾਰੀਆਂ ਸ਼ਰਾਰਤੀ ਵਿਉਂਤਬੰਦੀਆਂ ਵਿਚਲੇ ਸੁਆਰਥੀ ਸਿਲਸਿਲੇ ਮਨੁੱਖੀ ਮਨ ਨੂੰ ਚੰਚਲਤਾ ਅਤੇ ਚਲਾਕੀਆਂ ਵੱਲ ਲੈ ਕੇ ਜਾ ਰਹੇ ਹਨ। ਸੂਝਵਾਨ ਬਣ ਕੇ ਜਿਊਣ ਵਾਲੀ ਤਮੰਨਾ ਆਦਮੀ ਨੂੰ ਤੰਦਰੁਸਤ ਬਣਾਈ ਰੱਖਦੀ ਹੈ।

ਇੱਛਾ ਨੂੰ ਆਦਮੀ ਦੀ ਆਬਰੂ ਦਾ ਰੁਤਬਾ ਹਾਸਲ ਹੁੰਦਾ ਹੈ। ਇੱਛਾਵਾਂ, ਰੁਚੀਆਂ, ਸੱਧਰਾਂ, ਸੋਚ, ਸਮਝ, ਸਰੋਕਾਰ, ਸਬੰਧ, ਵਿਸ਼ਵਾਸ਼, ਵਿਧੀ ਅਤੇ ਵਿਧਾਨ ਦੁਆਰਾ ਜ਼ਿੰਦਗੀ ਨੂੰ ਸਹਿਜੇ ਹੀ ਸਮਝਿਆ ਜਾ ਸਕਦਾ ਹੈ। ਇੱਥੇ ਆ ਕੇ ਸਾਡੇ ਸਾਹਮਣੇ ਇਕਦਮ ਇਕ ਨੁਕਤਾ ਉਜਾਗਰ ਹੋਣ ਲੱਗ ਪੈਂਦਾ ਹੈ ਕਿ ਆਪਣੇ ਇਸ ਮੁਲਕ ਨੂੰ ਕੁਦਰਤ ਵੱਲੋਂ ਦਿੱਤੀਆਂ ਸੈਂਕੜੇ ਕਿਸਮ ਦੀਆਂ ਨਿਆਮਤਾਂ ਦੇ ਹੁੰਦਿਆਂ ਕਰੋੜਾਂ ਭਾਰਤ ਨਿਵਾਸੀ ਗ਼ਰੀਬ ਕਿਉਂ ਹਨ? ਨਰਕ ਵਰਗੇ ਹਾਲਾਤ ਆਖਦੇ ਰਹਿੰਦੇ ਹਨ ਕਿ ਅਸੀਂ ਅਜੇ ਆਪਣੇ ਹੱਕ ਪ੍ਰਾਪਤ ਕਰਨ ਦੇ ਵਿਧਾਨਿਕ ਤੱਤ ਤੋਂ ਦੂਰ ਖੜ੍ਹੇ ਹਾਂ। ਹੱਕ ਪ੍ਰਾਪਤ ਕਰਨ ਵਾਲੇ ਤਰੀਕੇ ਨੂੰ ਹੁਨਰ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਇੱਛਾ ਨੂੰ ਹਕੀਕਤ ਕਿਹਾ ਜਾ ਸਕਦਾ ਹੈ। ਹੱਕ ਪ੍ਰਾਪਤ ਕਰਨ ਵਾਲੀ ਵਿੱਦਿਆ ਨੂੰ ਵਿਵੇਕ ਕਿਹਾ ਜਾਂਦਾ ਹੈ।

ਰੌਲੇ ਅਤੇ ਭੀੜ ਵਾਲੇ ਫਾਲਤੂ ਕਿਸਮ ਦੇ ਪਾਠ ਅਤੇ ਪ੍ਰਕਰਣ ਸਿਆਸੀ ਸ਼ੋਸ਼ੇਬਾਜ਼ੀ ਕਾਰਨ ਸਮਾਜਿਕ ਅਤੇ ਸੱਭਿਆਚਾਰਕ, ਆਰਥਿਕ ਅਤੇ ਸੰਸਕ੍ਰਿਤਿਕ ਬੋਝ ਪੈਦਾ ਕਰਦੇ ਰਹਿੰਦੇ ਹਨ। ਸੁਚੇਤ ਬਣ ਕੇ ਗਤੀਸ਼ੀਲ ਹੋਣ ਵਾਲਾ ਸਮਾਜ ਕਦੇ ਵੀ ਸੰਵੇਦਨਸ਼ੀਲ ਭਾਵਨਾ ਨੂੰ ਤਿਲਾਂਜਲੀ ਨਹੀਂ ਦਿੰਦਾ। ਅੱਜ ਕੱਲ੍ਹ ਆਪਣੇ ਇਸ ਸਮੇਂ ਵਿਚ ਅਸੀਂ ਸਮੱਸਿਆਵਾਂ ਦੇ ਮੂਲ ਨੂੰ ਸਮਝਣ 'ਚ ਕੁਤਾਹੀ ਭਾਵ ਅਣਗਹਿਲੀ ਕਰ ਰਹੇ ਹਾਂ।

ਇਸ ਦਾ ਮਤਲਬ ਇਹ ਬਣਦਾ ਹੈ ਕਿ ਜਿਉਂ-ਜਿਉਂ ਕੋਈ ਸੰਘਰਸ਼ਸ਼ੀਲ ਸਿਲਸਿਲਾ, ਪਛਾਣ, ਪਰਖ ਅਤੇ ਪੜਤਾਲ ਤੋਂ ਦੂਰ ਹੁੰਦਾ ਜਾਵੇਗਾ ਤਿਉਂ-ਤਿਉਂ ਉਲਝਣਾਂ ਵਧਦੀਆਂ ਜਾਣਗੀਆਂ। ਸੁਲਝਾ ਨੂੰ ਸਮਾਧਾਨ ਭਾਵ ਇਲਾਜ ਆਖਿਆ ਜਾ ਸਕਦਾ ਹੈ। ਤੰਦਰੁਸਤ ਇੱਛਾ ਦੁਆਰਾ ਹੀ ਸਹੀ ਇਲਾਜ ਦੀ ਪ੍ਰਾਪਤੀ ਹੋ ਸਕਦੀ ਹੈ।

ਅਣਹੋਣੀਆਂ ਦੀ ਜਾਣਕਾਰੀ ਵਾਸਤੇ ਸਾਡੇ ਆਪਣੇ ਸਮੇਂ ਅਤੇ ਸਮਾਜ ਨੂੰ ਸਾਰਥਿਕਤਾ, ਜਿਗਿਆਸਾ, ਵਿਸ਼ਵਾਸ, ਸੰਕਲਪ, ਸਿਧਾਂਤ ਅਤੇ ਹੁਨਰ ਪ੍ਰਤੀ ਸੁਚੇਤ ਹੋਣਾ ਪਵੇਗਾ। •

• ਚਿਤਰਾਂਕਣ : ਵਰੁਣ ਟੰਡਨ

# ਧੀਆਂ ਦੂਰ ਨਾ ਦਈਏ



ਸੁਖਦੇਵ ਮਾਦਪੁਰੀ
94630-34472



ਪੰਜਾਬੀ ਸਮਾਜ ਮੁੱਖ ਤੌਰ 'ਤੇ ਕਿਸਾਨੀ ਅਧਾਰਤ ਹੈ। ਇਸ ਵਿਚ ਮੁੰਡੇ ਦੇ ਜਨਮ ਅਤੇ ਵਿਆਹ ਦੀ ਵਿਸ਼ੇਸ਼ ਮਹੱਤਤਾ ਰਹੀ ਹੈ। ਇਹ ਦੋਨੋਂ ਮੌਕੇ ਸਮੁੱਚੇ ਪੇਂਡੂ ਭਾਈਚਾਰੇ ਲਈ ਖ਼ੁਸ਼ੀਆਂ ਮਾਣਨ ਅਤੇ ਮਨਾਉਣ ਦੇ ਅਵਸਰ ਪ੍ਰਦਾਨ ਕਰਦੇ ਰਹੇ ਹਨ। ਇਸ ਲਈ ਸਮੂਹ ਪੰਜਾਬੀ ਵਿਆਹ ਨੂੰ ਬੜੀ ਤਬੀਰਤਾ ਨਾਲ ਉਡੀਕਦੇ ਹਨ। ਸੁਹਾਗ ਅਤੇ ਘੋੜੀਆਂ ਵਿਆਹ ਦੇ ਪ੍ਰਮੁੱਖ ਲੋਕ-ਗੀਤ ਹਨ। ਧੀ ਵਾਲੇ ਘਰ ਸੁਹਾਗ ਗਾਏ ਜਾਂਦੇ ਹਨ ਅਤੇ ਮੁੰਡੇ ਵਾਲੇ ਘਰ ਘੋੜੀਆਂ ਗਾਉਣ ਦੀ ਪਰੰਪਰਾ ਹੈ।

## ਔਰਤ ਮਨ ਦੇ ਮਨੋਭਾਵਾਂ ਦੀ ਤਰਜਮਾਨੀ

ਸੁਹਾਗ ਔਰਤਾਂ ਮਨ ਦੇ ਮਨੋਭਾਵਾਂ ਦੀ ਤਰਜਮਾਨੀ ਕਰਨ ਵਾਲੇ ਗੀਤ ਹਨ। ਮਰਦ ਦੀ ਸਰਦਾਰੀ ਕਾਰਨ ਔਰਤ ਸਦੀਆਂ ਤੋਂ ਦਬੀ ਰਹੀ ਹੈ। ਵਿਆਹ ਦੇ ਮੌਕੇ 'ਤੇ ਗਾਏ ਜਾਂਦੇ ਸੁਹਾਗ ਗੀਤ ਉਸ ਨੂੰ ਆਪਣੇ ਦਿਲ ਦੀ ਦਾਸਤਾਨ ਬਿਆਨ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ। ਇਨ੍ਹਾਂ ਦੀ ਸਿਰਜਣਾ ਔਰਤ ਨੇ ਆਪ ਕੀਤੀ ਹੈ। ਇਹ ਸੰਬੋਧਨੀ ਗੀਤ ਹਨ ਜਿਨ੍ਹਾਂ ਵਿਚ ਧੀ ਆਪਣੇ ਮਨ ਦੀ ਗੱਲ ਕਹਿਣ ਲਈ ਆਪਣੀ ਮਾਂ ਜਾਂ ਦਾਦੀ ਨੂੰ ਸੰਬੋਧਿਤ ਹੁੰਦੀ ਹੈ ਅਤੇ ਆਪਣੇ ਵਰ, ਸਹੁਰਾ ਪਰਿਵਾਰ, ਦਾਜ-ਦਹੇਜ ਅਤੇ ਹੋਰ ਲਾਭ-ਯੁਕਤ ਕਾਰਜਾਂ ਲਈ ਆਪਣੇ ਦਾਦੇ, ਬਾਬਲ, ਭਰਾ ਅਤੇ ਮਾਮੇ ਨੂੰ ਮੁਖ਼ਾਤਿਬ ਹੋ ਕੇ ਆਪਣੀਆਂ ਭਾਵਨਾਵਾਂ ਅਤੇ ਇਛਾਵਾਂ ਦਾ ਇਜ਼ਹਾਰ ਕਰਦੀ ਹੈ।

## ਧੀਆਂ ਦੇ ਅਰਮਾਨ

ਧੀਆਂ ਦੇ ਵੀ ਆਪਣੇ ਅਰਮਾਨ ਹਨ, ਭਾਵਨਾਵਾਂ ਹਨ ਭਾਵੇਂ ਉਹ ਖੁੱਲ੍ਹ ਕੇ ਆਪਣੇ ਦਿਲ ਦੀ ਗੱਲ ਨਹੀਂ ਸੀ ਕਰ ਸਕਦੀਆਂ ਪਰੰਤੂ ਉਹ ਆਪਣੇ ਵਰ ਅਤੇ ਸਹੁਰੇ ਪਰਿਵਾਰ ਦੀ ਚੋਣ ਸਬੰਧੀ ਚਾਹਤ ਦਾ ਪ੍ਰਗਟਾਵਾ ਸੁਹਾਗ ਗੀਤਾਂ ਦੇ ਮਾਧਿਅਮ ਰਾਹੀਂ ਕਰ ਲੈਂਦੀਆਂ ਸਨ :

ਵਰ ਜੋ ਟੋਲਣ ਚੱਲਿਆ ਪਿਓ ਮੇਰਿਆ
ਪੱਲੇ ਬੰਨ੍ਹ ਲੈ ਬਾਬਲਾ ਦੰਮ ਵੇ
ਚੋਪੜ ਖੇਲਦੇ ਦੋ ਜਾਣੇ
ਪਿਓ ਮੇਰਿਆ ਰਾਜੇ ਬੰਸੀਆ ਵੇ
ਇੱਕੋ ਸਹੇੜੇ ਛੈਲ ਵੇ
ਇਕ ਦੇ ਹੱਥ ਬੰਸਰੀ
ਦੂਜੇ ਹੱਥ ਮੋਰ ਵੇ
ਵੱਜਣ ਲੱਗੀ ਬੰਸਰੀ
ਕੂਕਣ ਲੱਗੇ ਮੋਰ ਵੇ
ਗੋਰਾ-ਗੋਰਾ ਮੈਂ ਵਰਾਂ
ਕਾਲੇ ਸਹੇੜੇ ਕੋਈ ਹੋਰ ਵੇ...

**ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ...**

## ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ

ਗੋਰੇ ਤੇ ਛੈਲ ਛਬੀਲੇ ਵਰ ਦੀ ਚਾਹਤ ਉਪਰੰਤ ਹਰ ਮੁਟਿਆਰ ਚਾਹੁੰਦੀ ਹੈ ਕਿ ਉਸ ਦਾ ਸਹੁਰਾ ਪਰਿਵਾਰ ਪਰੀ- ਪੂਰਨ ਅਤੇ ਰੱਜਿਆ ਪੁੱਜਿਆ ਹੋਵੇ। ਉਹ ਇਹ ਵੀ ਲੋਚਦੀ ਹੈ ਕਿ ਉਸ ਦਾ ਸਹੁਰਾ ਪਿੰਡ ਉਸ ਦੇ ਪੇਕੇ ਪਿੰਡ ਤੋਂ ਬਹੁਤਾ ਦੂਰ ਨਾ ਹੋਵੇ। ਉਨ੍ਹਾਂ ਵੇਲਿਆਂ ਵਿਚ ਆਵਾਜਾਈ ਦੇ ਸਾਧਨ ਸੀਮਤ ਸਨ। ਦੁਸ਼ਵਾਰ ਰਾਹਾਂ ਕਾਰਨ ਸਹੁਰੀ ਬੈਠੀ ਧੀ ਨੂੰ ਵਰ੍ਹਿਆਂ ਬੱਧੀ ਕੋਈ ਮਿਲਣ ਨਹੀਂ ਸੀ ਜਾਂਦਾ। ਵਿਚਾਰੀ ਝੂਰਦੀ ਰਹਿੰਦੀ ਇਸੇ ਲਈ ਉਹ ਆਪਣੇ ਬਾਬਲ ਨੂੰ ਬਹੁਤੀ ਦੂਰ ਰਿਸ਼ਤਾ ਕਰਨ ਤੋਂ ਹੋੜਦੀ ਹੈ :

ਮੈਂ ਤੈਨੂੰ ਵਰਜਦੀ ਬਾਬਲਾ ਵੇ
ਧੀਆਂ ਦੂਰ ਨਾ ਦਈਏ
ਦੂਰਾਂ ਦੀਆਂ ਵਾਟਾਂ ਲੰਮੀਆਂ
ਵੇ ਸਾਥੋਂ ਤੁਰਿਆ ਨਾ ਜਾਵੇ
ਤੁਰਦੀ ਆਂ ਛਮ-ਛਮ ਰੋਂਨੀ ਆਂ
ਵੇ ਨੈਣੀਂ ਨੀਂਦ ਨਾ ਆਵੇ...

## ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਣਾ

ਜਦੋਂ ਉਸ ਨੂੰ ਆਪਣੇ ਮਨ ਪਸੰਦ ਦਾ ਵਰ ਪ੍ਰਾਪਤ ਹੋ ਜਾਂਦਾ ਹੈ ਤਾਂ ਉਸ ਦੀ ਖ਼ੁਸ਼ੀ ਦਾ ਕੋਈ ਪਾਰਾਵਾਰ ਨਹੀਂ ਰਹਿੰਦਾ। ਉਹ ਆਪਣੇ ਪਿਤਾ ਦੀ ਚੋਣ 'ਤੇ ਵਾਰੇ-ਵਾਰੇ ਜਾਂਦੀ ਹੈ। ਧੀ ਦੇ ਵਿਆਹ ਦੇ ਕਾਰਜ ਨੂੰ ਪਵਿੱਤਰ ਤੇ ਪੁੰਨ ਵਾਲਾ ਕਾਰਜ ਸਮਝਿਆ ਜਾਂਦਾ ਸੀ। ਓਦੋਂ ਆਨੰਦ ਕਾਰਜ ਦੀ ਰਸਮ ਸ਼ੁਰੂ ਨਹੀਂ ਸੀ ਹੋਈ ਪੰਡਤ-ਪਾਧੇ ਬੇਦੀ ਦੇ ਦੁਆਲੇ ਲਾੜਾ, ਲਾੜੀ ਦੀਆਂ ਭੁਆਂਟਣੀਆਂ ਦੇ ਕੇ ਇਹ ਰਸਮ ਅਦਾ ਕਰਦੇ ਸਨ। ਇਸ ਰਸਮ ਨੂੰ ਸਾਹਾ ਸਧਾਉਣ ਦੀ ਰਸਮ ਕਹਿੰਦੇ ਸਨ। ਇਸ ਬਦਲੇ ਪੰਡਤ ਪਾਧੇ ਨੂੰ ਗਾਊਆਂ ਦਾਨ ਵਜੋਂ ਦੇਣ ਦਾ ਰਿਵਾਜ ਸੀ ਤੇ ਧੀਆਂ ਦੇ ਦਾਨ ਜਵਾਈ ਲੈਂਦੇ ਸਨ :

ਬੇਦੀ ਦੇ ਅੰਦਰ ਮੇਰਾ ਬਾਬਾ ਬੁਲਾਵੇ
ਸੱਦਿਆਂ ਬਾਝ ਕਿਉਂ ਨੀਂ ਆਉਂਦਾ
ਵੇ ਰੰਗ ਰਤੜਿਆ ਕਾਨ੍ਹਾਂ
ਗਊਆਂ ਦੇ ਦਾਨ ਪਾਧੇਂ ਪੰਡਤ ਲੈਂਦੇ
ਧੀਆਂ ਦੇ ਦਾਨ ਜਮਾਈ
ਵੇ ਰੰਗ ਰਤੜਿਆ ਕਾਨ੍ਹਾਂ
ਦਿੱਤੜੇ ਦਾਨ ਕਿਉਂ ਨੀਂ ਲੈਂਦਾ
ਵੇ ਰੰਗ ਰਤੜਿਆ ਕਾਨ੍ਹਾਂ...

## ਧੀ ਦਾ ਰੁਦਨ

ਧੀ ਦੇ ਮਾਪੇ ਚਾਹੇ ਕਿੰਨੇ ਵੀ ਬਖ਼ਤਾਵਰ ਹੋਣ ਪਰੰਤੂ ਉਨ੍ਹਾਂ ਦੀ ਸਥਿਤੀ ਧੀ ਦੇ ਸਹੁਰਿਆਂ ਨਾਲੋਂ ਦੁਜੈਲੀ ਹੁੰਦੀ ਹੈ। ਧੀ ਦਾ ਬਾਬਾ ਤੇ ਬਾਬਲ ਗਲ਼ ਵਿਚ ਪੱਲਾ ਪਾ ਕੇ ਉਸ ਦਾ ਸਾਹਾ ਸਧਾਉਂਦੇ ਹਨ। ਧੀ ਦੀ ਡੋਲੀ ਤੋਰਨ ਦਾ ਦ੍ਰਿਸ਼ ਅਤਿ ਕਰੁਣਾਮਈ ਹੁੰਦਾ ਹੈ। ਉਸ ਦੀਆਂ ਸਹੇਲੀਆਂ ਦਰਦੀਲੇ ਗੀਤ ਗਾ ਕੇ ਸਾਰੇ ਮਾਹੌਲ ਨੂੰ ਸੋਗੀ ਬਣਾ ਦਿੰਦੀਆਂ ਹਨ। ਵਿਦਾ ਹੋ ਰਹੀ ਧੀ ਦਾ ਰੁਦਨ ਝੱਲਿਆ ਨੀਂ ਜਾਂਦਾ। •



# ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਕਰਵਾਓ

ਬਚਪਨ ਇਕ ਅਜਿਹੀ ਅਵਸਥਾ ਹੈ ਜਿਸ ਸਮੇਂ ਬੱਚੇ ਨੂੰ ਚੰਗੇ ਮਾੜੇ ਦੀ ਪਛਾਣ ਨਹੀਂ ਹੁੰਦੀ। ਇਸ ਉਮਰੇ ਪਈਆਂ ਆਦਤਾਂ ਸਮਾਂ ਪਾ ਕੇ ਪੱਕ ਜਾਂਦੀਆਂ ਹਨ। ਇਸ ਕਰਕੇ ਮਾਂ ਬਾਪ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਮਾੜੀਆਂ ਆਦਤਾਂ ਬਚਪਨ ਵਿਚ ਹੀ ਨਾ ਪੈਣ ਦਿੱਤੀਆਂ ਜਾਣ। ਇਸ ਉਮਰੇ ਚੰਗੀਆਂ ਆਦਤਾਂ ਪਾਉਣੀਆਂ ਵੱਡੀ ਉਮਰ ਦੇ ਮੁਕਾਬਲੇ ਸੌਖੀਆਂ ਹੁੰਦੀਆਂ ਹਨ। ਸਾਫ਼-ਸੁਥਰੇ ਬੱਚੇ ਨੂੰ ਵੇਖ ਕੇ ਹਰ ਇਕ ਦਾ ਮਨ ਖ਼ੁਸ਼ ਹੁੰਦਾ ਹੈ। ਇਸ ਕਰਕੇ ਬੱਚੇ ਨੂੰ ਸਕੂਲ ਜਾਣ ਸਮੇਂ ਤੋਂ ਹੀ ਨਹਾਉਣ ਤੇ ਸਾਫ਼-ਸੁਥਰੇ ਕੱਪੜੇ ਰੱਖਣ ਦੀ ਆਦਤ ਪਾਉਣੀ ਚਾਹੀਦੀ ਹੈ, ਹੋ ਸਕੇ ਤਾਂ ਸਕੂਲ ਜਾਣ ਤੇ ਆਉਣ ਸਮੇਂ ਬੱਚੇ ਨੂੰ ਖ਼ੁਦ ਕੱਪੜੇ ਪਾਉਣ ਤੇ ਉਤਾਰਨ ਲਈ ਸਿਖਾਉਣਾ ਚਾਹੀਦਾ ਹੈ। ਸਕੂਲ ਤੋਂ ਜੋ ਵੀ ਕੰਮ ਮਿਲੇ, ਬੱਚੇ ਨੂੰ ਹਰ ਰੋਜ਼ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ।

ਬੱਚਾ ਅਕਸਰ ਦੇਖ ਜਾਂ ਸੁਣ ਕੇ ਸਿੱਖਦਾ ਹੈ। ਇਸ ਕਰਕੇ ਬੱਚੇ ਦੇ ਸਾਹਮਣੇ ਸਹੀ ਵਤੀਰਾ ਰੱਖਣਾ ਚਾਹੀਦਾ ਹੈ ਤੇ ਭੱਦੀ ਸ਼ਬਦਾਵਲੀ ਤੋਂ ਬਚਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਘਰ ਆਏ ਮਹਿਮਾਨ ਨੂੰ ਸਤਿ ਸ੍ਰੀ ਅਕਾਲ ਬੁਲਾਉਣ ਤੇ ਉਨ੍ਹਾਂ ਦੇ ਲਾਗੇ ਆ ਕੇ ਬੈਠਣ ਲਈ ਸਿਖਾਉਣਾ ਚਾਹੀਦਾ ਹੈ। ਬੱਚੇ ਨੂੰ ਬਚਪਨ ਤੋਂ ਹੀ ਫ਼ਜ਼ੂਲ ਖ਼ਰਚੀ ਤੋਂ ਪ੍ਰਹੇਜ਼ ਤੇ ਜੇਬ ਖ਼ਰਚ ਲਈ ਮਿਲਦੇ ਪੈਸਿਆਂ ਵਿੱਚੋਂ ਕੁਝ ਪੈਸੇ ਜਮ੍ਹਾਂ ਕਰਨ ਲਈ ਦੱਸਣਾ ਚਾਹੀਦਾ ਹੈ ਤਾਂ ਕਿ ਉਹ ਆਪਣੀ ਪੜ੍ਹਾਈ ਲਈ ਜ਼ਰੂਰੀ ਵਸਤਾਂ ਖ਼ਰੀਦ ਸਕੇ। ਨਹਾਉਣ ਸਮੇਂ ਜਾਂ ਹੱਥ ਧੋਂਦੇ ਸਮੇਂ ਘੱਟ ਪਾਣੀ ਵਰਤਣ, ਕਮਰੇ ਤੋਂ ਬਾਹਰ ਨਿਕਲਣ ਸਮੇਂ ਵਾਧੂ ਬਲਬ, ਪੱਖੇ ਬੰਦ ਕਰਨ, , ਘੱਟ ਟੀਵੀ ਦੇਖਣ ਦੀਆਂ ਆਦਤਾਂ ਬੱਚੇ ਵਿਚ ਬਚਪਨ ਤੋਂ ਹੀ ਪਾਉਣੀਆਂ ਚਾਹੀਦੀਆਂ ਹਨ।

ਬੱਚਿਆਂ ਨੂੰ ਬਚਪਨ ਤੋਂ ਹੀ ਬਰਗਰ, ਨੂਡਲਜ਼, ਪੀਜ਼ਾ ਖਾਣ ਤੋਂ ਰੋਕਣਾ ਚਾਹੀਦਾ ਹੈ ਤੇ ਭੋਜਨ ਸਬੰਧੀ ਚੰਗੀਆਂ ਆਦਤਾਂ ਪਾਉਣੀਆਂ ਚਾਹੀਦੀਆਂ ਹਨ ਤੇ ਖਾਣਾ ਜਿੰਨ੍ਹਾਂ ਖਾਣਾ ਹੈ ਉਨ੍ਹਾਂ ਹੀ ਪਾਉਣ ਲਈ ਸਿਖਾਉਣਾ ਚਾਹੀਦਾ ਹੈ।

• ਸ਼ਮਸ਼ੇਰ ਸਿੰਘ ਸੋਹੀ

# ਮੁਸਕਰਾਹਟਾਂ ਵੰਡਦੇ ਚਿਹਰੇ

ਮੁਸਕਰਾਉਂਦਾ ਚਿਹਰਾ, ਹਰੇ ਸੇਬਾਂ ਵਿਚ ਲਾਲ ਸੇਬ ਵਾਂਗ ਲਗਦਾ ਹੈ। ਦੁੱਧ ਉੱਤੇ ਆਈ ਮਲਾਈ, ਦੁੱਧ ਦੀ ਮੁਸਕਰਾਹਟ ਹੁੰਦੀ ਹੈ। ਧੋਤੇ ਹੋਏ ਕੱਪੜੇ ਅਤੇ ਮਾਂਜੇ ਹੋਏ ਭਾਂਡੇ ਵੀ ਮੁਸਕਰਾਉਂਦੇ ਹਨ। ਅਧਿਆਪਕਾਂ ਦੀਆਂ ਸਮਝਾਈਆਂ ਗੁੱਝੀਆਂ ਗੱਲਾਂ, ਵਿਦਿਆਰਥੀਆਂ ਦੇ ਚਿਹਰਿਆਂ 'ਤੇ ਮੁਸਕਰਾਹਟਾਂ ਉਪਜਾਉਂਦੀਆਂ ਹਨ। ਨਵੇਂ ਜਮਾਤੀ ਮੁਸਕਰਾਉਂਦੇ-ਮੁਸਕਰਾਉਂਦੇ ਇਕ ਦੂਜੇ ਦੇ ਨੇੜੇ ਆ ਜਾਂਦੇ ਹਨ। ਜਮਾਤੀ ਹੋਣ ਦੇ ਅਧਿਕਾਰ ਨਾਲ ਨਵੇਂ ਦਾਖ਼ਲ ਹੋਏ ਲੜਕੇ ਨੇ ਆਪਣੀ ਜਮਾਤਣ ਲੜਕੀ ਨੂੰ ਪੁੱਛਿਆ, ਕਿੰਨੇ ਦਿਨ ਹੋ ਗਏ ਹਨ, ਤੂੰ ਕਾਲਜ ਨਹੀਂ ਆਈ? ਲੜਕੀ ਨੇ ਘਬਰਾ ਕੇ ਸ਼ਰਮਾਉਂਦਿਆਂ, ਮੁਸਕਰਾ ਕੇ ਕਿਹਾ, 'ਤੂੰ ਕਦੋਂ ਤੋਂ ਦਿਨ ਗਿਣਨੇ ਸ਼ੁਰੂ ਕਰ ਦਿੱਤੇ ਹਨ। ਚੋਰ ਜਿੰਦਰਿਆਂ ਨੂੰ ਵੇਖ ਕੇ ਮੁਸਕਰਾਉਂਦੇ ਹਨ। ਹਰ ਕਿਸੇ ਦੀ ਜ਼ਿੰਦਗੀ ਵਿਚ ਕੋਈ ਨਾ ਕੋਈ ਆਉਂਦਾ ਹੈ, ਜਿਸ ਦੀਆਂ ਮੁਸਕਰਾਹਟਾਂ ਚੇਤਿਆਂ ਵਿਚ ਵੱਸ ਜਾਂਦੀਆਂ ਹਨ।



ਤੁਹਾਡੀ ਜ਼ਿੰਦਗੀ ਵਿਚ ਵੀ ਕੋਈ ਆਇਆ ਹੋਵੇਗਾ! ਮੇਰੇ ਜੀਵਨ ਵਿਚ ਵੀ ਇਕ ਆਈ ਸੀ। ਜਿਸ ਤੋਂ ਪਤਾ ਲੱਗਿਆ ਸੀ ਕਿ ਸੁੰਦਰਤਾ ਉਹ ਹੈ, ਜਿਸ ਨੂੰ ਅਸੀਂ ਵੇਖਦੇ ਹਾਂ, ਸੋਹਣਾ ਉਹ ਹੈ ਜਿਹੜਾ ਸਾਨੂੰ ਵੇਖਦਾ ਹੈ। ਉਹ ਮੇਰੀ ਜਮਾਤਣ ਸੀ। ਹੋਰਾਂ ਲਈ ਉਹ ਚਾਨਣ-ਮੁਨਾਰਾ ਸੀ। ਮੇਰੇ ਲਈ ਉਹ ਬੰਦਰਗਾਹ ਸੀ। ਉਸ ਦੇ ਦਰਸ਼ਨ ਕਰਨਾ ਮੇਰੀਆਂ ਅੱਖਾਂ ਦਾ ਨਿੱਤਨੇਮ ਸੀ। ਮੈਨੂੰ ਉਸ ਦਾ ਪਰਛਾਵਾਂ ਵੀ ਮੁਸਕਰਾਉਂਦਾ ਵਿਖਾਈ ਦਿੰਦਾ ਸੀ। ਉਸ ਦੀ ਆਵਾਜ਼ ਵਿਚ ਜਲਤਰੰਗ ਸੀ। ਉਸ ਦੀ ਤੱਕਣੀ ਆਲੇ-ਦੁਆਲੇ ਨੂੰ ਚਿੱਤਰ ਬਣਾ ਦਿੰਦੀ ਸੀ । ਉਹ ਇਕੱਲੀ ਹੀ ਬਹੁ-ਸੰਮਤੀ ਸੀ । ਉਸ ਦੇ ਕਲਾਸ ਵਿਚ ਆਉਣ ਨਾਲ ਵਿਆਹ ਵਾਲੀ ਰੌਣਕ ਹੋ ਜਾਂਦੀ ਸੀ। ਉਹ ਆਪਣੀ ਰੋ ਰਹੀ ਸਹੇਲੀ ਨੂੰ ਚੁੱਪ ਕਰਾਉਂਦੀ-ਕਰਾਉਂਦੀ ਆਪ ਰੋਣ ਲੱਗ ਪੈਂਦੀ ਸੀ। ਉਸ ਦੀ ਹਰ ਚੀਜ਼ ਚੋਰੀ ਕਰ ਕੇ ਸਾਂਭਣਯੋਗ ਸੀ। ਉਸ ਦੀ ਅਮੀਰੀ ਇਹ ਸੀ ਕਿ ਉਹ ਹਰ ਵੇਲੇ ਮੁਸਕਰਾਉਂਦੀ ਰਹਿੰਦੀ ਸੀ । ਉਸ ਨੂੰ ਮੁਸਕਰਾਉਣ ਵਾਸਤੇ ਕੋਈ ਕਾਰਨ ਨਹੀਂ ਸੀ ਲੱਭਣਾ ਪੈਂਦਾ । ਉਹ ਸਾਡੇ ਸਾਰਿਆਂ ਦੀ ਸੋਚ ਉੱਤੇ ਰਾਜ ਕਰਦੀ ਸੀ। ਉਸ ਦੀ ਸੂਰਤ ਵੇਖ ਕੇ ਸਾਨੂੰ ਸਾਰਿਆਂਨੂੰ ਆਪਣੀ ਸ਼ਕਲ ਭੁੱਲ ਜਾਂਦੀ ਸੀ। ਜਿੰਨੀ ਸੁੰਦਰਤਾ ਕਿਸੇ ਵਿਚ ਵੇਖਣ ਦੀ ਹਿੰਮਤ ਹੁੰਦੀ ਸੀ। ਉਹ ਉਨੀ ਹੀ ਸੁੰਦਰ ਲੱਗਦੀ ਸੀ। ਕਿਸੇ ਵੀ ਤਸਵੀਰ ਵਿਚ ਉਸ ਦੀ ਸੁੰਦਰਤਾ ਦੇ ਸਾਰੇ ਪੱਖ ਨਹੀਂ ਸਨ ਆ ਸਕਦੇ। ਉਸ ਦਾ ਦਿਸੀ ਜਾਣਾ ਹੀ ਸਾਡੀ ਪੂਰਨਤਾ ਸੀ।

• ਨਰਿੰਦਰ ਸਿੰਘ ਕਪੂਰ
98158-80435

**ਸਾਨੂੰ ਪਰਮਾਤਮਾ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਉਸ ਨੇ ਸਾਨੂੰ ਇਨੀਂ ਸੋਹਣੀ ਸ੍ਰਿਸ਼ਟੀ 'ਚ ਜਨਮ ਦਿੱਤਾ ਹੈ। ਮੈਂ ਜਦੋਂ ਵੀ ਕੁਦਰਤ ਨੂੰ ਤੱਕਦੀ ਹਾਂ ਤਾਂ ਮੇਰਾ ਰੋਮ-ਰੋਮ ਖਿੜ ਉੱਠਦਾ ਹੈ...**



# ਜਿਸ ਟਾਹਲੀ 'ਤੇ ਬੈਠਾ ਉਸੇ ਨੂੰ ਵੱਢ ਰਿਹੈ ਮਨੁੱਖ

ਕੁਦਰਤ ਇਕ ਵਿਸ਼ਾਲ ਪਸਾਰਾ ਹੈ। ਇਹ ਮਨੁੱਖੀ ਜੀਵਨ 'ਚ ਇਕ ਅਹਿਮ ਸਥਾਨ ਰੱਖਦੀ ਹੈ। ਕੁਦਰਤ ਦੇ ਇਸ ਵਿਸ਼ਾਲ ਪਸਾਰੇ 'ਚ ਅਨੇਕਾਂ ਜੀਵ-ਜੰਤੂਆਂ ਦੇ ਅੰਸ਼ ਸਮਾਏ ਹੋਏ ਹਨ। ਪਰਮਾਤਮਾ ਨੇ ਜੀਵਾਂ ਨੂੰ ਜਿਉਂਦੇ ਰਹਿਣ ਲਈ ਵਾਯੂਮੰਡਲ, ਪੀਣ ਲਈ ਪਾਣੀ ਦੇ ਅਨੇਕ ਸੋਮੇ, ਖਾਣ-ਪੀਣ ਲਈ ਦਾਲ-ਰੋਟੀ ਅਤੇ ਰਹਿਣ ਬਸੇਰਾ ਕਰਨ ਲਈ ਥਾਂ ਦਿੱਤੀ। ਕੁਦਰਤ ਦੇ ਇਸ ਵਿਸ਼ਾਲ ਪਸਾਰੇ 'ਚ ਅਨੇਕਾਂ ਜੀਵਾਂ ਨੇ ਜਨਮ ਲਿਆ ਤੇ ਲੈ ਰਹੇ ਹਨ। ਪਰਮਾਤਮਾ ਨੇ ਮਨੁੱਖ ਨੂੰ ਪਾਣੀ ਦੇ ਵੱਖ-ਵੱਖ ਸੋਮਿਆਂ ਨਾਲ ਨਿਵਾਜਿਆ ਹੈ ਜਿਵੇਂ : ਖੂਹ, ਛੱਪੜ, ਤਲਾਅ, ਨਦੀਆਂ ਆਦਿ। ਜੰਗਲੀ ਜਾਨਵਰ ਤੇ ਪੰਛੀ ਪਾਣੀ ਦੇ ਇਨ੍ਹਾਂ ਸੋਮਿਆਂ ਤੋਂ ਪਾਣੀ ਪੀਂਦੇ ਹਨ। ਉਨ੍ਹਾਂ ਦਾ ਜੀਵਨ ਇਨ੍ਹਾਂ ਸੋਮਿਆਂ ਦੇ ਸਿਰ 'ਤੇ ਹੀ ਬਤੀਤ ਹੁੰਦਾ ਹੈ।

## ਪਰਮਾਤਮਾ ਦਾ ਸ਼ੁਕਰਾਨਾ

ਸਾਨੂੰ ਪਰਮਾਤਮਾ ਦਾ ਹਰ ਵੇਲੇ ਤਹਿ ਦਿਲੋਂ ਸ਼ੁਕਰਾਨਾ ਕਰਨਾ ਚਾਹੀਦਾ ਹੈ ਕਿ ਉਸ ਨੇ ਸਾਨੂੰ ਇਨ੍ਹੀਂ ਸੋਹਣੀ ਸ੍ਰਿਸ਼ਟੀ 'ਚ ਜਨਮ ਦਿੱਤਾ ਹੈ। ਮੈਂ ਜਦੋਂ ਵੀ ਕੁਦਰਤ ਨੂੰ ਤੱਕ ਦੀ ਹਾਂ ਤਾਂ ਮੇਰਾ ਰੋਮ-ਰੋਮ ਖਿੜ ਉੱਠਦਾ ਹੈ। ਕੁਦਰਤ ਦੇ ਨਜ਼ਾਰੇ ਬਹੁਤ ਦਿਲ ਖਿੱਚਵੇਂ ਹਨ। ਕਈ ਵਾਰ ਮੇਰਾ ਮਨ ਕਰਦਾ ਹੈ ਕਿ ਮੈਂ ਪੰਛੀਆਂ ਵਾਂਗ ਆਸਮਾਨ 'ਚ ਉਡਾਰੀਆਂ ਲਾਵਾਂ। ਰੁੱਖਾਂ ਨਾਲ ਬਾਤਾਂ ਪਾਵਾਂ, ਟਾਹਣੀਆਂ 'ਤੇ ਬੈਠ ਕੇ ਪੰਛੀਆਂ ਨਾਲ ਹੱਸਾਂ-ਖੇਡਾਂ।

ਦਰਿਆਵਾਂ ਦਾ ਵਗਦਾ ਪਾਣੀ ਬਹੁਤ ਹੀ ਸੋਹਣਾ ਲੱਗਦਾ ਹੈ ਅਤੇ ਮਨੁੱਖ ਨੂੰ ਜ਼ਿੰਦਗੀ 'ਚ ਹਮੇਸ਼ਾ ਸਹਿਜ-ਸਬਰ ਨਾਲ ਚਲਦੇ ਰਹਿਣ ਲਈ ਵੀ ਪ੍ਰੇਰਿਤ ਕਰਦਾ ਹੈ। ਪਹਾੜਾਂ ਦੀਆਂ ਉੱਚੀਆਂ-ਉੱਚੀਆਂ ਟੀਸੀਆਂ ਵੀ ਸਾਨੂੰ ਜੀਵਨ 'ਚ ਅਗਾਂਹ ਵਧਣ ਦੀ ਸਿੱਖਿਆ ਦਿੰਦੀਆਂ ਹਨ। ਪਰਮਾਤਮਾ ਨੇ ਇਸ ਕੁਦਰਤ 'ਚ ਬਹੁਤ ਜੀਵਾਂ ਦੀ ਸਿਰਜਣਾ ਕੀਤੀ ਹੈ। ਮਿੱਟੀ, ਪਾਣੀ, ਵਾਯੂਮੰਡਲ, ਧਰਤੀ ਦੇ ਜਿਸਮਾਨੀ ਅੰਗ ਹਨ ਜੋ ਜੀਵ-ਜੰਤੂਆਂ ਨੂੰ ਜੀਵਤ ਰੱਖਣ ਲਈ ਇਕ ਦੂਜੇ ਦੇ ਸਬੰਧ 'ਚ ਰਹਿੰਦੇ ਹਨ। ਧਰਤੀ 'ਤੇ ਅਨੇਕਾਂ ਜੀਵ-ਜੰਤੂ ਪਲ ਰਹੇ ਹਨ ਤੇ ਦਿਨ ਪ੍ਰਤੀ ਦਿਨ ਆਪਣੀਆਂ ਪ੍ਰਜਾਤੀਆਂ 'ਚ ਵਾਧਾ ਕਰ ਰਹੇ ਹਨ।

## ਕੁਦਰਤ ਦੀ ਸਿਰਜਣਾ

ਕੁਦਰਤ ਨੂੰ ਸਿਰਜਣ ਵਾਲਾ ਪਰਮਾਤਮਾ ਹੈ, ਜਿਸ ਦੀ ਮਰਜ਼ੀ ਤੋਂ ਬਿਨਾਂ ਇਕ ਪੱਤਾ ਵੀ ਨਹੀਂ ਹਿੱਲਦਾ। ਪਰਮਾਤਮਾ ਦੁਆਰਾ ਰਚਿਤ ਪੌਣ, ਪਾਣੀ, ਮਿੱਟੀ, ਸੂਰਜ, ਚੰਦ, ਸਿਤਾਰੇ, ਮਨੁੱਖ, ਪੰਛੀ, ਜਾਨਵਰ ਆਦਿ ਸਭ ਉਸ ਦੇ ਗ਼ੁਲਾਮ ਹਨ।

ਕੁਦਰਤ 'ਚ ਕੋਈ ਵੀ ਪਰਿਵਰਤਨ ਨਹੀਂ ਕੀਤਾ ਜਾ ਸਕਦਾ ਕੇਵਲ ਕੁਦਰਤ ਨੂੰ ਸਿਰਜਣ ਜਾਂ ਉਸਾਰਨ ਵਾਲਾ ਹੀ ਇਸ 'ਚ ਤਬਦੀਲੀ ਕਰ ਸਕਦਾ ਹੈ। ਪਰਮਾਤਮਾ ਨੇ ਬਹੁਤ ਸਾਲ ਪਹਿਲਾਂ ਕੁਦਰਤ ਦੀ ਸਿਰਜਨਾ ਕੀਤੀ ਤਾਂ ਉਸ ਨੇ ਲੱਖਾਂ, ਕਰੋੜਾਂ ਜੀਵ-ਜੰਤੂ ਅਤੇ ਇਨਸਾਨ ਬਣਾਏ। ਪਰਮਾਤਮਾ ਨੇ ਸਭ ਤੋਂ ਵਧੇਰੇ ਸਮਝਦਾਰ ਅਤੇ ਸੂਝਵਾਨ ਇਨਸਾਨ ਨੂੰ ਬਣਾਇਆ ਸੀ। ਇਸ ਨੂੰ ਸਮਝਦਾਰ ਬਣਾਉਣ ਦਾ ਕਾਰਨ ਸੀ ਕਿ ਇਨਸਾਨ ਸਹੀ ਗ਼ਲਤ ਵਿਚਲੇ ਅੰਤਰ ਨੂੰ ਸਮਝ ਸਕੇ। ਜੇਕਰ ਕੋਈ ਵੀ ਕੁਦਰਤ ਨਾਲ ਛੇੜ-ਛਾੜ ਕਰਦਾ ਹੈ ਤਾਂ ਉਸ ਨੂੰ ਰੋਕਿਆ ਜਾ ਸਕੇ। ਅਜੋਕਾ ਇਨਸਾਨ ਕੁਦਰਤ ਦਾ ਵੱਡਾ ਦੁਸ਼ਮਣ ਬਣ ਬੈਠਾ ਹੈ।

## ਮਨੁੱਖੀ ਮਨਮਰਜ਼ੀਆਂ

ਤਰੱਕੀ ਅਤੇ ਵਿਕਾਸ 'ਚ ਵਾਧਾ ਹੋਣ ਕਾਰਨ ਸਭ ਤੋਂ ਸਮਝਦਾਰ ਮਨੁੱਖ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਜਿਸ ਕਾਰਨ ਕੁਦਰਤ ਦੇ ਸੰਤੁਲਨ 'ਚ ਅਸਮਾਨਤਾ ਪੈਦਾ ਹੁੰਦੀ ਜਾ ਰਹੀ ਹੈ। ਕੁਦਰਤ 'ਚ ਅਸੰਤੁਲਨ ਪੈਦਾ ਹੋਣ ਕਾਰਨ ਜਨਜੀਵਨ ਸਿੱਧੇ-ਅਸਿੱਧੇ ਢੰਗ ਨਾਲ ਪ੍ਰਭਾਵਿਤ ਹੋ ਰਿਹਾ ਹੈ। ਮਨੁੱਖ ਕੁਦਰਤੀ ਵਰਤਾਰਿਆਂ ਦੇ ਉਲਟ ਜਾ ਕੇ ਮਨਮਰਜ਼ੀਆਂ ਕਰਦਾ ਹੈ। ਕੁਦਰਤ ਵੱਲੋਂ ਇਸ ਦਾ ਵਿਰੋਧ ਕਰਨਾ ਜਾਇਜ਼ ਅਤੇ ਸੁਭਾਵਿਕ ਹੈ। ਮਨੁੱਖ ਦੀਆਂ ਮਨਮਰਜ਼ੀਆਂ ਕਾਰਨ ਧਰਤੀ ਦੇ ਅੰਗ ਮਿੱਟੀ, ਪਾਣੀ, ਹਵਾ ਸਭ ਪ੍ਰਭਾਵਿਤ ਹੋ ਰਹੇ ਹਨ। ਮਨੁੱਖ ਅਜਿਹਾ ਵਰਤਾਰਾ ਕਈ ਸਦੀਆਂ ਤੋਂ ਕਰਦਾ ਆ ਰਿਹਾ ਹੈ। ਜਦੋਂ ਕੁਦਰਤ ਇਨ੍ਹਾਂ ਵਰਤਾਰਿਆਂ ਦਾ ਪਲਟ ਜਵਾਬ ਦਿੰਦੀ ਹੈ ਤਾਂ ਉਸ ਨੂੰ ਕੁਦਰਤੀ ਕਰੋਪੀ ਕਹਿੰਦੇ ਹਨ। ਜਿਸ ਕਰੋਪੀ ਕਾਰਨ ਕੁਦਰਤ ਦਾ ਹਰ ਇਕ ਨਿੱਕੇ ਤੋਂ ਨਿੱਕਾ ਅੰਸ਼ ਵੀ ਪ੍ਰਭਾਵਿਤ ਹੁੰਦਾ ਹੈ। ਕੁਦਰਤੀ ਕਰੋਪੀ ਤੋਂ ਪ੍ਰਭਾਵਿਤ ਜੀਵਾਂ ਨੂੰ ਲੱਖਾਂ-ਕਰੋੜਾਂ ਸਾਲ ਲੱਗ ਜਾਂਦੇ ਹਨ ਫਿਰ ਤੋਂ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਲਈ। ਇਨ੍ਹਾਂ ਕਰੋਪੀਆਂ ਦਾ ਅਸਰ ਕਈ-ਕਈ ਪੀੜ੍ਹੀਆਂ 'ਤੇ ਵੀ ਪੈਂਦਾ ਰਹਿੰਦਾ ਹੈ।

## ਵਿਕਾਸ ਦੀ ਰਾਹ

ਮਨੁੱਖ ਪੈਸਾ ਕਮਾਉਣ ਅਤੇ ਵਿਕਾਸ ਦੀ ਰਫ਼ਤਾਰ 'ਚ ਆਪਣੇ ਆਪ ਦਾ ਹੀ ਜਾਣੇ ਅਣਜਾਣੇ 'ਚ ਨੁਕਸਾਨ ਕਰਦਾ ਜਾ ਰਿਹਾ ਹੈ। ਉਹ ਆਪਣਾ ਦੁਸ਼ਮਣ ਆਪ ਹੀ ਬਣਦਾ ਜਾ ਰਿਹਾ ਹੈ। ਮਨੁੱਖ ਆਪਣੇ ਜੀਵਨ ਨੂੰ ਸੌਖਾਲਾ ਬਣਾਉਣ ਲਈ, ਕੁਦਰਤ ਨਾਲ ਛੇੜਖਾਨੀਆਂ ਕਰ ਰਿਹਾ ਹੈ। ਉ ਅਜਿਹਾ ਕਰ ਕੇ ਅਸੰਭਵ ਕੰਮ ਨੂੰ ਸੰਭਵ ਤਾਂ ਕਰ ਰਿਹਾ ਹੈ ਪਰ ਨਾਲ ਹੀ ਨਾਲ ਕੁਦਰਤ ਨਾਲ ਖੇਡ ਵੀ ਰਿਹਾ ਹੈ। ਉਹ ਭੁੱਲਦਾ ਜਾ ਰਿਹਾ ਹੈ ਕਿ ਉਹ ਤਰੱਕੀ ਦੇ ਨਾਲ-ਨਾਲ ਆਪਣੇ ਆਪ ਨਾਲ ਵੀ ਖਿਲਵਾੜ ਕਰ ਰਿਹਾ ਹੈ। ਉਹ ਆਪਣੇ ਜੀਵਨ ਨੂੰ ਤਾਂ ਸੌਖਾਲਾ ਕਰ ਰਿਹਾ ਹੈ ਪਰ ਅੰਨ੍ਹੇਵਾਹ ਬਾਕੀ ਜੀਵ-ਜੰਤੂ ਨੂੰ ਮੁਸੀਬਤ ਵਿਚ ਪਾ ਰਿਹਾ ਹੈ।

ਕੁਦਰਤ ਨਾਲ ਛੇੜ-ਛਾੜ ਕਰਕੇ ਬਹੁਤ ਸਾਰੀਆਂ ਪ੍ਰਜਾਤੀਆਂ ਲੁਪਤ ਹੁੰਦੀਆਂ ਜਾ ਰਹੀਆਂ ਹਨ ਤੇ ਕੁਝ ਖ਼ਤਮ ਹੋਣ ਦੀ ਕਗਾਰ 'ਤੇ ਹਨ। ਮਨੁੱਖ ਆਪਣੇ ਐਸ਼ੋ ਅਰਾਮ ਲਈ ਕੁਦਰਤੀ ਸੋਮਿਆਂ ਨੂੰ ਬਹੁਤ ਬੇਰਹਿਮੀ ਨਾਲ ਬਰਬਾਦ ਕਰੀ ਜਾ ਰਿਹਾ ਹੈ। ਪਾਣੀ ਦੇ ਸੋਮੇ ਇਸ ਦੀ ਨਾ ਸਮਝੀ ਕਾਰਨ ਲੋਪ ਹੁੰਦੇ ਜਾ ਰਹੇ ਹਨ।

## ਗੰਧਲਾ ਵਾਤਾਵਰਨ

ਮਨੁੱਖ ਅਨੇਕਾਂ ਫੈਕਟਰੀਆਂ ਦੀ ਉਸਾਰੀ ਕਰ ਰਿਹਾ ਹੈ ਜਿਸ ਕਾਰਨ ਹਵਾ, ਪਾਣੀ, ਸ਼ੋਰ ਅਤੇ ਮਿੱਟੀ ਪ੍ਰਦੂਸ਼ਣ ਆਦਿ 'ਚ ਵਾਧਾ ਹੋ ਰਿਹਾ ਹੈ। ਵਾਤਾਵਰਨ ਪੂਰੀ ਤਰ੍ਹਾਂ ਗੰਧਲਾ ਹੋ ਰਿਆ ਹੈ ਇਹੀ ਕਾਰਨ ਹੈ ਮਨੁੱਖ ਅਨੇਕਾਂ ਬਿਮਾਰੀਆਂ ਦਾ ਸਾਹਮਣਾ ਕਰ ਰਿਹਾ ਹੈ। ਵਾਤਾਵਰਨ ਗੰਧਲਾ ਹੋਣ ਕਾਰਨ ਸਾਹ ਲੈਣਾ ਵੀ ਮੁਸ਼ਕਲ ਹੋ ਰਿਹਾ ਹੈ। ਮਨੁੱਖ ਨੇ ਸਿਰਫ਼ ਆਪਣੀ ਤਰੱਕੀ ਬਾਰੇ ਹੀ ਸੋਚਿਆ ਹੈ। ਤਰੱਕੀ ਦੀ ਆੜ 'ਚ ਉਸ ਨੇ ਕੁਦਰਤ ਨੂੰ ਤਹਿਸ-ਨਹਿਸ ਕਰ ਦਿੱਤਾ ਹੈ। ਇਨ੍ਹਾਂ ਗਤੀਵਿਧੀਆਂ ਕਾਰਨ ਵਾਤਾਵਰਨ ਬਹੁਤ ਬੁਰੀ ਤਰ੍ਹਾਂ ਦੂਸ਼ਿਤ ਹੋ ਚੁੱਕਾ ਹੈ। ਵਾਤਾਵਰਨ 'ਚ ਅਨੇਕਾਂ ਪ੍ਰਕਾਰ ਦੀਆਂ ਗੈਸਾਂ ਪੈਦਾ ਹੋ ਰਹੀਆਂ ਹਨ ਜਿਸ ਕਾਰਨ ਬੱਦਲ ਫਟਣੇ, ਗਲੇਸ਼ੀਅਰ, ਲਾਵਾ ਵਰਗੀਆਂ ਭਿਆਨਕ ਆਫ਼ਤਾਂ ਦਾ ਸਾਹਮਣਾ ਇਸ ਨੂੰ ਕਰਨਾ ਪੈ ਰਿਹਾ ਹੈ।

ਵਧਦੀ ਵੱਸੋ ਦੀਆਂ ਲੋੜਾਂ ਦੀ ਪੂਰਤੀ ਕਰਨ ਲਈ ਪਹਾੜਾਂ ਨੂੰ ਪੱਧਰਾ ਕਰ ਕੇ ਸੜਕਾਂ, ਹੋਟਲ, ਪਿਕਨਿਕ ਸਪਾਟ ਅਤੇ ਰੇਲ ਗੱਡੀਆਂ ਦੀਆਂ ਪੱਟੜੀਆਂ ਬਹੁਤ ਤੇਜ਼ੀ ਨਾਲ ਵਿਛਾਈਆਂ ਜਾ ਰਹੀਆਂ ਹਨ। ਦੂਰ- ਦੂਰ ਤੱਕ ਫੈਲੇ ਜੰਗਲ ਅੱਜ ਖ਼ਤਮ ਹੁੰਦੇ ਜਾ ਰਹੇ ਹਨ। ਦਰਿਆਵਾਂ ਨੇ ਨਿੱਕੀਆਂ-ਨਿੱਕੀਆਂ ਨਦੀਆਂ ਦਾ ਰੂਪ ਧਾਰਨ ਕਰ ਲਿਆ ਹੈ ਜਿਸ ਕਾਰਨ ਜੰਗਲੀ ਜੀਵ-ਜੰਤੂਆਂ ਦੇ ਰਹਿਣ ਦਾ ਆਸਰਾ ਖ਼ਤਮ ਹੋ ਗਿਆ ਹੈ ਅਤੇ ਉਹ ਲੋਪ ਹੁੰਦੇ ਜਾ ਰਹੇ ਹਨ। ਕੁਦਰਤ ਦੀ ਸਮਝ ਰੱਖਣ ਵਾਲੇ ਵਿਗਿਆਨੀ ਵਾਰ-ਵਾਰ ਸੁਚੇਤ ਕਰਦੇ ਰਹਿੰਦੇ ਹਨ ਕਿ ਅਜੋਕਾ ਮਨੁੱਖ ਜਿਸ ਟਾਹਣੀ 'ਤੇ ਬੈਠਾ ਹੈ ਉਸ ਨੂੰ ਹੀ ਉਹ ਵੱਢ ਰਿਹਾ ਹੈ। ਕਿੰਨਾ ਬੇਸਮਝ ਹੈ ਇਹ ਮਨੁੱਖ।

• ਨਵਪ੍ਰੀਤ ਕੌਰ

## ਨਾਰੀਵਾਦੀ ਔਰਤਾਂ

# ਜੈਕੋਬਿਨ ਕਾਮੀਲਾ ਕੋਲੈੱਟ

*ਕਾਮੀਲਾ ਕੋਲੇਟ ਵੱਲ ਵੇਖ ਕੇ ਹੋਰ ਵੀ ਕਈ ਔਰਤਾਂ ਨੇ ਨਾਰੀਆਂ ਬਾਰੇ ਲਿਖਣ ਦੀ ਹਿੰਮਤ ਕੀਤੀ ਅਤੇ ਇਹ ਨਾਰਵੇ ਵਿਚ ਪਹਿਲੀ ਨਾਰੀਵਾਦੀ ਲਹਿਰ ਬਣੀ ਕਿਉਂਕਿ ਨਾਰੀਆਂ ਦੀ ਸਮਾਜਿਕ ਸਥਿਤੀ ਨੂੰ ਸੁਧਾਰਨ ਲਈ ਸਾਹਿਤ ਨੇ ਬਹੁਤ ਵੱਡਾ ਯੋਗਦਾਨ ਪਾਇਆ ਸੀ।*



ਡਾ. ਜੋਗਿੰਦਰ ਸਿੰਘ ਕੈਰੋਂ
82643-06671

ਕਾਮੀਲਾ ਦਾ ਪੂਰਾ ਨਾਂ ਜੈਕੋਬਿਨ ਕਾਮੀਲਾ ਕੋਲੈੱਟ ਸੀ, ਜਿਸ ਦਾ ਜਨਮ ਕ੍ਰਿਸਟੀਅਨਸੈਂਡ ਨਾਰਵੇ ਵਿਚ 23 ਜਨਵਰੀ, 1813 ਨੂੰ ਹੋਇਆ। ਉਹ ਕਵੀ ਹੈਰਿਕ ਵਰਗੀਲੈਂਡ ਦੀ ਛੋਟੀ ਭੈਣ ਸੀ। ਕਾਮੀਲਾ ਨਾਰਵੇ ਦੀ ਨਾਰੀਵਾਦੀ ਲੇਖਿਕਾ ਸੀ। ਉਸ ਦੇ ਪਿਤਾ ਦਾ ਨਾਂ ਨਿਕੋਲਾਈ ਵਰਗੀਲੈਂਡ ਸੀ ਜਿਹੜਾ ਧਾਰਮਿਕ ਆਗੂ ਅਤੇ ਰਾਜਨੀਤੀਵਾਨ ਸੀ।

ਕਾਮੀਲਾ ਉਸ ਪਰਿਵਾਰ ਵਿਚ ਪਲੀ ਧੀ ਸੀ ਜਿਹੜਾ ਸਾਹਿਤਕ ਰੁਚੀਆਂ ਵਾਲਾ ਸੀ। ਉਨ੍ਹਾਂ ਦੇ ਘਰ ਵਿਚ ਜਾਂ ਜੇਕੁ ਰੂਸੋ ਦੀਆਂ ਰਚਨਾਵਾਂ ਸਨ, ਜਿਨ੍ਹਾਂ ਨੇ ਕੋਲੈੱਟ ਅਤੇ ਉਸ ਦੇ ਭਰਾ ਨਿਕੋਲਾਈ ਉੱਪਰ ਬਹੁਤ ਪ੍ਰਭਾਵ ਪਾਇਆ। ਉਹ ਲਿਖਣ ਸਮੇਂ ਜਾਰਜ ਸੈਂਡ ਦੇ ਕਾਰਜ ਤੋਂ ਵੀ ਉਤਸਾਹਿਤ ਹੋਈ ਸੀ। ਉਸ ਦਾ ਛੋਟਾ ਭਰਾ ਮੇਜਰ ਜਰਨਲ ਜੋਸਫ਼ ਫ੍ਰੈਂਟਜ਼ ਉਸਕਾਰ ਵਰਗੀਲੈਂਡ ਸੀ। ਜਦੋਂ ਉਹ ਚਾਰ ਸਾਲਾਂ ਦੀ ਸੀ, ਉਨ੍ਹਾਂ ਦਾ ਪਰਿਵਾਰ ਈਡਸਵੋਲ ਚਲਾ ਗਿਆ, ਜਿੱਥੇ ਉਸ ਦੇ ਪਿਤਾ ਨੂੰ ਪਾਦਰੀ ਬਣਾ ਦਿੱਤਾ ਗਿਆ। ਕਾਮੀਲਾ ਨੂੰ ਈਡਸਵੋਲ ਦਾ ਜੀਵਨ ਬੜਾ ਅਕਾਊ ਲੱਗਾ ਤਾਂ ਉਸ ਨੇ ਡਾਇਰੀ ਲਿਖਣੀ ਸ਼ੁਰੂ ਕਰ ਦਿੱਤੀ।

ਡੈਨਮਾਰਕ ਵਿਖੇ ਆਪਣੇ ਸਕੂਲ ਦੀ ਪੜ੍ਹਾਈ ਖ਼ਤਮ ਕਰਕੇ ਜਦੋਂ ਉਹ ਦੁਬਾਰਾ ਕ੍ਰਿਸਟੀਨੀਆ ਆਈ ਤਾਂ ਉਸ ਦਾ ਮਿਲਾਪ ਸ਼ਾਇਰ ਜੋਹਨ ਸੇਬਾਸਤੀਅਨ ਵੇਲਹੇਵਨ ਨਾਲ ਹੋਇਆ, ਜਿਹੜਾ ਕਿ ਉਸ ਦੇ ਭਰਾ ਹੈਰਿਕ ਦਾ ਪੱਕਾ ਵਿਰੋਧੀ ਸੀ। ਜੋਹਨ ਅਤੇ ਕਾਮੀਲਾ ਦਾ ਆਪਸ ਵਿਚ ਪਿਆਰ ਹੋ ਗਿਆ। ਇਸੇ ਕਰਕੇ ਉਸ ਸਮੇਂ ਨਾਰਵੇ ਵਿਚ ਇਹ ਸਬੰਧ ਇਕ ਤਰਾਂ ਨਾਲ ਬੜੀ ਚਰਚਾ ਦਾ ਵਿਸ਼ਾ ਬਣ ਗਏ। ਜੋਹਨ ਨਾਲ ਮਿਲਾਪ ਕਰਕੇ ਕਾਮੀਲਾ ਅਤੇ ਉਸ ਦੇ ਭਰਾ ਦੇ ਸਬੰਧਾਂ ਵਿਚ ਵੀ ਕੁੜੱਤਣ ਆ ਗਈ।

1838 ਵਿਚ ਕਾਮੀਲਾ ਨੂੰ ਸਿਹਤ ਦੀ ਖ਼ਰਾਬੀ ਦੀ ਮੁਸੀਬਤ ਆਣ ਪਈ। ਉਸ ਦੀ ਸਿਹਤਯਾਬੀ ਲਈ ਉਸ ਦਾ ਪਿਤਾ ਉਸ ਨੂੰ ਪੈਰਿਸ ਲੈ ਗਿਆ। ਇਸ ਸਮੇਂ ਉਸ ਦੇ ਸਬੰਧ ਜੋਹਨ ਨਾਲ ਵਿਗੜ ਗਏ ਅਤੇ ਉਨ੍ਹਾਂ ਦਾ ਪਿਆਰ ਵੀ ਖ਼ਤਮ ਹੋ ਗਿਆ। ਉਸ ਨੇ 1842 ਵਿਚ ਪੀਟਰ ਜੋਹਨ ਕੋਲੇਟ ਨਾਲ ਸ਼ਾਦੀ ਕਰ ਲਈ, ਜਿਹੜਾ ਕਿ ਪ੍ਰਸਿੱਧ ਰਾਜਨੀਤਕ ਲੀਡਰ ਅਤੇ ਸਾਹਿਤ ਆਲੋਚਕ ਸੀ। ਉਹ ਬੁੱਧੀਜੀਵੀ ਪਾਰਟੀ ਦਾ ਮੈਂਬਰ ਵੀ ਸੀ। ਉਹ ਇਕ ਸਹਾਇਕ ਅਤੇ ਸਾਊ ਪਤੀ ਸੀ। ਜਿਸ ਨਾਲ ਕਾਮੀਲਾ ਹਰ ਵਿਸ਼ੇ ਉੱਪਰ ਗੱਲਬਾਤ ਕਰ ਸਕਦੀ ਸੀ।



ਸ਼ਾਦੀ ਤੋਂ ਬਾਅਦ ਉਸ ਨੇ ਲਿਖਣਾ ਅਤੇ ਛਪਵਾਉਣਾ ਵੀ ਸ਼ੁਰੂ ਕਰ ਦਿੱਤਾ। ਉਸ ਦਾ ਨਾਵਲ ਦ ਡਿਸਟ੍ਰਿਕ ਗਵਰਨਰਜ਼ ਡਾਟਰਜ਼ ਬਹੁਤ ਪ੍ਰਸਿੱਧ ਹੋਇਆ, ਜਿਹੜਾ ਦੋ ਭਾਗਾਂ ਵਿਚ ਛਪਿਆ। ਇਹ ਨਾਵਲ ਇੱਕੋ ਵੇਲੇ ਰਾਜਨੀਤਕ ਅਤੇ ਸਮਾਜਕ ਯਥਾਰਥ ਨੂੰ ਪੇਸ਼ ਕਰਦਾ ਹੈ। ਇਸ ਨਾਵਲ ਵਿਚ ਇਕ ਔਰਤ ਹੋਣ ਦੇ ਦੁਖਾਂਤ ਨੂੰ ਵੀ ਪੇਸ਼ ਕੀਤਾ ਗਿਆ ਹੈ ਅਤੇ ਨਾਰਵੇ ਵਿਚ ਔਰਤਾਂ ਨੂੰ ਪੇਸ਼ ਆਉਂਦੀਆਂ ਮੁਸ਼ਕਲਾਂ ਬਾਰੇ ਵੀ ਦੱਸਿਆ ਗਿਆ ਹੈ। ਇਸ ਦੇ ਵਿਚ ਖ਼ਾਸ ਕਰ ਕੇ ਔਰਤਾਂ ਨੂੰ ਵਿਆਹ ਸ਼ਾਦੀ ਸਮੇਂ ਆਉਂਦੀਆਂ ਮੁਸ਼ਕਲਾਂ ਨੂੰ ਪੇਸ਼ ਕੀਤਾ ਗਿਆ।

ਵਿਸ਼ਵਾਸ ਕੀਤਾ ਜਾਂਦਾ ਹੈ ਕਿ ਇਸ ਨਾਵਲ ਨੂੰ ਉਸ ਦੀ ਆਪਣੀ ਜ਼ਿੰਦਗੀ ਵਿਚ ਆਏ ਦੁਖਾਂਤ ਅਤੇ ਖ਼ਾਸ ਕਰ ਕੇ ਵੇਲਹੇਵਨ ਨਾਲ ਬਿਤਾਏ ਵਕਤ ਨੇ ਪ੍ਰਭਾਵਿਤ ਕੀਤਾ। ਇਸ ਨਾਵਲ ਤੋਂ ਬਾਅਦ ਉਸ ਨੇ ਬੜੀ ਘੱਟ ਗਲਪ ਲਿਖੀ ਪਰ ਉਹ ਨਿਬੰਧ, ਆਪਣੀਆਂ ਯਾਦਾਂ ਅਤੇ ਵਾਦ-ਵਿਵਾਦ ਜ਼ਰੂਰ ਲਿਖਦੀ ਰਹੀ। ਉਸ ਦੀ ਸ਼ਾਦੀ ਦੇ ਠੀਕ ਦਸ ਸਾਲ ਬਾਅਦ 1851 ਵਿਚ ਉਸ ਦੇ ਪਤੀ ਦੀ ਅਚਾਨਕ ਮੌਤ ਹੋ ਗਈ ਅਤੇ ਉਸ ਨੂੰ ਇਕੱਲੀ ਨੂੰ ਹੀ ਚਾਰ ਪੁੱਤਰਾਂ ਦੀ ਸਾਂਭ-ਸੰਭਾਲ ਕਰਨੀ ਪਈ। ਇਸ ਲਈ ਉਸ ਨੂੰ ਆਪਣਾ ਘਰ ਵੀ ਵੇਚਣਾ ਪਿਆ, ਜਿਸ ਨੂੰ ਉਹ ਮੁੜ ਕਦੀ ਵੀ ਖ਼ਰੀਦ ਨਾ ਸਕੀ। ਉਸ ਨੂੰ ਆਪਣੇ ਤਿੰਨ ਵੱਡੇ ਪੁੱਤਰਾਂ ਨੂੰ ਪਾਲਣ-ਪੋਸਣ ਲਈ ਰਿਸ਼ਤੇਦਾਰਾਂ ਕੋਲ ਘੱਲਣਾ ਪਿਆ। ਉਸ ਨੂੰ ਬਾਕੀ ਉਮਰ ਦੀ ਉਪਜੀਵਕਾ ਲਈ ਆਪ ਹੀ ਸੰਘਰਸ਼ ਕਰਨਾ ਪਿਆ। ਉਸ ਦੀ ਮੌਤ ਕ੍ਰਿਸਟੀਨੀਆ ਵਿਚ 1895 ਨੂੰ ਹੋਈ।

ਕਾਮੀਲਾ ਕੋਲੇਟ ਵੱਲ ਵੇਖ ਕੇ ਹੋਰ ਵੀ ਕਈ ਔਰਤਾਂ ਨੇ ਨਾਰੀਆਂ ਬਾਰੇ ਲਿਖਣ ਦੀ ਹਿੰਮਤ ਕੀਤੀ ਅਤੇ ਇਹ ਨਾਰਵੇ ਵਿਚ ਪਹਿਲੀ ਨਾਰੀਵਾਦੀ ਲਹਿਰ ਬਣੀ, ਕਿਉਂਕਿ ਨਾਰੀਆਂ ਦੀ ਸਮਾਜਿਕ ਸਥਿਤੀ ਨੂੰ ਸੁਧਾਰਨ ਲਈ ਸਾਹਿਤ ਨੇ ਬਹੁਤ ਵੱਡਾ ਯੋਗਦਾਨ ਪਾਇਆ ਸੀ। ਨਾਰਵੇ ਵਿਚ ਚਾਰ ਵੱਡੇ ਕਰ ਕੇ ਜਾਣੇ ਜਾਂਦੇ ਲੇਖਕ : ਹੈਰਿਕ ਇਬਸਨ, ਬਜੋਰੰਸਟਜਰਨੇ ਬਜੋਰੰਸਨ, ਅਲੈਗਜ਼ੰਡਰ ਕੀਲੈਂਡ ਅਤੇ ਜੋਨਸ ਲੀ ਸਨ ਜਿਨ੍ਹਾਂ ਨੇ ਔਰਤਾਂ ਦੇ ਹੱਕ ਵਿਚ ਸਾਹਿਤ ਰਚਿਆ। ਕਾਮੀਲਾ ਕੋਲੈੱਟ ਅਤੇ ਆਸਟਾ ਹਾਂਸਟੀਨ ਨੇ ਵੀ ਨਾਰੀਵਾਦੀ ਸਿਧਾਂਤਾਂ ਵਿਚ ਚੰਗਾ ਯੋਗਦਾਨ ਪਾਇਆ।

# ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਉਦਘਾਟਨ ਸਮਾਰੋਹ ਵਿੱਚ ਸੱਭਿਆਚਾਰਕ ਰੰਗ ਅਤੇ ਸਿਹਤ ਜਾਗਰੂਕਤਾ ਦੀ ਝਲਕ




**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੋਲਡਨ ਏਜ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦਾ ਸ਼ਾਨਦਾਰ ਉਦਘਾਟਨ ਸਮਾਰੋਹ ਕਮਿਊਨਿਟੀ ਸੈਂਟਰ, ਸੈਕਟਰ-35 ਵਿਖੇ ਕਰਵਾਇਆ ਗਿਆ। ਸਮਾਰੋਹ ਵਿੱਚ ਮੁੱਖ ਮਹਿਮਾਨ ਕੌਂਸਲਰ ਸ੍ਰੀਮਤੀ ਪ੍ਰੇਮ ਲਤਾ ਨੇ ਆਪਣੀ ਗਰਿਮਾਮਈ ਹਾਜ਼ਰੀ ਦਰਜ ਕਰਵਾਈ।

ਪ੍ਰੋਗਰਾਮ ਦੀ ਸ਼ੁਰੂਆਤ ਸਰਸਵਤੀ ਵੰਦਨਾ ਨਾਲ ਹੋਈ। ਇਸ ਮੌਕੇ ਸ੍ਰੀਮਤੀ ਸ਼ਕੁੰਤਲਾ ਦੇਵੀ ਨੇ ਦੀਪ ਤੋਂ ਦੀਪ ਜਲੇ ਗੀਤ ਦੀ ਮਨਮੋਹਕ ਪੇਸ਼ਕਾਰੀ ਕਰਕੇ ਸਮਾਂ ਬੰਨ੍ਹ ਦਿੱਤਾ। ਸਮਾਰੋਹ ਦੌਰਾਨ ਰੱਖੜੀ ਦਾ ਤਿਉਹਾਰ ਵੀ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਗੋਲਡਨ ਗਰਲਜ਼ ਨੇ ਸ਼ਾਨਦਾਰ ਗਿੱਧਾ ਅਤੇ ਰੱਖੜੀ ਵਿਸ਼ੇਸ਼ ਪੇਸ਼ਕਾਰੀ ਨਾਲ ਸਾਰਿਆਂ ਦਾ ਮਨ ਮੋਹ ਲਿਆ।

ਇਸ ਮੌਕੇ ਐਸੋਸੀਏਸ਼ਨ ਦੇ ਗੋਲਡਨ ਬੁਆਇਜ਼ ਅਤੇ ਗੋਲਡਨ ਗਰਲਜ਼ ਦੇ ਜਨਮਦਿਨ ਵੀ ਸਾਂਝੇ ਤੌਰ 'ਤੇ ਮਨਾਏ ਗਏ।

ਪ੍ਰੋਗਰਾਮ ਦਾ ਆਯੋਜਨ ਐਸੋਸੀਏਸ਼ਨ ਦੇ ਪ੍ਰਧਾਨ ਗੋਪਾਲ ਕ੍ਰਿਸ਼ਨ ਸੂਦ, ਜਨਰਲ ਸਕੱਤਰ ਦੀਪਕ ਰਿਖੀ ਅਤੇ ਵਿੱਤ ਸਕੱਤਰ ਰੇਖਾ ਚਾਵੜਾ ਦੀ ਸੁਚੱਜੀ ਅਗਵਾਈ ਹੇਠ ਕੀਤਾ ਗਿਆ।

ਸੀਨੀਅਰ ਨਾਗਰਿਕਾਂ ਦੀ ਸਿਹਤ ਨੂੰ ਤਰਜੀਹ ਦਿੰਦਿਆਂ ਇਸ ਮੌਕੇ ਹੀਲਿੰਗ ਹਸਪਤਾਲ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ। ਹਸਪਤਾਲ ਦੀ ਮੈਡੀਕਲ ਟੀਮ ਵੱਲੋਂ ਸੀਨੀਅਰ ਨਾਗਰਿਕਾਂ ਦੀ ਸਿਹਤ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਡਾਕਟਰਾਂ ਵੱਲੋਂ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਦਿਆਂ ਵਿਸ਼ੇਸ਼ ਗੱਲਬਾਤ ਕੀਤੀ ਗਈ, ਜਿਸ ਦਾ ਮੈਂਬਰਾਂ ਨੇ ਭਰਪੂਰ ਲਾਭ ਲਿਆ।

ਇਸ ਸਮਾਰੋਹ ਨੇ ਸੀਨੀਅਰ ਨਾਗਰਿਕਾਂ ਵਿੱਚ ਆਪਸੀ ਮੇਲ-ਜੋਲ, ਸਿਹਤ ਪ੍ਰਤੀ ਜਾਗਰੂਕਤਾ ਅਤੇ ਸਰਗਰਮ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਨਵੀਂ ਊਰਜਾ ਅਤੇ ਉਤਸ਼ਾਹ ਦਾ ਸੰਚਾਰ ਕੀਤਾ।

# CGC ਯੂਨੀਵਰਸਿਟੀ ਮੋਹਾਲੀ ਨੂੰ ਮਿਲਿਆ ਵੱਕਾਰੀ 'ਗਲੋਬਲ ਐਜੂਕਲਚਰ ਨੇਕਸਟ ਜੈਨ ਯੂਨੀਵਰਸਿਟੀ 2026' ਐਵਾਰਡ

**ਮੁਹਾਲੀ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਜੀ ਸੀ ਯੂਨੀਵਰਸਿਟੀ ਮੋਹਾਲੀ ਨੂੰ ਨਵੀਂ ਦਿੱਲੀ ਦੇ ਦਿ ਅਸ਼ੋਕ ਹੋਟਲ ਵਿਖੇ ਲੋਕਨਾਇਕ ਜੈਪ੍ਰਕਾਸ਼ ਨੈਸ਼ਨਲ ਆਰਟ ਐਂਡ ਕਲਚਰ ਫਾਊਂਡੇਸ਼ਨ ਵੱਲੋਂ ਆਯੋਜਿਤ 'ਗਲੋਬਲ ਐਜੂਕਲਚਰ ਕਨਕਲੇਵ 2026' ਦੌਰਾਨ ਵੱਕਾਰੀ 'ਗਲੋਬਲ ਐਜੂਕਲਚਰ ਨੇਕਸਟ ਜੈਨ ਯੂਨੀਵਰਸਿਟੀ 2026' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਮਾਣਯੋਗ ਮਾਨਤਾ ਯੂਨੀਵਰਸਿਟੀ ਵੱਲੋਂ ਭਵਿੱਖ ਲਈ ਤਿਆਰ ਸਿੱਖਿਆ, ਅਕਾਦਮਿਕ ਉੱਤਮਤਾ ਅਤੇ ਨਵੀਨਤਾ ਨੂੰ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਦੇ ਯਤਨਾਂ ਨੂੰ ਸਮਰਪਿਤ ਹੈ।




ਇਹ ਐਵਾਰਡ ਸਿੱਖਿਆ ਸ਼ਾਸਤਰੀਆਂ, ਸੱਭਿਆਚਾਰਕ ਆਗੂਆਂ ਅਤੇ ਨਾਮਵਰ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਸੀ ਜੀ ਸੀ ਯੂਨੀਵਰਸਿਟੀ, ਮੋਹਾਲੀ ਵੱਲੋਂ ਸੱਭਿਆਚਾਰਕ ਮਾਮਲਿਆਂ ਦੇ ਸਹਾਇਕ ਨਿਰਦੇਸ਼ਕ ਵੈਭਵ ਕੇਲੇ ਵਲੋਂ ਪ੍ਰਾਪਤ ਕੀਤਾ ਗਿਆ। ਇਹ ਸਨਮਾਨ ਭਾਰਤ ਸਰਕਾਰ ਦੇ ਸਾਬਕਾ ਕੇਂਦਰੀ ਸਿੱਖਿਆ ਮੰਤਰੀ ਡਾ. ਰਮੇਸ਼ ਪੋਖਰਿਅਲ 'ਨਿਸ਼ੰਕ', ਨਵੀਂ ਦਿੱਲੀ ਵਿੱਚ ਪੋਲਿਸ਼ ਇੰਸਟੀਚਿਊਟ ਦੇ ਡਾਇਰੈਕਟਰ ਮਾਣਯੋਗ ਮਾਲਗੋਰਜ਼ਾਟਾ ਵੇਜਸਿਸ-ਗੋਲੇਬੀਅਕ, ਅਤੇ ਇੰਦਰਾ ਗਾਂਧੀ ਨੈਸ਼ਨਲ ਸੈਂਟਰ ਫਾਰ ਦਾ ਆਰਟਸ ਦੇ ਚੇਅਰਮੈਨ ਪਦਮ ਭੂਸ਼ਣ ਰਾਮ ਬਹਾਦਰ ਰਾਏ ਦੇ ਵਿਸ਼ੇਸ਼ ਪੈਨਲ ਦੁਆਰਾ ਪ੍ਰਦਾਨ ਕੀਤਾ ਗਿਆ।

ਇਸ ਮੌਕੇ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਫਾਦਰ ਆਫ ਐਜੂਕੇਸ਼ਨ ਦੇ ਐਵਾਰਡ ਨਾਲ ਸਨਮਾਨਿਤ ਅਤੇ ਸੀ ਜੀ ਸੀ ਯੂਨੀਵਰਸਿਟੀ ਦੇ ਚਾਂਸਲਰ ਰਛਪਾਲ ਧਾਲੀਵਾਲ ਨੇ ਕਿਹਾ ਕਿ ਇਹ ਐਵਾਰਡ ਇਸ ਗੱਲ ਦਾ ਪ੍ਰਤੀਬਿੰਬ ਹੈ ਕਿ ਸਾਡੀ ਯੂਨੀਵਰਸਿਟੀ ਆਧੁਨਿਕ ਸਿੱਖਿਆ ਅਤੇ ਤਕਨੀਕ ਦੇ ਨਾਲ-ਨਾਲ ਆਪਣੇ ਵਿਦਿਆਰਥੀਆਂ ਵਿੱਚ ਮਜ਼ਬੂਤ ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਨੈਤਿਕਤਾ ਨੂੰ ਪੈਦਾ ਕਰਨ ਲਈ ਕਿੰਨੀ ਵਚਨਬੱਧ ਹੈ। ਅਸੀਂ ਆਪਣੇ ਨੌਜਵਾਨਾਂ ਨੂੰ ਨਾ ਸਿਰਫ਼ ਪੇਸ਼ੇਵਰ ਤੌਰ 'ਤੇ ਕਾਬਲ ਬਣਾ ਰਹੇ ਹਾਂ, ਸਗੋਂ ਉਨ੍ਹਾਂ ਨੂੰ ਆਪਣੀ ਅਮੀਰ ਵਿਰਾਸਤ ਨਾਲ ਵੀ ਜੋੜ ਰਹੇ ਹਾਂ। ਯੂਨੀਵਰਸਿਟੀ ਦੇ ਮੈਨੇਜਿੰਗ ਡਾਇਰੈਕਟਰ ਅਰਸ਼ ਧਾਲੀਵਾਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਮਾਣਮੱਤੀ ਪ੍ਰਾਪਤੀ ਸਾਡੀ ਪੂਰੀ ਟੀਮ ਦੀ ਦਿਨ-ਰਾਤ ਦੀ ਮਿਹਨਤ ਅਤੇ ਨਵੀਨਤਾਕਾਰੀ ਸੋਚ ਨੂੰ ਦਰਸਾਉਂਦੀ ਹੈ। ਅਸੀਂ ਭਵਿੱਖ ਦੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਮਾਹੌਲ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਮਾਜ ਪ੍ਰਤੀ ਜ਼ਿੰਮੇਵਾਰ ਇਨਸਾਨ ਬਣਾਉਣ ਲਈ ਯਤਨਸ਼ੀਲ ਹਾਂ।

ਇਹ ਪ੍ਰਾਪਤੀ ਸੀ ਜੀ ਸੀ ਯੂਨੀਵਰਸਿਟੀ ਦੀ ਉਸ ਯਾਤਰਾ ਵਿੱਚ ਇੱਕ ਮਹੱਤਵਪੂਰਨ ਪੜਾਅ ਹੈ ਜੋ ਇੱਕ ਅਜਿਹੇ ਅਗਾਂਹਵਧੂ ਵਿਦਿਅਕ ਢਾਂਚੇ ਦੀ ਸਿਰਜਣਾ ਕਰ ਰਹੀ ਹੈ ਜੋ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੁੜੇ ਰਹਿ ਕੇ ਆਧੁਨਿਕ ਵਿਦਿਆਰਥੀਆਂ ਦੀਆਂ ਇੱਛਾਵਾਂ ਨੂੰ ਪੂਰਾ ਕਰਦਾ ਹੈ। ਇੱਕ ਗਤੀਸ਼ੀਲ ਸੰਸਥਾ ਵਜੋਂ, ਯੂਨੀਵਰਸਿਟੀ ਨਵੀਨਤਾ, ਖੋਜ, ਉਦਯੋਗਿਕ ਤਜ਼ਰਬੇ ਅਤੇ ਸਮੁੱਚੇ ਵਿਦਿਆਰਥੀ ਵਿਕਾਸ ਰਾਹੀਂ ਆਪਣੇ ਅਕਾਦਮਿਕ ਮਿਆਰਾਂ ਨੂੰ ਲਗਾਤਾਰ ਉੱਚਾ ਚੁੱਕ ਰਹੀ ਹੈ।

# ਨਸ਼ਿਆਂ ਤੋਂ ਖਹਿੜਾ ਛੁਡਾਉਣ ਦਾ ਸੁਨੇਹਾ ਦੇ ਕੇ ਭੈਣਾਂ ਨੇ ਰਜਿੰਦਰਾ ਹਸਪਤਾਲ ਦੇ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ ਭਰਾਵਾਂ ਦੇ ਬੰਨ੍ਹੀਆਂ ਰੱਖੜੀਆਂ

**➢ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤ ਹੋਏ 'ਸੂਰਮਿਆਂ' ਨੇ ਵੀ ਨਸ਼ਾ ਛੱਡਣ ਦਾ ਦਿੱਤਾ ਹੋਕਾ ➢ ਡਾ. ਰਜਨੀਸ਼ ਰਾਜ ਤੇ ਡਾ. ਰੋਹਿਤ ਗਰਗ ਨੇ ਨਸ਼ਾ ਛੱਡਣ ਲਈ ਦਾਖਲ ਵਿਅਕਤੀਆਂ ਨੂੰ ਕੀਤਾ ਜਾਗਰੂਕ**




**ਪਟਿਆਲਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ ਇਲਾਜ ਲਈ ਦਾਖਲ ਕਰੀਬ 50 ਵਿਅਕਤੀਆਂ ਦੇ ਭੈਣਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਰੱਖੜੀ ਬੰਨ੍ਹ ਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਮੁਕਤ ਜੀਵਨ ਜਿਊਣ ਦਾ ਸੁਨੇਹਾ ਦਿੱਤਾ।

ਇਸ ਮੌਕੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਮੁਕਤ ਹੋਏ ਵਿਅਕਤੀ, ਜਿਨ੍ਹਾਂ ਨੂੰ 'ਸੂਰਮਿਆਂ' ਦਾ ਨਾਮ ਦਿੱਤਾ ਗਿਆ ਹੈ, ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਨਸ਼ੇ ਦੀ ਲਤ ਦੇ ਸ਼ਿਕਾਰ ਅਤੇ ਇਲਾਜ ਲਈ ਦਾਖਲ ਵਿਅਕਤੀਆਂ ਨਾਲ ਆਪਣਾ ਤਜਰਬਾ ਸਾਂਝਾ ਕਰਦਿਆਂ ਨਸ਼ਾ ਛੱਡਣ ਲਈ ਪ੍ਰੇਰਿਤ ਕੀਤਾ। ਇਸੇ ਦੌਰਾਨ ਨਸ਼ਾ ਮੁਕਤੀ ਮੋਰਚੇ ਦੇ ਆਗੂ ਯਾਦਵਿੰਦਰ ਸਿੰਘ ਸੰਧੂ ਗੋਲਡੀ (ਮੋਰਚਾ ਇੰਚਾਰਜ, ਪਟਿਆਲਾ ਦਿਹਾਤੀ) ਅਤੇ ਸਰਵ ਪ੍ਰੇਮ ਐਨਜੀਓ ਦੇ ਨੁਮਾਇੰਦਿਆਂ ਨੇ ਵੀ ਰੱਖੜੀ ਦੇ ਪਵਿੱਤਰ ਤਿਉਹਾਰ ਮੌਕੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਨਸ਼ਾ ਨਾ ਕਰਨ ਦਾ ਪ੍ਰਣ ਕਰਨ ਦਾ ਸੱਦਾ ਦਿੱਤਾ। ਗੋਲਡੀ ਸੰਧੂ ਲਾਦੇਨ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ।

ਰਜਿੰਦਰਾ ਹਸਪਤਾਲ ਦੇ ਮਨੋਰੋਗ ਵਿਭਾਗ ਦੇ ਮੁਖੀ ਡਾ. ਰਜਨੀਸ਼ ਰਾਜ ਅਤੇ ਮਾਡਲ ਨਸ਼ਾ ਮੁਕਤੀ ਕੇਂਦਰ ਦੇ ਇੰਚਾਰਜ ਡਾ. ਰੋਹਿਤ ਗਰਗ ਨੇ ਇਲਾਜ ਲਈ ਦਾਖਲ ਵਿਅਕਤੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਇਲਾਜ ਨੂੰ ਸਫਲ ਬਣਾਉਣ ਲਈ ਜ਼ਰੂਰੀ ਨੁਕਤੇ ਸਾਂਝੇ ਕੀਤੇ।

ਡਾ. ਰਜਨੀਸ਼ ਰਾਜ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸਿਹਤ ਤੇ ਮੈਡੀਕਲ ਸਿੱਖਿਆ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਹੇਠ ਮਾਡਲ ਨਸ਼ਾ ਮੁਕਤੀ ਕੇਂਦਰ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੁਣ ਤੱਕ ਕਰੀਬ 800 ਵਿਅਕਤੀਆਂ ਦਾ ਸਫਲਤਾਪੂਰਵਕ ਇਲਾਜ ਕੀਤਾ ਜਾ ਚੁੱਕਾ ਹੈ।

ਡਾ. ਰੋਹਿਤ ਗਰਗ ਨੇ ਦੱਸਿਆ ਕਿ ਮਨੋਰੋਗ ਵਿਭਾਗ ਵਿਖੇ ਮੈਥਾਡੋਨ ਮੇਨਟੇਨੈਂਸ ਟਰੀਟਮੈਂਟ ਕਲਿਨਿਕ ਵੀ ਚਲਾਇਆ ਜਾ ਰਿਹਾ ਹੈ, ਜਿੱਥੇ ਰੋਜ਼ਾਨਾ ਕਰੀਬ 10 ਮਰੀਜ਼ਾਂ ਨੂੰ ਨਸ਼ਾ ਛੱਡਣ ਲਈ ਦਵਾਈ ਮੁਫ਼ਤ ਮੁਹੱਈਆ ਕਰਵਾਈ ਜਾਂਦੀ ਹੈ। ਇਸ ਮੌਕੇ ਡਾ. ਅਦਿਤੀ ਬਾਂਸਲ ਵੀ ਮੌਜੂਦ ਸਨ।

ਇਲਾਜ ਲਈ ਦਾਖਲ ਵਿਅਕਤੀਆਂ ਨੇ ਦੱਸਿਆ ਕਿ ਉਹ ਮਾੜੀ ਸੰਗਤ ਕਾਰਨ ਨਸ਼ਿਆਂ ਦੇ ਜੰਜਾਲ ਵਿੱਚ ਫਸ ਗਏ ਸਨ, ਪਰ ਪੰਜਾਬ ਸਰਕਾਰ ਦੀ ਮੁਹਿੰਮ ਤਹਿਤ ਕਰਵਾਏ ਜਾ ਰਹੇ ਇਲਾਜ ਤੋਂ ਉਨ੍ਹਾਂ ਨੂੰ ਨਸ਼ਿਆਂ ਤੋਂ ਮੁਕਤੀ ਦੀ ਉਮੀਦ ਮਿਲੀ ਹੈ। ਉਨ੍ਹਾਂ ਕਿਹਾ ਕਿ ਉਹ ਨਸ਼ਿਆਂ ਦਾ ਪੂਰੀ ਤਰ੍ਹਾਂ ਤਿਆਗ ਕਰਕੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣ ਅਤੇ 'ਸੂਰਮੇ' ਬਣਨ ਲਈ ਦ੍ਰਿੜ੍ਹ ਹਨ।

# ਸ੍ਰੀ ਦਰਬਾਰ ਸਾਹਿਬ ਤੋ ਰਵਾਨਾ ਹੋਇਆ ਵਿਸ਼ਾਲ ਨਗਰ ਕੀਰਤਨ



**ਸਮਾਣਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

)ਸੱਚਖੰਡ ਸ੍ਰੀ ਹਰਿਮੰਦਰ ਸਾਹਿਬ (ਦਰਬਾਰ ਸਾਹਿਬ) ਤੋਂ ਰਵਾਨਾ ਹੋਇਆ ਵਿਸ਼ਾਲ ਨਗਰ ਕੀਰਤਨ ਅੱਜ ਪਾਤੜਾਂ ਅਤੇ ਘੱਗਾ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਪਹੁੰਚਿਆ। ਇਸ ਮੌਕੇ ਇਲਾਕੇ ਦੀ ਸੰਗਤ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।
ਨਗਰ ਕੀਰਤਨ ਦੌਰਾਨ ਪੰਥ ਦੀ ਪ੍ਰਸਿੱਧ ਸ਼ਖ਼ਸੀਅਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੜ ਨੇ ਵੀ ਹਾਜ਼ਰੀ ਲਗਵਾਈ ਅਤੇ ਸੰਗਤ ਨੂੰ ਗੁਰਬਾਣੀ ਦੇ ਉਪਦੇਸ਼ਾਂ ਅਨੁਸਾਰ ਜੀਵਨ ਬਤੀਤ ਕਰਨ, ਆਪਸੀ ਭਾਈਚਾਰਾ ਅਤੇ ਸੇਵਾ ਦੀ ਭਾਵਨਾ ਨੂੰ ਅਪਣਾਉਣ ਦਾ ਸੰਦੇਸ਼ ਦਿੱਤਾ।

ਨਗਰ ਕੀਰਤਨ ਵਿੱਚ ਸ਼ਬਦ ਕੀਰਤਨ, ਗਤਕਾ ਟੀਮਾਂ ਦੇ ਮਨਮੋਹਕ ਜੌਹਰ ਅਤੇ ਸਜਾਈਆਂ ਗਈਆਂ ਸੁੰਦਰ ਝਾਕੀਆਂ ਸੰਗਤ ਲਈ ਖਾਸ ਆਕਰਸ਼ਣ ਦਾ ਕੇਂਦਰ ਰਹੀਆਂ। ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਵੱਲੋਂ ਸੰਗਤ ਲਈ ਥਾਂ-ਥਾਂ ਠੰਢੇ ਮਿੱਠੇ ਜਲ, ਚਾਹ ਅਤੇ ਲੰਗਰ ਦੀ ਸੇਵਾ ਵੀ ਨਿਭਾਈ ਗਈ।
ਇਸ ਮੌਕੇ ਵੱਡੀ ਗਿਣਤੀ ਵਿੱਚ ਸਿੱਖ ਸੰਗਤ, ਧਾਰਮਿਕ ਆਗੂ, ਸਮਾਜ ਸੇਵੀ ਅਤੇ ਇਲਾਕੇ ਦੇ ਪਤਵੰਤੇ ਵਿਅਕਤੀ ਹਾਜ਼ਰ ਰਹੇ। ਪੂਰਾ ਮਾਹੌਲ 'ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।

# ਧਨੂੰਰ ਦੇ ਯੂ.ਐਸ.ਏ. ਵਾਸੀ ਨੌਜਵਾਨਾਂ ਨੇ ਮੰਡ ਸ਼ੇਰੀਆਂ ਦੰਗਲ ਮੇਲੇ ਤੇ ਮੋਟਰਸਾਈਕਲ ਦੇ ਕੇ ਪਾਇਆ ਯੋਗਦਾਨ



**ਮਾਛੀਵਾੜਾ ਸਾਹਿਬ, 2 ਸਤੰਬਰ**
**-ਸਤੀਸ਼ ਕੁਮਾਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਰੱਖਣ ਪੁੰਨਿਆ ਤੇ ਕਰਵਾਇਆ ਜਾਣ ਵਾਲਾ ਮੰਡ ਸ਼ੇਰੀਆਂ ਮੰਡ ਸੁੱਖੇਵਾਲ ਦਾ ਦੰਗਲ ਮੇਲਾ ਯਾਦਗਾਰੀ ਹੋ ਨਿਬੜਿਆ, ਜਿਸ ਵਿੱਚ ਪਹਿਲਵਾਨਾਂ ਨੂੰ ਜਿੱਥੇ ਨਗਦੀ ਦੇ ਰੂਪ ਵਿੱਚ ਵੱਡੇ ਇਨਾਮ ਦਿੱਤੇ ਗਏ ਉੱਥੇ ਹੀ ਬੁਲਟ ਮੋਟਰਸਾਈਕਲ, ਪਲੈਟੀਨਾ ਮੋਟਰਸਾਈਕਲ ,ਸੋਨੇ ਦੀਆਂ ਮੂੰਦੀਆਂ ਤੇ ਸੱਜਰ ਸੂਈ ਝੋਟੀ ਵੀ ਇਨਾਮ ਵਜੋਂ ਦਿੱਤੀ ਗਈ। ਪਿੰਡ ਧਨੂੰਰ ਦੇ ਐਨ.ਆਰ.ਆਈ. ਨੌਜਵਾਨ ਮਲਕੀਤ ਸਿੰਘ ਯੂ.ਐਸ.ਏ., ਮੰਗਲ ਸਿੰਘ ਯੂ.ਐਸ.ਏ.,ਜਸਪ੍ਰੀਤ ਕੌਰ ਯੂ.ਐਸ.ਏ., ਜਗਤਾਰ ਸਿੰਘ ਯੂ.ਐਸ.ਏ.,ਅਵਤਾਰ ਸਿੰਘ ਯੂ.ਐਸ.ਏ , ਮਾਸਟਰ ਬਖਤਾਬਰ ਸਿੰਘ ਸਾਊਥ ਕੋਰੀਆ , ਅੰਮ੍ਰਿਤ ਪਾਲ ਸਿੰਘ ਸਾਊਥ ਕੋਰੀਆ ,ਅਰਮਾਨ ਸਿੰਘ ਸਾਊਥ ਕੋਰੀਆ ਵੱਲੋਂ ਦੰਗਲ ਕਮੇਟੀ ਨੂੰ ਪਹਿਲਵਾਨਾ ਲਈ ਪਲੈਟੀਨਾ ਮੋਟਰਸਾਈਕਲ ਦਾਨ ਵਜੋਂ ਦਿੱਤਾ ਗਿਆ। ਪਰਿਵਾਰਿਕ ਮੈਂਬਰਾਂ ਪਰਮਿੰਦਰ ਸਿੰਘ, ਸੋਹਣ ਸਿੰਘ ,ਬਲਵਿੰਦਰ ਸਿੰਘ, ਕਸ਼ਮੀਰ ਸਿੰਘ ,ਜਸਵੀਰ ਸਿੰਘ, ਸ਼ੁੱਕਰ ਸਿੰਘ ਵੱਲੋਂ ਦਾਨ ਵਜੋਂ ਦਿੱਤਾ ਗਿਆ ਪਲੈਟੀਨਾ ਮੋਟਰਸਾਈਕਲ ਦੰਗਲ ਕਮੇਟੀ ਨੂੰ ਸੌਂਪਿਆ ਗਿਆ।

# ਪੰਜਾਬ ਦੇ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਪੰਜਾਬ ਤੇ ਹਰਿਆਣਾ ਬਾਰ ਕੌਂਸਲ ਦੇ ਚੇਅਰਮੈਨ ਨਿਯੁਕਤ



**ਚੰਡੀਗੜ੍ਹ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਰ ਕੌਂਸਲ ਆਫ਼ ਇੰਡੀਆ (ਬੀ.ਸੀ.ਆਈ.) ਵੱਲੋਂ ਪੰਜਾਬ ਦੇ ਐਡਵੋਕੇਟ ਜਨਰਲ ਸ.ਮਨਿੰਦਰਜੀਤ ਸਿੰਘ ਬੇਦੀ ਨੂੰ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।
ਸ. ਬੇਦੀ, ਜੋ ਕਿ ਮੌਜੂਦਾ ਸਮੇਂ ਪੰਜਾਬ ਰਾਜ ਦੇ ਐਡਵੋਕੇਟ ਜਨਰਲ ਵਜੋਂ ਸੇਵਾ ਨਿਭਾ ਰਹੇ ਹਨ, ਬਾਰ ਵਿੱਚ ਵਿਸ਼ਾਲ ਤਜ਼ਰਬੇ ਵਾਲੇ ਇੱਕ ਪ੍ਰਮੁੱਖ ਕਾਨੂੰਨੀ ਮਾਹਿਰ ਹਨ। ਬਾਰ ਕੌਂਸਲ, ਜੋ ਕਿ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਾਨੂੰਨੀ ਪੇਸ਼ੇ ਅਤੇ ਕਾਨੂੰਨੀ ਸਿੱਖਿਆ ਨੂੰ ਰੈਗੂਲੇਟ ਕਰਨ ਵਾਲੀ ਸਿਖਰਲੀ ਸੰਵਿਧਾਨਕ ਸੰਸਥਾ ਹੈ ,ਦੇ ਚੇਅਰਮੈਨ ਵਜੋਂ ਉਨ੍ਹਾਂ ਦੀ ਨਿਯੁਕਤੀ ਨੂੰ ਖਿੱਤੇ ਵਿੱਚ ਕਾਨੂੰਨੀ ਭਾਈਚਾਰੇ ਦੀ ਮਜ਼ਬੂਤੀ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।
ਸ. ਬੇਦੀ ਨੇ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਣ ਲਈ ਵਕੀਲ ਭਾਈਚਾਰੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਕੀਲਾਂ ਦੀ ਭਲਾਈ ਲਈ ਕੰਮ ਕਰਨ, ਪੇਸ਼ੇਵਰ ਕਦਰਾਂ-ਕੀਮਤਾਂ ਦੇ ਉੱਚ ਮਾਪਦੰਡਾਂ ਨੂੰ ਯਕੀਨੀ ਬਣਾਉਣ ਅਤੇ ਕਾਨੂੰਨੀ ਸਿੱਖਿਆ ਤੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ।
ਪੰਜਾਬ ਅਤੇ ਹਰਿਆਣਾ ਦੇ ਕਾਨੂੰਨੀ ਭਾਈਚਾਰੇ ਨੇ ਸ. ਬੇਦੀ ਦੀ ਇਸ ਨਿਯੁਕਤੀ ਦਾ ਸਵਾਗਤ ਕੀਤਾ ਹੈ।

# ਚਲਹੇੜੀ ਅਤੇ ਖਜੂਰ ਪੀਰ ਕਾਲੋਨੀ ਵਿੱਚ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਦੀ ਵਿਸ਼ੇਸ਼ ਦਸਤਾਵੇਜ਼ੀ

**ਰਾਜਪੁਰਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਸ਼ੰਭੂ ਦੇ ਪਿੰਡਚਲਹੇੜੀ ਅਤੇ ਖਜੂਰ ਪੀਰ ਕਾਲੋਨੀ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸੰਤ ਬਾਬਾ ਸੁੱਚਾ ਸਿੰਘ ਜੀ ਦੀ 24ਵੀਂ ਬਰਸੀ ਮੌਕੇ ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀ



**ਲੁਧਿਆਣਾ, 2 ਸਤੰਬਰ/ਦੁੱਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜਵੱਦੀ ਟਕਸਾਲ ਦੇ ਬਾਨੀ ਅਤੇ ਗੁਰਮਤਿ ਸੰਗੀਤ ਦੇ ਮਹਾਨ ਪ੍ਰਚਾਰਕ ਸੱਚਖੰਡ ਵਾਸੀ ਸੰਤ ਬਾਬਾ ਸੁੱਚਾ ਸਿੰਘ ਜੀ ਦੀ 24ਵੀਂ ਸਾਲਾਨਾ ਬਰਸੀ ਸਮਾਗਮ ਦੇ ਅੰਤਿਮ ਦਿਨ ਧਾਰਮਿਕ, ਸਮਾਜਿਕ, ਵਿਦਿਅਕ ਅਤੇ ਰਾਜਨੀਤਕ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਕੇ ਸ਼ਰਧਾਂਜਲੀ ਭੇਟ ਕੀਤੀ।

ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਕੀਰਤਨੀਏ ਭਾਈ ਕੁਲਦੀਪ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਨਿਰਮਲ ਸੰਪ੍ਰਦਾਇ ਦੇ ਮੁਖੀ ਮਹੰਤ ਗਿਆਨ ਦੇਵ ਜੀ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਜਵੱਦੀ ਟਕਸਾਲ ਰਾਹੀਂ ਰੂਹਾਨੀ ਗਿਆਨ ਦੀ ਗੰਗਾ ਵਗਾਈ। ਉਨ੍ਹਾਂ ਦਾ ਜੀਵਨ ਹਰ ਵਰਗ ਲਈ ਪ੍ਰੇਰਣਾਦਾਇਕ ਸੀ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸੀਮਤ ਸਾਧਨਾਂ ਦੇ ਬਾਵਜੂਦ ਗੁਰਮਤਿ ਅਤੇ ਗੁਰਬਾਣੀ ਦੇ ਪ੍ਰਚਾਰ-ਪ੍ਰਸਾਰ ਲਈ ਮਹਾਨ ਕਾਰਜ ਕੀਤੇ।

ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਆਪਣਾ ਜੀਵਨ ਗੁਰਮਤਿ ਸੰਗੀਤ ਅਤੇ ਗੁਰਬਾਣੀ ਨੂੰ ਸਮਰਪਿਤ ਕੀਤਾ। ਸਮਾਗਮ ਵਿੱਚ ਵੱਖ-ਵੱਖ ਸੰਤ ਮਹਾਂਪੁਰਸ਼ਾਂ, ਧਾਰਮਿਕ ਆਗੂਆਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

# ਸੀ-ਪਾਈਟ ਕੈਂਪ ਲੁਧਿਆਣਾ 'ਚ CAPF ਸਮੇਤ ਸੁਰੱਖਿਆ ਬਲਾਂ ਦੀ ਭਰਤੀ ਲਈ 1 ਸਤੰਬਰ ਤੋਂ ਟਰਾਇਲ

**ਲੁਧਿਆਣਾ, 2 ਸਤੰਬਰ/ਦੁੱਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਲੁਧਿਆਣਾ ਅਤੇ ਮਲੇਰਕੋਟਲਾ ਦੇ ਨੌਜਵਾਨਾਂ ਨੂੰ CAPF (GD), CISF, CRPF, ITBP, SSB ਅਤੇ SSF ਦੀ ਭਰਤੀ ਲਈ ਮੁਫ਼ਤ ਸਿਖਲਾਈ ਦੇਣ ਵਾਸਤੇ ਸੀ-ਪਾਈਟ ਕੈਂਪ ਲੁਧਿਆਣਾ ਵਿਖੇ 1 ਸਤੰਬਰ 2026 ਤੋਂ ਟਰਾਇਲ ਸ਼ੁਰੂ ਕੀਤੇ ਜਾ ਰਹੇ ਹਨ।

ਸੀ-ਪਾਈਟ ਕੈਂਪ ਦੇ ਟਰੇਨਿੰਗ ਅਫਸਰ ਇੰਦਰਜੀਤ ਕੁਮਾਰ ਨੇ ਦੱਸਿਆ ਕਿ ਚਾਹਵਾਨ ਉਮੀਦਵਾਰ ਸੀ-ਪਾਈਟ ਕੈਂਪ, ਆਈ.ਟੀ.ਆਈ. ਗਿੱਲ ਰੋਡ, ਲੁਧਿਆਣਾ ਵਿਖੇ ਟਰਾਇਲ ਲਈ ਰਿਪੋਰਟ ਕਰ ਸਕਦੇ ਹਨ। ਇਨ੍ਹਾਂ ਭਰਤੀਆਂ ਲਈ ਰਜਿਸਟ੍ਰੇਸ਼ਨ ਸਤੰਬਰ ਅਤੇ ਅਕਤੂਬਰ ਮਹੀਨੇ ਦੌਰਾਨ ਕੀਤੀ ਜਾ ਰਹੀ ਹੈ।

ਉਮੀਦਵਾਰ ਆਪਣੇ ਨਾਲ 10ਵੀਂ, 12ਵੀਂ ਅਤੇ ਉੱਚ ਵਿੱਦਿਅਕ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋ ਕਾਪੀਆਂ, ਆਧਾਰ ਕਾਰਡ ਅਤੇ ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਆਉਣ।

ਟਰਾਇਲ ਵਿੱਚ ਸਫਲ ਰਹਿਣ ਵਾਲੇ ਨੌਜਵਾਨਾਂ ਨੂੰ ਭਰਤੀ ਦੀ ਤਿਆਰੀ ਲਈ ਟ੍ਰੇਨਿੰਗ, ਰਿਹਾਇਸ਼ ਅਤੇ ਖਾਣਾ ਪੰਜਾਬ ਸਰਕਾਰ ਵੱਲੋਂ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।

# ਲੁਧਿਆਣਾ 'ਚ ISI ਲਈ ਜਾਸੂਸੀ ਕਰਨ ਵਾਲਾ ਕਥਿਤ ਏਜੰਟ ਗ੍ਰਿਫ਼ਤਾਰ, ਲਾਈਵ ਕੈਮਰਾ ਫੀਡ ਪਾਕਿਸਤਾਨ ਭੇਜਣ ਦੇ ਦੋਸ਼

**ਲੁਧਿਆਣਾ, 2 ਸਤੰਬਰ/ਦੁੱਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਵਿੱਚ ਪਾਕਿਸਤਾਨ ਦੀ ਖੁਫੀਆ ਏਜੰਸੀ ISI ਲਈ ਕਥਿਤ ਤੌਰ 'ਤੇ ਕੰਮ ਕਰਨ ਵਾਲੇ ਇੱਕ ਵਿਅਕਤੀ ਦੀ ਗ੍ਰਿਫ਼ਤਾਰੀ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ, ਇਹ ਵਿਅਕਤੀ ਜੁੱਤਿਆਂ ਦਾ ਵਪਾਰੀ ਬਣ ਕੇ ਸ਼ਹਿਰ ਵਿੱਚ ਸਰਗਰਮ ਸੀ ਅਤੇ ਕਥਿਤ ਤੌਰ 'ਤੇ ਲਾਈਵ ਕੈਮਰਿਆਂ ਦੀ ਫੀਡ ਪਾਕਿਸਤਾਨ ਵਿੱਚ ਬੈਠੇ ਆਪਣੇ ਆਕਾਵਾਂ ਤੱਕ ਪਹੁੰਚਾ ਰਿਹਾ ਸੀ। ਗੁਪਤ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਕਾਰਵਾਈ ਕਰਦਿਆਂ ਜਾਲ ਵਿਛਾ ਕੇ ਮੁਲਜ਼ਮ ਨੂੰ ਕਾਬੂ ਕੀਤਾ। ਪੁਲਿਸ ਵੱਲੋਂ ਹੁਣ ਉਸ ਤੋਂ ਪੁੱਛਗਿੱਛ ਕਰਕੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਉਹ ਕਿਸ ਮਕਸਦ ਨਾਲ ਇਹ ਗਤੀਵਿਧੀਆਂ ਕਰ ਰਿਹਾ ਸੀ ਅਤੇ ਉਸ ਦੇ ਸੰਪਰਕ ਕਿਨ੍ਹਾਂ-ਕਿਨ੍ਹਾਂ ਲੋਕਾਂ ਨਾਲ ਸਨ।

ਇਹ ਵੀ ਦੱਸਿਆ ਜਾ ਰਿਹਾ ਹੈ ਕਿ ਮੁਲਜ਼ਮ ਵੱਲੋਂ ਵੱਖ-ਵੱਖ ਨੰਬਰਾਂ ਤੋਂ ਧਮਕੀਆਂ ਦੇਣ ਦੀਆਂ ਗਤੀਵਿਧੀਆਂ ਵੀ ਕੀਤੀਆਂ ਜਾ ਰਹੀਆਂ ਸਨ। ਮਾਮਲੇ ਦੀ ਜਾਂਚ ਜਾਰੀ ਹੈ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਇਸ ਪੂਰੇ ਨੈੱਟਵਰਕ ਅਤੇ ਕਥਿਤ ਸਾਜ਼ਿਸ਼ ਬਾਰੇ ਹੋਰ ਜਾਣਕਾਰੀ ਸਾਹਮਣੇ ਆ ਸਕੇਗੀ।

ਹੁਣ ਸਭ ਦੀ ਨਜ਼ਰ ਇਸ ਗੱਲ 'ਤੇ ਹੈ ਕਿ ਇਸ ਮਾਮਲੇ ਦੇ ਪਿੱਛੇ ਕਿਹੜੇ ਲੋਕ ਅਤੇ ਕਿੰਨਾ ਵੱਡਾ ਨੈੱਟਵਰਕ ਸਰਗਰਮ ਸੀ ?

# ਜ਼ਿਲ੍ਹਾ ਸਕੂਲ ਟੂਰਨਾਮੈਂਟ 'ਚ ਲੜਕਿਆਂ ਦੇ ਹਾਕੀ ਮੁਕਾਬਲੇ ਕਰਵਾਏ ਗਏ



**ਪਟਿਆਲਾ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17 ਲੜਕਿਆਂ ਹਾਕੀ ਦੇ ਮੁਕਾਬਲੇ ਪੋਲੋਂ ਗਰਾਊਂਡ ਪਟਿਆਲਾ ਵਿਖੇ ਕਰਵਾਏ ਗਏ।ਅੰਡਰ-14 ਦੇ ਮੁਕਾਬਲਿਆਂ ਵਿੱਚ ਪਟਿਆਲਾ-2 ਜੋਨ ਨੇ ਪਹਿਲਾ, ਰਾਜਪੁਰਾ ਜੋਨ ਨੇ ਦੂਜਾ,ਸਮਾਣਾ ਜੋਨ ਨੇ ਤੀਜਾ,ਪਾਤੜਾਂ ਜੋਨ ਨੇ ਚੌਥਾ,ਅੰਡਰ-17 ਦੇ ਮੁਕਾਬਲਿਆਂ ਵਿੱਚ ਪਟਿਆਲਾ-2 ਜੋਨ ਨੇ ਪਹਿਲਾ,ਪਾਤੜਾਂ ਜੋਨ ਨੇ ਦੂਜਾ,ਰਾਜਪੁਰਾ ਜੋਨ ਨੇ ਤੀਜਾ ਤੇ ਸਮਾਣਾ ਜੋਨ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਜਸਪਾਲ ਸਿੰਘ ਸਟੇਟ ਅਵਾਰਡੀ ਅਤੇ ਜਿਲਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਪੋਲੋ ਗਰਾਊਂਡ ਵਿਖੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਤੇ ਹਾਕੀ ਦੇ ਕਨਵੀਨਰ ਪ੍ਰਿੰਸੀਪਲ ਰਾਜ ਕੁਮਾਰ,ਡਾ ਰਜਿੰਦਰ ਸੈਣੀ ਜੋਨਲ ਸਕੱਤਰ ਰਾਜਪੁਰਾ,ਕਰਮਜੀਤ ਕੌਰ, ਹਰਦੀਪ ਕੌਰ,ਰਾਜੇਸ਼ ਕੁਮਾਰ, ਯਾਦਵਿੰਦਰ ਕੌਰ,ਗੁਰਵਿੰਦਰ ਸਿੰਘ ਕੋਚ,ਸ਼ਰਨਜੀਤ ਕੌਰ ਕੋਚ,ਰਾਜਵੀਰ ਸਿੰਘ ਕੋਚ, ਪੁਸ਼ਪਾ ਕੋਚ,ਬਲਜੀਤ ਸਿੰਘ, ਮਨਦੀਪ ਸਿੰਘ ਕੋਚ, ਸਿਮਰਨਜੀਤ ਕੌਰ ਕੋਚ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

# ਜ਼ਿਲ੍ਹਾ ਰੋਜ਼ਗਾਰ ਦਫ਼ਤਰ ਵਿਖੇ 31 ਅਗਸਤ ਨੂੰ ਵਿਸ਼ੇਸ਼ ਪਲੇਸਮੈਂਟ ਕੈਂਪ

**ਸੰਗਰੂਰ, 2 ਸਤੰਬਰ**
**--ਬਖਸ਼ੀਸ਼ ਸਿੰਘ ਸੂਦਨ-**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਅਵਸਰ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਮਿਤੀ 31 ਅਗਸਤ 2026, ਦਿਨ ਸੋਮਵਾਰ ਨੂੰ ਦਫ਼ਤਰ ਵਿਖੇ ਇੱਕ ਵਿਸ਼ੇਸ਼ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਕਾਮਨ ਸਰਵਿਸ ਸੈਂਟਰ (CSC) ਅਤੇ ਐੱਸ. ਆਈ. ਐੱਸ. (SIS Ltd.) ਕੰਪਨੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਯੋਗ ਉਮੀਦਵਾਰਾਂ ਦੀ ਚੋਣ ਇੰਟਰਵਿਊ ਰਾਹੀਂ ਕੀਤੀ ਜਾਵੇਗੀ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ, ਸੰਗਰੂਰ ਨੇ ਦੱਸਿਆ ਕਿ ਕੈਂਪ ਦੌਰਾਨ ਕਾਮਨ ਸਰਵਿਸ ਸੈਂਟਰ (CSC) ਵੱਲੋਂ VLE (Village Level Entrepreneur) ਦੀਆਂ ਅਸਾਮੀਆਂ ਲਈ ਲੜਕੇ ਅਤੇ ਲੜਕੀਆਂ ਦੋਵਾਂ ਦੀ ਇੰਟਰਵਿਊ ਲਈ ਜਾਵੇਗੀ, ਜਿਸ ਲਈ ਉਮੀਦਵਾਰ ਦੀ ਵਿਦਿਅਕ ਯੋਗਤਾ 10ਵੀਂ ਤੋਂ ਪੋਸਟ ਗ੍ਰੈਜੂਏਟ ਅਤੇ ਉਮਰ 18 ਤੋਂ 60 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਇਸੇ ਤਰ੍ਹਾਂ SIS Ltd. ਕੰਪਨੀ ਵੱਲੋਂ ਸਕਿਓਰਿਟੀ ਗਾਰਡ ਅਤੇ ਸਕਿਓਰਿਟੀ ਸੁਪਰਵਾਈਜ਼ਰ ਦੀਆਂ ਅਸਾਮੀਆਂ ਲਈ ਕੇਵਲ ਲੜਕਿਆਂ ਦੀ ਇੰਟਰਵਿਊ ਲਈ ਜਾਵੇਗੀ, ਜਿਸ ਲਈ ਘੱਟੋ-ਘੱਟ 10ਵੀਂ ਪਾਸ ਅਤੇ 18 ਤੋਂ 40 ਸਾਲ ਦੀ ਉਮਰ ਵਾਲੇ ਉਮੀਦਵਾਰ ਯੋਗ ਹੋਣਗੇ।

ਉਨ੍ਹਾਂ ਦੱਸਿਆ ਕਿ ਚਾਹਵਾਨ ਅਤੇ ਯੋਗ ਪ੍ਰਾਰਥੀ ਆਪਣੇ ਰਿਜ਼ਿਊਮ ਅਤੇ ਵਿਦਿਅਕ ਯੋਗਤਾ ਦੇ ਸਰਟੀਫਿਕੇਟਾਂ ਦੀਆਂ ਫੋਟੋਕਾਪੀਆਂ ਨਾਲ ਲੈ ਕੇ ਮਿਤੀ 31.08.2026 ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਪਹੁੰਚ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਸ਼ਾਮਲ ਹੋਣ ਲਈ ਕੋਈ ਵੀ ਟੀ.ਏ. ਜਾਂ ਡੀ.ਏ. ਮਿਲਣਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਪ੍ਰਾਰਥੀ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# ਸੇਰੋਂ ਦੀ ਬਲਜੀਤ ਕੌਰ ਕਤਲ ਕਾਂਡ ਸੁਲਝਿਆ, 3 ਮੁਲਜ਼ਮ ਗ੍ਰਿਫ਼ਤਾਰ

**ਸੰਗਰੂਰ, 2 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਗਰੂਰ ਪੁਲਿਸ ਨੇ 24 ਜੁਲਾਈ ਨੂੰ ਸੇਰੋਂ ਵਿਖੇ ਹੋਏ ਬਲਜੀਤ ਕੌਰ ਕਤਲ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਵੱਲੋਂ ਜਾਰੀ ਪ੍ਰੈੱਸ ਨੋਟ ਮੁਤਾਬਕ, ਬਲਜੀਤ ਕੌਰ ਪਤਨੀ ਮਨਜੀਤ ਸਿੰਘ ਵਾਸੀ ਸੇਰੋਂ ਦਾ ਕਤਲ ਜਸਵੀਰ ਕੌਰ ਉਰਫ਼ ਨੂਰ, ਗੁਰਵਿੰਦਰ ਸਿੰਘ ਉਰਫ਼ ਗੋਬਿੰਦ ਅਤੇ ਹਰਮਨਦੀਪ ਸਿੰਘ ਵੱਲੋਂ ਕੀਤੇ ਜਾਣ ਦੀ ਗੱਲ ਸਾਹਮਣੇ ਆਈ ਹੈ।

ਮਾਮਲੇ ਸਬੰਧੀ ਥਾਣਾ ਚੀਮਾ ਵਿਖੇ ਮੁਕੱਦਮਾ ਨੰਬਰ 113 ਮਿਤੀ 25.08.2026, ਧਾਰਾ 103(1), 238, 3(5) BNS ਤਹਿਤ ਕੇਸ ਦਰਜ ਕੀਤਾ ਗਿਆ। ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਉਸੇ ਦਿਨ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਪੁਲਿਸ ਅਨੁਸਾਰ, ਗ੍ਰਿਫ਼ਤਾਰੀ ਸਮੇਂ ਮੁਲਜ਼ਮਾਂ ਨੇ ਕਥਿਤ ਤੌਰ 'ਤੇ ਆਪਣਾ ਜੁਰਮ ਕਬੂਲ ਕਰਦਿਆਂ ਦੱਸਿਆ ਕਿ 24 ਜੁਲਾਈ ਨੂੰ ਸਿਰਹਾਣੇ ਅਤੇ ਤੌਲੀਏ ਦੀ ਮਦਦ ਨਾਲ ਬਲਜੀਤ ਕੌਰ ਦਾ ਮੂੰਹ ਘੁੱਟ ਕੇ ਉਸਦਾ ਕਤਲ ਕੀਤਾ ਗਿਆ।



ਪੁਲਿਸ ਨੇ ਵਾਰਦਾਤ ਸਮੇਂ ਵਰਤਿਆ ਗਿਆ ਸਿਰਹਾਣਾ ਅਤੇ ਮੁਲਜ਼ਮਾਂ ਗੁਰਵਿੰਦਰ ਸਿੰਘ ਤੇ ਹਰਮਨਦੀਪ ਸਿੰਘ ਵੱਲੋਂ ਵਰਤਿਆ ਗਿਆ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ।

ਤਿੰਨੇ ਮੁਲਜ਼ਮ ਇਸ ਸਮੇਂ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਹਨ ਅਤੇ ਪੁਲਿਸ ਵੱਲੋਂ ਉਨ੍ਹਾਂ ਤੋਂ ਮਾਮਲੇ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਕਰਨਾਟਕ ਹਾਈ ਕੋਰਟ ਦਾ ਇਤਿਹਾਸਕ ਫ਼ੈਸਲਾ: 'ਪਤਨੀ ਕੋਈ ਨੌਕਰ ਨਹੀਂ; ਸੱਸ-ਸਹੁਰੇ ਦੀ ਸੇਵਾ ਅਤੇ ਘਰ ਦੇ ਕੰਮਾਂ ਲਈ ਮਜਬੂਰ ਨਹੀਂ ਕਰ ਸਕਦਾ ਪਤੀ'

**ਕੌਮੀ ਪਤ੍ਰਿਕਾ**

ਬੈਂਗਲੁਰੂ 2 ਸਤੰਬਰ। ਕਰਨਾਟਕ ਹਾਈ ਕੋਰਟ ਨੇ ਇੱਕ ਮਾਮਲੇ 'ਚ ਅਹਿਮ ਫ਼ੈਸਲਾ ਸੁਣਾਉਂਦਿਆਂ ਕਿਹਾ ਹੈ ਕਿ ਕੋਈ ਵੀ ਮਰਦ ਕਿਸੇ ਵੀ ਔਰਤ ਨੂੰ ਜਿਸ ਵਿੱਚ ਉਸ ਦੀ ਪਤਨੀ ਵੀ ਸ਼ਾਮਲ ਹੈ, ਘਰ ਦੇ ਕੰਮ ਕਰਨ ਅਤੇ ਆਪਣੇ ਮਾਤਾ-ਪਿਤਾ ਦੀ ਦੇਖਭਾਲ ਕਰਨ ਦਾ ਹੁਕਮ ਨਹੀਂ ਦੇ ਸਕਦਾ। ਹਾਈ ਕੋਰਟ ਦਾ ਕਹਿਣਾ ਹੈ 'ਘਰ ਦੇ ਕੰਮਾਂ ਵਿੱਚ ਮਰਦਾਂ ਅਤੇ ਔਰਤਾਂ ਦੀ ਬਰਾਬਰ ਹਿੱਸੇਦਾਰੀ ਹੋਣੀ ਚਾਹੀਦੀ ਹੈ। ਜੇਕਰ ਮਾਤਾ-ਪਿਤਾ ਦੀ ਦੇਖਭਾਲ ਦੀ ਲੋੜ ਹੋਵੇ ਤਾਂ ਇਹ ਮੁੱਖ ਤੌਰ 'ਤੇ ਧੀ ਜਾਂ ਪੁੱਤ ਦੀ ਜ਼ਿੰਮੇਵਾਰੀ ਹੁੰਦੀ ਹੈ, ਨਾ ਕਿ ਜਵਾਈ ਜਾਂ ਨੂੰਹ ਦੀ।' ਜਸਟਿਸ ਚਿੱਲਾਕੁਰ ਸੁਮਲਤਾ ਨੇ 3 ਅਗਸਤ ਨੂੰ ਨੇਲਮੰਗਲਾ ਤਾਲੁਕ ਦੇ ਇੱਕ ਨਿਵਾਸੀ ਦੀ ਪਟੀਸ਼ਨ ਖ਼ਾਰਜ ਕਰਦਿਆਂ ਆਪਣੇ ਹੁਕਮਾਂ ਵਿੱਚ ਕਿਹਾ ਕਿ ਨੂੰਹ ਜਾਂ ਜਵਾਈ ਵੱਲੋਂ ਸਹੁਰੇ ਪਰਿਵਾਰ ਦੀ ਦੇਖਭਾਲ ਕਰਨਾ ਆਪਣੀ ਮਰਜ਼ੀ ਨਾਲ ਹੋਣਾ ਚਾਹੀਦਾ ਹੈ, ਨਾ ਕਿ ਧੱਕੇਸ਼ਾਹੀ ਨਾਲ। ਪਟੀਸ਼ਨਕਰਤਾ ਨੇ ਹਾਈ ਕੋਰਟ ਵਿੱਚ ਤੁਮਕੁਰੂ ਦੀ ਫੈਮਿਲੀ ਕੋਰਟ ਦੇ ਇੱਕ ਹੁਕਮ ਨੂੰ ਚੁਣੌਤੀ ਦਿੱਤੀ ਸੀ। ਫੈਮਿਲੀ ਕੋਰਟ ਨੇ ਨੌਜਵਾਨ ਨੂੰ ਆਪਣੀ ਪਤਨੀ ਨੂੰ ਗੁਜ਼ਾਰਾ ਭੱਤੇ (ਮੇਨਟੇਨੈਂਸ) ਵਜੋਂ




?5,000 ਅਤੇ ਆਪਣੀ ਨਾਬਾਲਗ ਧੀ ਨੂੰ ?4,000 ਪ੍ਰਤੀ ਮਹੀਨਾ ਦੇਣ ਦਾ ਨਿਰਦੇਸ਼ ਦਿੱਤਾ ਸੀ। ਪਟੀਸ਼ਨਕਰਤਾ ਨੇ ਦਾਅਵਾ ਕੀਤਾ ਕਿ ਉਹ ਇੱਕ ਮਜ਼ਦੂਰ ਹੈ ਅਤੇ ਤੈਅ ਕੀਤੀ ਗਈ ਰਕਮ ਬਹੁਤ ਜ਼ਿਆਦਾ ਹੈ ਕਿਉਂਕਿ ਉਸ ਨੂੰ ਆਪਣੇ ਬਜ਼ੁਰਗ ਮਾਤਾ-ਪਿਤਾ ਦੀ ਦੇਖਭਾਲ ਵੀ ਕਰਨੀ ਪੈਂਦੀ ਹੈ। ਉਸ ਨੇ ਅੱਗੇ ਕਿਹਾ ਕਿ ਵਿਆਹ ਦੇ ਛੇ ਮਹੀਨਿਆਂ ਬਾਅਦ ਹੀ ਉਸ ਦੀ ਪਤਨੀ ਦਾ ਆਪਣੇ ਸੱਸ-ਸਹੁਰੇ ਪ੍ਰਤੀ ਰਵੱਈਆ ਬਦਲ ਗਿਆ ਅਤੇ ਉਸ ਨੇ ਘਰ ਦੇ ਕੰਮ ਕਰਨ ਜਾਂ ਉਨ੍ਹਾਂ ਦੀ ਦੇਖਭਾਲ ਕਰਨ ਤੋਂ ਇਨਕਾਰ ਕਰ ਦਿੱਤਾ। ਪਟੀਸ਼ਨਕਰਤਾ ਨੇ ਆਪਣੀ ਪਤਨੀ 'ਤੇ ਇਹ ਵੀ ਦੋਸ਼ ਲਾਇਆ ਕਿ ਉਹ ਉਸ ਦੀ ਜਾਂ ਉਸ ਦੇ ਮਾਤਾ-ਪਿਤਾ ਦੀ ਇਜਾਜ਼ਤ ਤੋਂ ਬਿਨਾਂ ਕਈ ਵਾਰ ਆਪਣੇ ਪੇਕੇ ਚਲੀ ਗਈ। ਜਸਟਿਸ ਚਿੱਲਾਕੁਰ ਸੁਮਲਤਾ ਨੇ ਕਿਹਾ ਕਿ ਪਟੀਸ਼ਨਕਰਤਾ ਦੀ ਦਲੀਲ ਤੋਂ ਤਾਂ ਕਿਸੇ ਵੀ ਆਮ ਸਮਝ ਵਾਲੇ ਵਿਅਕਤੀ ਨੂੰ ਇੰਜ ਲੱਗੇਗਾ ਜਿਵੇਂ ਪਤੀ ਨੇ ਆਪਣੀ ਪਤਨੀ ਨੂੰ ਘਰ ਦੇ ਕੰਮ ਕਰਨ ਅਤੇ ਆਪਣੇ ਮਾਤਾ-ਪਿਤਾ ਦੀ ਦੇਖਭਾਲ ਕਰਨ ਲਈ ਇੱਕ ਕਰਮਚਾਰੀ ਵਜੋਂ ਰੱਖਿਆ ਹੋਵੇ। ਹਾਈ ਕੋਰਟ ਨੇ ਕਿਹਾ, 'ਪਟੀਸ਼ਨਕਰਤਾ ਦਾ ਇਹ ਕਹਿਣਾ ਕਿ ਪਤਨੀ ਉਸ ਦੀ ਇਜਾਜ਼ਤ ਤੋਂ ਬਿਨਾਂ ਪੇਕੇ ਗਈ ਸੀ, ਪਟੀਸ਼ਨਕਰਤਾ ਦੀ ਸੋਚ ਨੂੰ ਜ਼ਾਹਰ ਕਰਦਾ ਹੈ ਅਤੇ ਪਤਨੀ ਦੇ ਵਿਵਹਾਰ ਤੇ ਪਸੰਦ 'ਤੇ ਕੰਟਰੋਲ ਰੱਖਣ ਅਤੇ ਹੁਕਮ ਚਲਾਉਣ ਦੀ ਉਸ ਦੀ ਇੱਛਾ ਨੂੰ ਦਿਖਾਉਂਦਾ ਹੈ।' ਜੱਜ ਨੇ ਕਿਹਾ ਕਿ ਅਦਾਲਤ ਨੂੰ ਇਹ ਸਮਝ ਨਹੀਂ ਆਉਂਦਾ ਕਿ ਕਿਸੇ ਭਾਰਤੀ ਔਰਤ ਨੂੰ ਜਦੋਂ ਵੀ ਮਨ ਕਰੇ ਜਾਂ ਲੋੜ ਮਹਿਸੂਸ ਹੋਵੇ, ਆਪਣੇ ਮਾਤਾ-ਪਿਤਾ ਨੂੰ ਮਿਲਣ ਦੀ ਆਪਣੀ ਬੁਨਿਆਦੀ ਇੱਛਾ ਪੂਰੀ ਕਰਨ ਲਈ ਸਹੁਰੇ ਘਰ ਵਿੱਚ ਹਰ ਕਿਸੇ ਤੋਂ ਇਜਾਜ਼ਤ ਲੈਣ ਦੀ ਲੋੜ ਕਿਉਂ ਹੋਣੀ ਚਾਹੀਦੀ ਹੈ। ਹਾਈ ਕੋਰਟ ਨੇ ਕਿਹਾ, 'ਵਿਆਹ ਇੱਕ ਪਵਿੱਤਰ ਬੰਧਨ ਹੈ ਜੋ ਦੋ ਲੋਕਾਂ ਨੂੰ ਇੱਕ ਨਾਲ ਲਿਆਉਂਦਾ ਹੈ। ਭਾਵੇਂ ਰਸਮਾਂ ਉਨ੍ਹਾਂ ਨੂੰ ਪਤੀ-ਪਤਨੀ ਬਣਾਉਂਦੀਆਂ ਹਨ, ਪਰ ਪਿਆਰ, ਭਰੋਸਾ, ਸਤਿਕਾਰ, ਇੱਕ-ਦੂਜੇ ਦਾ ਸਾਥ ਅਤੇ ਸਮਝ ਹੀ ਉਨ੍ਹਾਂ ਨੂੰ ਜੀਵਨ ਦਾ ਸਾਥੀ ਅਤੇ ਪਾਰਟਨਰ ਬਣਾਉਂਦੀ ਹੈ।' ਜੱਜ ਨੇ ਕਿਹਾ ਕਿ ਇੱਕ ਔਰਤ ਨੂੰ ਆਪਣੇ ਕਰੀਅਰ, ਪੈਸਿਆਂ ਅਤੇ ਜ਼ਿੰਦਗੀ ਦੇ ਹੋਰ ਪਹਿਲੂਆਂ ਬਾਰੇ ਫ਼ੈਸਲੇ ਲੈਣ ਦਾ ਬੁਨਿਆਦੀ ਹੱਕ ਹੈ। ਇੱਕ ਪਤੀ ਆਪਣੀ ਪਤਨੀ ਨੂੰ ਆਪਣੀਆਂ ਇੱਛਾਵਾਂ ਜਾਂ ਉਮੀਦਾਂ ਦੇ ਹਿਸਾਬ ਨਾਲ ਜਿਉਣ ਲਈ ਮਜਬੂਰ ਨਹੀਂ ਕਰ ਸਕਦਾ।

## 10 ਸਵਾਰੀਆਂ ਮਿਲਣਗੀਆਂ ਤਾਂ ਹੀ ਚੱਲੇਗੀ ਗੱਡੀ, ਜਾਣਾ ਹੈ ਤਾਂ ਜਾਓ', ਤੂੰਨ-ਤੂੰਨ ਕੇ ਭਰ ਰਹੇ ਸਵਾਰੀਆਂ

ਮੁੰਗੇਰ 2 ਸਤੰਬਰ। ਸੜਕ ਸੁਰੱਖਿਆ ਨੂੰ ਲੈ ਕੇ ਭਾਵੇਂ ਹੀ ਸਰਕਾਰ ਸਖ਼ਤ ਕਾਨੂੰਨ ਬਣਾ ਰਹੀ ਹੋਵੇ ਪਰ ਮੁੰਗੇਰ ਜ਼ਿਲ੍ਹੇ 'ਚ ਨਿਯਮਾਂ ਦੀਆਂ ਸ਼ਰੇਆਮ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਟਰਾਂਸਪੋਰਟ ਵਿਭਾਗ ਅਤੇ ਟ?ਰੈਫਿਕ ਪੁਲਿਸ ਦੀ ਅਣਦੇਖੀ ਦੇ ਕਾਰਨ ਪੰਜ ਸਵਾਰੀਆਂ ਦੀ ਸਮਰੱਥਾ ਵਾਲੇ ਆਟੋ 'ਚ 10 ਤੋਂ 11 ਯਾਤਰੀਆਂ ਨੂੰ ਤੁੰਨ-ਤੁੰਨ ਕੇ ਸਫ਼ਰ ਕਰਵਾਇਆ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦੀ ਜਾਨ ਰੋਜ਼ਾਨਾ ਖ਼ਤਰੇ ਵਿੱਚ ਪੈ ਰਹੀ ਹੈ। ਵੀਰਵਾਰ ਨੂੰ 'ਜਾਗਰਣ ਸਮੂਹ' ਦੀ ਟੀਮ ਨੇ ਟੈਕਸੀ ਸਟੈਂਡ ਦਾ ਜਾਇਜ਼ਾ ਲਿਆ। ਉੱਥੇ ਖਗੜੀਆ ਅਤੇ ਮੇਦਨੀ ਚੌਕੀ ਜਾਣ ਵਾਲੇ ਆਟੋ ਚਾਲਕਾਂ ਦੀ ਮਨਮਾਨੀ ਦਾ ਕਾਲਾ ਸੱਚ ਸਾਹਮਣੇ ਆਇਆ। 10 ਮਿੰਟਾਂ ਦੇ ਅੰਦਰ ਇੱਕ ਆਟੋ 'ਚ 8 ਸਵਾਰੀਆਂ ਬੈਠਣ ਦੇ ਬਾਵਜੂਦ ਡਰਾਈਵਰ ਨੇ ਗੱਡੀ ਨਹੀਂ ਤੋਰੀ। ਜਦੋਂ ਯਾਤਰੀ ਰਾਜੇਸ਼ ਕੁਮਾਰ ਅਤੇ ਦੀਪਕ ਕੁਮਾਰ ਨੇ ਵਿਰੋਧ ਕੀਤਾ ਤਾਂ ਡਰਾਈਵਰ ਨੇ ਸਾਫ਼ ਦੋ ਟੁੱਕ ਸ਼ਬਦਾਂ 'ਚ ਕਹਿ ਦਿੱਤਾ ਕਿ '10-11 ਸਵਾਰੀਆਂ ਨਹੀਂ ਹੋਣਗੀਆਂ ਤਾਂ ਗੱਡੀ ਨਹੀਂ ਚੱਲੇਗੀ।' ਡਰਾਈਵਰ ਨੇ 11 ਸਵਾਰੀਆਂ ਪੂਰੀਆਂ ਕਰਨ ਤੋਂ ਬਾਅਦ ਹੀ ਆਟੋ ਰਵਾਨਾ ਕੀਤਾ। ਇਸ ਵਿੱਚ ਡਰਾਈਵਰ ਦੇ ਕੋਲ ਅੱਗੇ ਤਿੰਨ, ਵਿਚਕਾਰ ਚਾਰ ਅਤੇ ਪਿੱਛੇ ਚਾਰ ਯਾਤਰੀ ਬੈਠੇ ਸਨ, ਜਦੋਂ ਕਿ ਇੱਕ ਯਾਤਰੀ ਪਿੱਛੇ ਲਟਕ ਕੇ ਸਫ਼ਰ ਕਰ ਰਿਹਾ ਸੀ। ਓਵਰਲੋਡਿੰਗ 'ਤੇ ਪੁੱਛੇ ਜਾਣ 'ਤੇ ਡਰਾਈਵਰ ਨੇ ਸਫ਼ਾਈ ਦਿੱਤੀ ਕਿ 'ਸੀਟ ਦੇ ਹਿਸਾਬ ਨਾਲ ਪੰਜ ਸਵਾਰੀਆਂ ਬਿਠਾਵਾਂਗੇ ਤਾਂ ਡੀਜ਼ਲ ਦਾ ਖ਼ਰਚਾ ਵੀ ਨਹੀਂ ਨਿਕਲੇਗਾ।' ਓਵਰਲੋਡਿੰਗ ਦਾ ਇਹ ਜਾਨਲੇਵਾ ਖੇਡ ਸਿਰਫ਼ ਆਟੋ ਤੱਕ ਹੀ ਸੀਮਤ ਨਹੀਂ ਹੈ। ਮੁੰਗੇਰ-ਖਗੜੀਆ, ਮੁੰਗੇਰ-ਮੇਦਨੀ ਚੌਕੀ, ਮੁੰਗੇਰ-ਜਮਾਲਪੁਰ ਅਤੇ ਮੁੰਗੇਰ-ਬੇਗੂਸਰਾਏ ਮਾਰਗ 'ਤੇ ਦੌੜਨ ਵਾਲੀਆਂ ਜੀਪਾਂ ਦੀਆਂ ਛੱਤਾਂ 'ਤੇ ਵੀ ਯਾਤਰੀ ਜਾਨ ਜੋਖ਼ਮ 'ਚ ਪਾ ਕੇ ਸਫ਼ਰ ਕਰਦੇ ਆਸਾਨੀ ਨਾਲ ਦੇਖੇ ਜਾ ਸਕਦੇ ਹਨ। ਟਰਾਂਸਪੋਰਟ ਵਿਭਾਗ ਅਤੇ ਟ?ਰੈਫਿਕ ਪੁਲਿਸ ਵੱਲੋਂ ਨਿਯਮਿਤ ਚੈਕਿੰਗ ਅਤੇ ਸਖ਼ਤ ਕਾਰਵਾਈ ਨਾ ਹੋਣ ਕਾਰਨ ਡਰਾਈਵਰਾਂ ਦੇ ਹੌਸਲੇ ਬੁਲੰਦ ਹਨ। ਯਾਤਰੀਆਂ ਦੀ ਮਜ਼ਬੂਰੀ ਅਤੇ ਪ੍ਰਸ਼ਾਸਨ ਦੀ ਢਿੱਲ ਨੇ ਸੜਕ ਸੁਰੱਖਿਆ ਨੂੰ ਕਾਗਜ਼ਾਂ ਤੱਕ ਸੀਮਤ ਕਰ ਦਿੱਤਾ ਹੈ, ਜਿਸ ਨਾਲ ਕਦੇ ਵੀ ਵੱਡਾ ਹਾਦਸਾ ਵਾਪਰ ਸਕਦਾ ਹੈ। ਸੜਕ ਸੁਰੱਖਿਆ ਨੂੰ ਲੈ ਕੇ ਵਾਹਨ ਚਾਲਕਾਂ ਨੂੰ ਜਾਗਰੂਕ ਕਰਨ ਦੇ ਨਾਲ-ਨਾਲ ਚੈਕਿੰਗ ਮੁਹਿੰਮ ਵੀ ਚਲਾਈ ਜਾ ਰਹੀ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਤੋਂ ਜ਼ੁਰਮਾਨਾ ਵਸੂਲਿਆ ਜਾ ਰਿਹਾ ਹੈ ਅਤੇ ਆਟੋ ਚਾਲਕਾਂ ਨੂੰ ਚਿਤਾਵਨੀ ਦਿੱਤੀ ਜਾ ਰਹੀ ਹੈ। ਅਜਿਹੇ ਮਾਮਲਿਆਂ ਦੀ ਦੁਬਾਰਾ ਜਾਂਚ ਕਰਵਾਈ ਜਾਵੇਗੀ। ਜੇਕਰ ਓਵਰਲੋਡ ਵਾਹਨ ਪਾਏ ਗਏ ਤਾਂ ਚਾਲਕਾਂ ਖ਼?ਲਾਫ਼ ਸਿੱਧੀ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਨਸ਼ੀਲੀਆਂ ਗੋਲੀਆਂ ਸਮੇਤ ਵਿਅਕਤੀ ਗ੍ਰਿਫਤਾਰ

ਬਟਾਲਾ 2 ਸਤੰਬਰ। ਥਾਣਾ ਸਿਟੀ ਦੀ ਪੁਲਸ ਨੇ 60 ਨਸ਼ੀਲੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਚ.ਓ ਗੁਰਇਕਬਾਲ ਸਿੰਘ ਨੇ ਦੱਸਿਆ ਕਿ ਐੱਸ.ਐੱਸ.ਪੀ ਬਟਾਲਾ ਡਾ. ਮਹਿਤਾਬ ਸਿੰਘ ਅਤੇ ਡੀ.ਐੱਸ.ਪੀ ਸਿਟੀ ਸੁਖਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੁਲਸ ਵਲੋਂ ਨਸ਼ਾ ਤਸਕਰਾਂ ਦੇ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਏ.ਐੱਸ.ਆਈ ਪਵਨਦੀਪ ਸਿੰਘ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਨੇੜੇ ਡਰੇਨ ਮੋੜ ਬੈਂਕ ਕਾਲੋਨੀ ਬਟਾਲਾ ਤੋਂ ਨਵਲ ਮਸੀਹ ਵਾਸੀ ਬਟਾਲਾ ਨੂੰ 60 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ। ਉਨ੍ਹਾਂ ਕਿਹਾ ਕਿ ਪੁਲਸ ਨੇ ਉਕਤ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸਦੇ ਵਿਰੁੱਧ ਕੇਸ ਦਰਜ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ 'ਚ ਨਸ਼ਾ ਕਿਸੇ ਵੀ ਕੀਮਤ 'ਤੇ ਨਹੀਂ ਵਿਕਣ ਦਿੱਤਾ ਜਾਵੇਗਾ ਅਤੇ ਨਸ਼ਾ ਤਸਕਰਾਂ ਦੇ ਵਿਰੁੱਧ ਸਖ਼ਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਨੇਪਾਲ ਦੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਵਫ਼ਦ ਭੇਜਣ ਦਾ ਫ਼ੈਸਲਾ

ਅੰਮ੍ਰਿਤਸਰ 2 ਸਤੰਬਰ। ਨੇਪਾਲ ਵਿੱਚ ਹਾਲ ਹੀ ਦੌਰਾਨ ਆਏ ਭਿਆਨਕ ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਲੋਕਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਹਤ ਅਤੇ ਸਹਾਇਤਾ ਕਾਰਜਾਂ ਲਈ ਇੱਕ ਵਿਸ਼ੇਸ਼ ਵਫ਼ਦ ਨੇਪਾਲ ਭੇਜਿਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਕਾਠਮੰਡੂ ਸਥਿਤ ਸਿੱਖ ਮਿਸ਼ਨ ਤੋਂ ਮੁਢਲੀ ਰਿਪੋਰਟ ਲੈ ਕੇ ਤੁਰੰਤ ਵਫ਼ਦ ਭੇਜਣ ਦਾ ਫੈਸਲਾ ਕੀਤਾ ਹੈ। ਇਸ ਵਫ਼ਦ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਮੀਤ ਸਕੱਤਰ ਆਜ਼ਾਦ ਦੀਪ ਸਿੰਘ ਨੂੰ ਭੇਜਿਆ ਜਾ ਰਿਹਾ ਹੈ। ਇਸ ਸਬੰਧੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਕੁਦਰਤੀ ਆਫ਼ਤਾਂ ਸਮੇਂ ਹਮੇਸ਼ਾ ਮੋਹਰੀ ਹੋ ਕੇ ਮਨੁੱਖਤਾ ਦੀ ਸੇਵਾ ਕੀਤੀ ਹੈ। ਇਸ ਔਖੀ ਘੜੀ ਵਿੱਚ ਵੀ ਮਾਨਵਤਾ ਦੀ ਸੇਵਾ ਨੂੰ ਆਪਣਾ ਫ਼ਰਜ਼ ਸਮਝਦਿਆਂ ਪ੍ਰਭਾਵਿਤ ਪਰਿਵਾਰਾਂ ਦੀ ਹਰ ਸੰਭਵ ਮਦਦ ਕਰਨ ਦਾ ਫ਼ੈਸਲਾ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਮਨੁੱਖਤਾ ਦੀ ਸੇਵਾ ਦਾ



ਦਿੱਤਾ ਸੰਦੇਸ਼ ਸਿੱਖ ਜੀਵਨ ਦਾ ਅਹਿਮ ਹਿੱਸਾ ਹੈ। ਕੁਦਰਤੀ ਆਫ਼ਤ ਕਿਸੇ ਧਰਮ, ਜਾਤ ਜਾਂ ਖਿੱਤੇ ਦੀ ਹੱਦ ਨਹੀਂ ਵੇਖਦੀ, ਇਸ ਲਈ ਦੁੱਖ ਦੀ ਇਸ ਘੜੀ ਵਿੱਚ ਪੀੜਤਾਂ ਦੇ ਨਾਲ ਖੜ੍ਹਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨੇਪਾਲ ਵਿੱਚ ਹੜ੍ਹਾਂ ਕਾਰਨ ਵੱਡੀ ਗਿਣਤੀ ਵਿੱਚ ਲੋਕ ਪ੍ਰਭਾਵਿਤ ਹੋਏ ਹਨ ਅਤੇ ਕਈ ਪਰਿਵਾਰਾਂ ਨੂੰ ਜਾਨ-ਮਾਲ ਦਾ ਨੁਕਸਾਨ ਝੱਲਣਾ ਪਿਆ ਹੈ। ਅਜਿਹੇ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਭੇਜਿਆ ਜਾ ਰਿਹਾ ਵਫ਼ਦ ਸਥਾਨਕ ਹਾਲਾਤ ਦਾ ਜਾਇਜ਼ਾ ਲਵੇਗਾ ਤਾਂ ਜੋ ਲੋੜ ਅਨੁਸਾਰ ਰਾਹਤ ਸਮੱਗਰੀ ਭੇਜੀ ਜਾ ਸਕੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਵੀ ਸਮੇਂ-ਸਮੇਂ 'ਤੇ ਕੁਦਰਤੀ ਆਫ਼ਤਾਂ ਤੋਂ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਕੀਤੀ ਜਾਂਦੀ ਰਹੀ ਹੈ। ਨੇਪਾਲ ਦੇ ਹੜ੍ਹ ਪੀੜਤਾਂ ਲਈ ਵੀ ਸ਼੍ਰੋਮਣੀ ਕਮੇਟੀ ਆਪਣੀ ਸਮਰੱਥਾ ਅਨੁਸਾਰ ਹਰ ਸੰਭਵ ਸਹਾਇਤਾ ਕਰੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਕਿਸੇ ਇੱਕ ਭਾਈਚਾਰੇ ਤੱਕ ਸੀਮਤ ਨਹੀਂ ਹੋਵੇਗਾ, ਸਗੋਂ 'ਸਰਬੱਤ ਦੇ ਭਲੇ' ਦੀ ਭਾਵਨਾ ਤਹਿਤ ਹਰ ਲੋੜਵੰਦ ਤੱਕ ਸਹਾਇਤਾ ਪਹੁੰਚਾਉਣ ਦਾ ਯਤਨ ਕੀਤਾ ਜਾਵੇਗਾ। ਵਫ਼ਦ ਦੇ ਮੈਂਬਰ ਸਥਾਨਕ ਪ੍ਰਸ਼ਾਸਨ ਅਤੇ ਸੇਵਾ ਕਾਰਜਾਂ ਵਿੱਚ ਲੱਗੀਆਂ ਸੰਸਥਾਵਾਂ ਨਾਲ ਤਾਲਮੇਲ ਕਰਕੇ ਰਾਹਤ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਅੱਗੇ ਵਧਾਉਣਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਮੂਹ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਨੇਪਾਲ ਵਿੱਚ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਲਈ ਵੱਧ ਤੋਂ ਵੱਧ ਸਹਿਯੋਗ ਅਤੇ ਸੇਵਾ ਦੀ ਭਾਵਨਾ ਨਾਲ ਅੱਗੇ ਆਉਣ।

# ਪੈਨਸ਼ਨ ਮਾਮਲੇ 'ਚ 25 ਸਾਲ ਜਵਾਬ ਨਾ ਦੇਣ 'ਤੇ ਪੰਜਾਬ ਸਰਕਾਰ ਨੂੰ 50 ਹਜ਼ਾਰ ਜੁਰਮਾਨਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਸਤੰਬਰ। ਪੈਨਸ਼ਨ ਲਾਭ ਨਾਲ ਜੁੜੇ 25 ਸਾਲ ਪੁਰਾਣੇ ਮਾਮਲੇ ਵਿਚ ਜਵਾਬ ਦਾਖ਼ਲ ਨਾ ਕਰਨ ਅਤੇ ਅਦਾਲਤ ਦੇ ਨਿਰਦੇਸ਼ਾਂ ਦੀ ਲਗਾਤਾਰ ਉਲੰਘਣਾ ਕਰਨ 'ਤੇ ਪੰਜਾਬ ਸਰਕਾਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਸਖ਼ਤ ਨਾਰਾਜ਼ਗੀ ਦਾ ਸਾਹਮਣਾ ਕਰਨਾ ਪਿਆ ਹੈ। ਜਸਟਿਸ ਸੰਦੀਪ ਮੌਦਗਿਲ ਨੇ ਰਾਜ 'ਤੇ 50 ਹਜ਼ਾਰ ਰੁਪਏ ਦਾ ਵਾਧੂ ਜੁਰਮਾਨਾ ਲਗਾਇਆ ਹੈ। ਇਹ ਰਕਮ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ ਅਤੇ ਨਿਰਦੇਸ਼ਕ ਦੇ ਵੇਤਨ ਤੋਂ ਬਰਾਬਰ-ਬਰਾਬਰ ਕੱਟੀ ਜਾਵੇਗੀ। ਅਦਾਲਤ ਨੇ ਨਿਰਦੇਸ਼ਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਪੰਜਾਬ ਦੇ ਮੁੱਖ ਸਕੱਤਰ 'ਤੇ ਵੀ ਪਾ ਦਿੱਤੀ ਹੈ। ਮੁੱਖ ਸਕੱਤਰ ਨੂੰ ਅਗਲੀ ਸੁਣਵਾਈ 'ਤੇ ਹਲਫ਼ਨਾਮਾ ਦਾਖ਼ਲ ਕਰ ਕੇ ਇਹ ਦੱਸਣਾ ਹੋਵੇਗਾ ਕਿ 50 ਹਜ਼ਾਰ ਰੁਪਏ ਦੀ ਰਕਮ ਦੋਵਾਂ ਅਧਿਕਾਰੀਆਂ ਦੇ ਵੇਤਨ ਜਾਂ ਮਿਹਨਤਾਨੇ ਤੋਂ ਕੱਟ ਕੇ ਅਦਾਲਤ ਦੇ ਹੁਕਮ ਮੁਤਾਬਕ ਸਬੰਧਤ ਖਾਤੇ ਵਿਚ ਜਮ?ਹਾ ਕਰਵਾ ਦਿੱਤੀ ਗਈ




ਹੈ। ਜਸਟਿਸ ਮੌਦਗਿਲ 2001 ਵਿਚ ਦਾਖ਼ਲ ਕੀਤੀ ਗਈ ਇਕ ਲੰਬੇ ਸਮੇਂ ਤੋਂ ਬਕਾਇਆ ਪਈ ਪਟੀਸ਼ਨ 'ਤੇ ਸੁਣਵਾਈ ਕਰ ਰਹੇ ਸਨ। ਪਿਛਲੀ ਸੁਣਵਾਈ ਦੌਰਾਨ ਕੋਰਟ ਨੇ ਸੂਬੇ ਦੇ ਜਵਾਬ ਨਾ ਦੇਣ 'ਤੇ ਇਕ ਲੱਖ ਰੁਪਏ ਦਾ ਜੁਰਮਾਨਾ ਲਗਾਇਆ ਸੀ। ਇਸ ਦੇ ਬਾਵਜੂਦ ਇਕ ਪ੍ਰਤੀਵਾਦੀ ਵੱਲੋਂ ਜਵਾਬ ਨਹੀਂ ਦਿੱਤਾ ਗਿਆ। ਇਸੇ ਹੀ ਹੁਕਮ-ਅਦੂਲੀ ਨੂੰ ਦੇਖਦਿਆਂ, ਅਦਾਲਤ ਨੇ ਹੁਣ 50 ਹਜ਼ਾਰ ਰੁਪਏ ਦਾ ਵਾਧੂ ਜੁਰਮਾਨਾ ਲਗਾਉਣ ਦਾ ਹੁਕਮ ਦਿੱਤਾ। ਅਦਾਲਤ ਨੇ ਸਬੰਧਤ ਅਥਾਰਟੀ ਨੂੰ ਜਵਾਬ ਦਾਖ਼ਲ ਕਰਨ ਦਾ ਇਕ ਹੋਰ ਮੌਕਾ ਦਿੰਦੇ ਹੋਏ ਸਪੱਸ਼ਟ ਕੀਤਾ ਕਿ ਜੇ ਅਜਿਹਾ ਨਹੀਂ ਹੁੰਦਾ, ਤਾਂ ਅਦਾਲਤ ਕਾਨੂੰਨ ਮੁਤਾਬਕ ਅੱਗੇ ਦੀ ਕਾਰਵਾਈ ਕਰ ਸਕਦੀ ਹੈ। ਕੋਰਟ ਨੇ ਕਿਹਾ ਕਿ ਪਟੀਸ਼ਨ 2001 ਵਿਚ ਦਾਖ਼ਲ ਕੀਤੀ ਗਈ ਸੀ ਅਤੇ 27 ਨਵੰਬਰ 2001 ਦੇ ਹੁਕਮ ਤੋਂ ਬਾਅਦ ਇਸ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ। ਇਸ ਦੇ ਬਾਵਜੂਦ ਨੋਟਿਸ ਦੀ ਤਾਮੀਲ ਪੂਰੀ ਹੋਣ ਤੋਂ ਬਾਅਦ ਵੀ ਸੂਬੇ ਨੇ 25 ਸਾਲਾਂ ਤੱਕ ਆਪਣਾ ਲਿਖਤੀ ਜਵਾਬ ਨਹੀਂ ਦਿੱਤਾ। ਮਾਮਲਾ ਪੈਨਸ਼ਨ ਸਬੰਧੀ ਲਾਭਾਂ ਦੀ ਦੁਬਾਰਾ ਗਣਨਾ ਅਤੇ ਉਨ੍ਹਾਂ ਵਿਚ ਵਾਧੇ ਦੀ ਮੰਗ ਨਾਲ ਜੁੜਿਆ ਹੋਇਆ ਹੈ। ਅਦਾਲਤ ਨੇ ਕਿਹਾ ਕਿ ਕਾਰਵਾਈ ਬਕਾਇਆ ਰਹਿਣ ਦੌਰਾਨ ਕਈ ਪਟੀਸ਼ਨਕਰਤਾ ਸੇਵਾ ਮੁਕਤ ਹੋ ਚੁੱਕੇ ਹਨ ਜਦਕਿ ਕੁਝ ਦੀ ਮੌਤ ਵੀ ਹੋ ਗਈ ਹੈ। ਇਸ ਦੇ ਬਾਵਜੂਦ ਉਨ੍ਹਾਂ ਦੇ ਜਾਇਜ਼ ਦਾਅਵਿਆਂ 'ਤੇ ਫ਼ੈਸਲਾ ਨਹੀਂ ਹੋ ਸਕਿਆ।

# ਸਸਤੀ ਦਵਾਈ, ਮਹਿੰਗਾ ਬ੍ਰਾਂਡ ਤੇ ਕਰੋੜਾਂ ਦਾ ਖੇਡ, ਕਰਨਾਟਕ 'ਚ 4.92 ਕਰੋੜ ਦੀਆਂ ਨਕਲੀ ਦਵਾਈਆਂ ਜ਼ਬਤ

**ਕੌਮੀ ਪਤ੍ਰਿਕਾ**

ਬੈਂਗਲੁਰੂ 2 ਸਤੰਬਰ। ਕਰਨਾਟਕ 'ਚ ਫੂਡ ਐਂਡ ਡਰੱਗ ਐਡਮਿਨਿਸਟ?ਰੇਸ਼ਨ (ਐੱਫ.ਡੀ.ਏ.) ਦੀ ਡਰੱਗ ਇਨਫੋਰਸਮੈਂਟ ਟੀਮ ਨੇ ਜਾਂਚ ਮੁਹਿੰਮ ਦੌਰਾਨ 4.91 ਕਰੋੜ ਰੁਪਏ ਤੋਂ ਵੱਧ ਦੀਆਂ ਨਕਲੀ ਦਵਾਈਆਂ ਜ਼ਬਤ ਕੀਤੀਆਂ ਹਨ। ਅਧਿਕਾਰੀਆਂ ਨੇ ਬੁੱਧਵਾਰ ਨੂੰ ਕਿਹਾ ਕਿ ਇਸ ਕਾਰਵਾਈ 'ਚ ਦਵਾਈਆਂ ਦੀ ਕਥਿਤ ਤੌਰ 'ਤੇ ਬਿਨਾਂ ਲਾਇਸੈਂਸ ਦੇ ਰੀਪੈਕਿੰਗ ਅਤੇ ਰੀਲੇਬਲਿੰਗ ਦਾ ਵੀ ਪਰਦਾਫਾਸ਼ ਕੀਤਾ ਗਿਆ ਸੀ। ਅਧਿਕਾਰੀਆਂ ਨੇ ਦੱਸਿਆ ਕਿ 18 ਅਗਸਤ ਨੂੰ ਮਿਲੀ ਇਕ ਸੂਚਨਾ ਤੋਂ ਬਾਅਦ ਕਰਨਾਟਕ ਫੂਡ ਸੇਫਟੀ ਐਂਡ ਡਰੱਗ ਐਡਮਿਨਿਸਟ?ਰੇਸ਼ਨ ਵਿਭਾਗ ਦੇ ਅਧਿਕਾਰੀਆਂ ਦੀ ਇਕ ਟੀਮ ਨੇ ਜਾਂਚ ਕੀਤੀ। ਇਹ ਕਾਰਵਾਈ ਬੈਂਗਲੁਰੂ ਦੱਖਣੀ ਜ਼ਿਲ੍ਹੇ ਦੇ ਬਿਦਾਦੀ ਦੇ ਕੁਰੂਬਾਕੇਰੇਨਾ ਹੱਲੀ 'ਚ ਇਕ ਫਾਰਮ ਹਾਊਸ 'ਚ ਬਣੇ ਕੰਪਲੈਕਸ 'ਚ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਜਗ?ਹਾ ਦੀ ਵਰਤੋਂ ਦੂਜੇ ਸੂਬਿਆਂ ਤੋਂ ਘੱਟ ਕੀਮਤ ਵਾਲੀਆਂ ਦਵਾਈਆਂ ਮੰਗਾਉਣ ਲਈ ਕੀਤੀ ਜਾ ਰਹੀ ਸੀ। ਫਿਰ ਇਨ੍ਹਾਂ ਦਵਾਈਆਂ ਨੂੰ ਨਵੀਆਂ ਸ਼ੀਸ਼ੀਆਂ 'ਚ ਭਰ ਕੇ ਅਤੇ ਮਹਿੰਗੇ ਬਹੁ-ਰਾਸ਼ਟਰੀ ਕੰਪਨੀ ਬ੍ਰਾਂਡਾਂ ਅਤੇ ਆਯਾਤ ਕੀਤੀਆਂ ਦਵਾਈਆਂ ਦੇ ਸਮਾਨ ਦਿਖਾਈ ਦੇਣ ਲਈ ਰੀਲੇਬਲ ਕੀਤਾ ਜਾਂਦਾ ਸੀ। ਨਕਲੀ ਦਵਾਈਆਂ ਅਜਿਹੀਆਂ ਜਾਅਲੀ ਜਾਂ ਫਰਜ਼ੀ ਦਵਾਈਆਂ ਹੁੰਦੀਆਂ ਹਨ, ਜਿਨ੍ਹਾਂ ਨੂੰ ਅਸਲੀ ਅਤੇ ਮਸ਼ਹੂਰ ਬ੍ਰਾਂਡ ਦੀਆਂ ਦਵਾਈਆਂ ਵਾਂਗ ਦਿਖਾਉਣ ਲਈ ਤਿਆਰ ਕੀਤਾ ਜਾਂਦਾ ਹੈ। ਉਨ੍ਹਾਂ ਦਾ ਉਦੇਸ਼ ਖਰੀਦਦਾਰਾਂ ਨੂੰ ਧੋਖਾ ਦੇਣਾ ਅਤੇ ਮੁਨਾਫ਼ਾ ਕਮਾਉਣਾ ਹੁੰਦਾ ਹੈ। ਵਿਭਾਗ ਦੇ ਕਮਿਸ਼ਨਰ, ਕੇ. ਸ਼੍ਰੀਨਿਵਾਸ ਦੁਆਰਾ ਜਾਰੀ ਇਕ ਬਿਆਨ 'ਚ ਕਿਹਾ ਗਿਆ ਹੈ,ਇਨ੍ਹਾਂ ਨਕਲੀ ਦਵਾਈਆਂ 'ਚ ਕੋਈ ਕਿਰਿਆਸ਼ੀਲ ਔਸ਼ਧੀ ਸਮੱਗਰੀ ਨਹੀਂ ਸੀ, ਗਲਤ ਸਮੱਗਰੀ ਸੀ, ਜਾਂ ਨੁਕਸਾਨਦੇਹ ਪਦਾਰਥ ਸਨ। ਇਸ ਉਦੇਸ਼ ਲਈ ਵਰਤੇ ਗਏ ਲੇਬਲਾਂ 'ਤੇ ਸਕੈਨਿੰਗ ਕੋਡ ਵੀ ਕੰਮ ਨਹੀਂ ਕਰ ਰਹੇ ਸਨ।



ਅਧਿਕਾਰੀਆਂ ਨੇ ਕਿਹਾ ਕਿ ਡਰੱਗਜ਼ ਐਂਡ ਕਾਸਮੈਟਿਕਸ ਸਮੱਗਰੀ ਐਕਟ, 1940 ਦੇ ਅਧੀਨ ਨਕਲੀ ਦਵਾਈਆਂ ਨਾਲ ਸੰਬੰਧਤ ਪ੍ਰਬੰਧ ਧਾਰਾ 172 'ਚ ਦਿੱਤੇ ਗਏ ਹਨ। ਉੱਥੇ ਹੀ ਨਕਲੀ ਦਵਾਈਆਂ ਦੇ ਨਿਰਮਾਣ, ਵਿਕਰੀ ਜਾਂ ਵੰਡ ਲਈ ਧਾਰਾ 27 ਦੇ ਅਧੀਨ ਸਖ਼ਤ ਸਜ਼ਾ ਦੀ ਵਿਵਸਥਾ ਹੈ। ਉਨ੍ਹਾਂ ਕਿਹਾ ਕਿ ਇਸ ਅਪਰਾਧ 'ਚ ਘੱਟੋ-ਘੱਟ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਹੈ। ਜ਼ਬਤ ਕੀਤੀਆਂ ਦਵਾਈਆਂ ਨੂੰ ਬੈਂਗਲੁਰੂ ਦੱਖਣ 'ਚ ਸਥਾਨਕ ਅਦਾਲਤ 'ਚ ਪੇਸ਼ ਕੀਤਾ ਜਾਵੇਗਾ। ਜ਼ਬਤ ਕੀਤੀਆਂ ਦਵਾਈਆਂ 'ਚ ਸੇਫਿਆਵਿਜ਼ੇਂਟ 2.5 ਇੰਜੈਕਸ਼ਨ ਦੀਆਂ 5,640 ਸ਼ੀਸ਼ੀਆਂ, ਹਿਜ਼ਲੈਮ ਇੰਜੈਕਸ਼ਨ ਦੀਆਂ 1,531 ਸ਼ੀਸ਼ੀਆਂ, ਜ਼ਾਵਿਟਾਜ਼ ਇੰਜੈਕਸ਼ਨ ਦੀਆਂ 470 ਸ਼ੀਸ਼ੀਆਂ ਅਤੇ ਐਂਬਲਾਵੀਓ ਦੀਆਂ 264 ਸ਼ੀਸ਼ੀਆਂ ਸ਼ਾਮਲ ਹਨ। ਇਸ ਤੋਂ ਇਲਾਵਾ, ਮਿਆਦ ਪੁੱਗ ਚੁੱਕੀਆਂ ਦਵਾਈਆਂ, ਪੈਕੇਜਿੰਗ ਸਮੱਗਰੀ, ਇੰਜੈਕਸ਼ਨ ਭਰਨ ਵਾਲੀ ਮਸ਼ੀਨਰੀ ਅਤੇ ਨਕਲੀ ਲੇਬਲ ਵੀ ਜ਼ਬਤ ਕੀਤੇ ਗਏ ਹਨ। ਵਿਭਾਗ ਨੇ ਕਿਹਾ ਕਿ ਜ਼ਬਤ ਕੀਤੀ ਗਈ ਸਾਰੀ ਸਮੱਗਰੀ ਦੀ ਕੁੱਲ ਅਨੁਮਾਨਿਤ ਕੀਮਤ 4,91,49,575 ਰੁਪਏ ਹੈ। ਅਧਿਕਾਰੀਆਂ ਨੇ ਕਿਹਾ ਕਿ ਮੁੱਢਲੀ ਜਾਂਚ ਵਿੱਚ ਕਈ ਗੰਭੀਰ ਉਲੰਘਣਾਵਾਂ ਦਾ ਖੁਲਾਸਾ ਹੋਇਆ ਹੈ। ਇਨ੍ਹਾਂ ਵਿੱਚ ਡਰੱਗਜ਼ ਐਂਡ ਕਾਸਮੈਟਿਕਸ ਐਕਟ, 1940 ਦੀ ਸਿੱਧੀ ਉਲੰਘਣਾ ਵਿੱਚ ਬਿਨਾਂ ਲਾਇਸੈਂਸ ਦੇ ਦਵਾਈਆਂ ਦਾ ਨਿਰਮਾਣ, ਸਟੋਰ ਕਰਨਾ ਅਤੇ ਵੰਡਣਾ ਸ਼ਾਮਲ ਹੈ।

## ਆਮ ਜਨਤਾ 'ਤੇ ਮਹਿੰਗਾਈ ਪਈ ਭਾਰੀ ! ਚੀਨੀ-ਪਿਆਜ਼ ਤੋਂ ਬਾਅਦ ਹੁਣ ਸਰ੍ਹੋਂ ਦੇ ਤੇਲ ਨੇ ਕੱਢੇ ਵੱਟ, ਭਾਅ ਸੁਣ ਕੇ ਲੱਗੇਗਾ ਝਟਕਾ

ਹਰਦੋਈ 2 ਸਤੰਬਰ। ਰੱਖੜੀ ਅਤੇ ਜਨਮ ਅਸ਼ਟਮੀ ਤੋਂ ਪਹਿਲਾਂ ਵਧਦੀਆਂ ਕੀਮਤਾਂ ਨੇ ਘਰੇਲੂ ਰਸੋਈ ਬਜਟ ਨੂੰ ਵਿਗਾੜ ਦਿੱਤਾ ਹੈ। ਪਿਆਜ਼ ਤੋਂ ਲੈ ਕੇ ਹਰੀਆਂ ਸਬਜ਼ੀਆਂ ਤੱਕ ਦੇ ਉਤਪਾਦਾਂ ਦੀ ਲਾਗਤ ਵਿੱਚ ਵਾਧੇ ਨਾਲ ਖੰਡ, ਆਟਾ, ਦਾਲ ਅਤੇ ਸਰ੍ਹੋਂ ਦੇ ਤੇਲ ਵਰਗੇ ਮੁੱਖ ਉਤਪਾਦਾਂ ਦੀਆਂ ਕੀਮਤਾਂ ਵਿੱਚ ਵੀ ਵਾਧਾ ਹੋਇਆ ਹੈ। ਇਸਦਾ ਪ੍ਰਭਾਵ ਖੰਡ ਦੀ ਵਧਦੀ ਕੀਮਤ ਵਿੱਚ ਸਭ ਤੋਂ ਵੱਧ ਦਿਖਾਈ ਦਿੰਦਾ ਹੈ; ਖੰਡ ਜੋ ਕਿ ਲਗਪਗ ਇੱਕ ਮਹੀਨਾ ਪਹਿਲਾਂ ?45 ਪ੍ਰਤੀ ਕਿਲੋਗ੍ਰਾਮ ਵਿੱਚ ਵਿਕ ਰਹੀ ਸੀ, ਹੁਣ ਪ੍ਰਚੂਨ ਬਾਜ਼ਾਰ ਵਿੱਚ ਲਗਪਗ ?65 ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ ਹੈ। ਥੋਕ ਖੰਡ ਦੀਆਂ ਕੀਮਤਾਂ ਵਿੱਚ ?6,400 ਪ੍ਰਤੀ ਕੁਇੰਟਲ ਤੱਕ ਵਾਧੇ ਤੋਂ ਬਾਅਦ ਪ੍ਰਚੂਨ ਬਾਜ਼ਾਰ ਵਿੱਚ ਵਾਧਾ ਦੇਖਿਆ ਗਿਆ ਹੈ। ਮਠਿਆਈਆਂ ਅਤੇ ਤਿਉਹਾਰਾਂ ਦੇ ਪਕਵਾਨਾਂ ਵਿੱਚ ਖੰਡ ਦੀ ਵਧਦੀ ਖਪਤ ਕਾਰਨ ਖਪਤਕਾਰਾਂ ਨੂੰ ਵਾਧੂ ਵਿੱਤੀ ਬੋਝ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੌਰਾਨ ਪਿਆਜ਼ ਦੀਆਂ ਕੀਮਤਾਂ ਵਿੱਚ ਵਾਧੇ ਨੇ ਘਰੇਲੂ ਔਰਤਾਂ ਦੀਆਂ ਮੁਸੀਬਤਾਂ ਵਿੱਚ ਵਾਧਾ ਕੀਤਾ ਹੈ। ਆਲੂ, ਟਮਾਟਰ ਅਤੇ ਹਰੀਆਂ ਮਿਰਚਾਂ ਸਮੇਤ ਕਈ ਸਬਜ਼ੀਆਂ ਦੀਆਂ ਕੀਮਤਾਂ ਵਿੱਚ ਉਤਰਾਅ-ਚੜ੍ਹਾਅ



ਜਾਰੀ ਹੈ। ਰੋਜ਼ਾਨਾ ਰਸੋਈ ਸਬਜ਼ੀਆਂ ਦੀ ਵਧਦੀ ਕੀਮਤ ਨੇ ਪਰਿਵਾਰਕ ਬਜਟ ਨੂੰ ਪ੍ਰਭਾਵਿਤ ਕੀਤਾ ਹੈ। ਇਸ ਤੋਂ ਇਲਾਵਾ ਆਟਾ, ਦਾਲ ਅਤੇ ਚੌਲਾਂ ਦੀਆਂ ਕੀਮਤਾਂ ਬ੍ਰਾਂਡ ਅਤੇ ਗੁਣਵੱਤਾ ਦੇ ਆਧਾਰ 'ਤੇ ਵੱਖ-ਵੱਖ ਹੁੰਦੀਆਂ ਹਨ। ਪਿਛਲੇ ਮਹੀਨੇ ਦੇ ਮੁਕਾਬਲੇ ਸਰ੍ਹੋਂ ਦੇ ਤੇਲ ਦੀਆਂ ਕੀਮਤਾਂ ਵਿੱਚ ਵੀ ਵਾਧਾ ਹੋਇਆ ਹੈ। ਇਸ ਮਹਿੰਗਾਈ ਦਾ ਸਭ ਤੋਂ ਵੱਧ ਅਸਰ ਮੱਧ ਵਰਗ ਦੇ ਪਰਿਵਾਰ ਝੱਲ ਰਹੇ ਹਨ। ਕਰਿਆਨੇ ਅਤੇ ਰਸੋਈ ਦੇ ਸਮਾਨ ਦੀ ਕੀਮਤ ਪਹਿਲਾਂ ਤੋਂ ਨਿਰਧਾਰਤ ਮਾਸਿਕ ਬਜਟ ਤੋਂ ਵੱਧ ਹੋਣ ਕਾਰਨ ਪਰਿਵਾਰਾਂ ਨੂੰ ਹੋਰ ਜ਼ਰੂਰਤਾਂ ਵਿੱਚ ਕਟੌਤੀ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਘਰੇਲੂ ਔਰਤਾਂ ਦਾ ਕਹਿਣਾ ਹੈ ਕਿ ਤਿਉਹਾਰਾਂ ਦੀ ਖਰੀਦਦਾਰੀ ਜ਼ਰੂਰੀ ਹੈ ਪਰ ਲਗਾਤਾਰ ਵਧਦੀਆਂ ਕੀਮਤਾਂ ਕਾਰਨ ਸੀਮਤ ਬਜਟ 'ਤੇ ਘਰ ਦਾ ਪ੍ਰਬੰਧਨ ਕਰਨਾ ਮੁਸ਼ਕਲ ਹੁੰਦਾ ਜਾ ਰਿਹਾ ਹੈ।

## ਟਰੇਨਾਂ ਦੀ ਦੇਰੀ ਬਣੀ ਪ੍ਰੇਸ਼ਾਨੀ ਦਾ ਸਬੱਬ, ਵੈਸ਼ਨੋ ਦੇਵੀ ਵੰਦੇ ਭਾਰਤ 1 ਤੇ ਮਾਲਵਾ ਐਕਸਪ੍ਰੈੱਸ 3 ਘੰਟੇ ਲੇਟ

ਜਲੰਧਰ 2 ਸਤੰਬਰ। ਟਰੇਨਾਂ ਦੀ ਦੇਰੀ ਦਾ ਸਿਲਸਿਲਾ ਜਾਰੀ ਰਹਿਣ ਨਾਲ ਯਾਤਰੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਲੰਮੇ ਰੂਟ ਦੀਆਂ ਟਰੇਨਾਂ ਦੇ ਨਾਲ-ਨਾਲ ਲੋਕਲ ਡੀ. ਐੱਮ. ਯੂ. ਵੀ ਦੇਰੀ ਨਾਲ ਚੱਲੇ, ਜਿਸ ਕਾਰਨ ਯਾਤਰੀਆਂ ਨੂੰ ਘੰਟਿਆਂਬੱਧੀ ਉਡੀਕ ਕਰਨੀ ਪਈ। ਸੁਪਰਫ਼ਾਸਟ ਵੰਦੇ ਭਾਰਤ ਐਕਸਪ੍ਰੈੱਸ ਸਮੇਤ ਵੱਖ-ਵੱਖ ਰੂਟਾਂ ਦੀਆਂ ਕਈ ਟਰੇਨਾਂ ਦੇਰੀ ਦਾ ਸ਼ਿਕਾਰ ਹੋਈਆਂ। ਇਸੇ ਸਿਲਸਿਲੇ ਵਿਚ ਨਵੀਂ ਦਿੱਲੀ ਤੋਂ ਆਉਣ ਵਾਲੀ ਵੰਦੇ ਭਾਰਤ ਐਕਸਪ੍ਰੈੱਸ 22487 ਆਪਣੇ ਤੈਅ ਸਮੇਂ ਸ਼ਾਮ 7.24 ਵਜੇ ਤੋਂ ਅੱਧੇ ਘੰਟੇ ਤੋਂ ਵੱਧ ਦੀ ਦੇਰੀ ਨਾਲ ਕੈਂਟ ਪਹੁੰਚੀ। ਇਸੇ ਤਰ੍ਹਾਂ ਨਵੀਂ ਦਿੱਲੀ ਤੋਂ ਵੈਸ਼ਨੋ ਦੇਵੀ ਜਾਣ ਵਾਲੀ 22439 ਵੰਦੇ ਭਾਰਤ ਲਗਭਗ ਅੱਧਾ ਘੰਟਾ ਲੇਟ ਰਹਿੰਦੇ ਹੋਏ ਸਵੇਰੇ ਸਾਢੇ 10 ਵਜੇ ਕੈਂਟ ਪਹੁੰਚੀ। ਉੱਥੇ ਹੀ, ਵੈਸ਼ਨੋ ਦੇਵੀ ਤੋਂ ਆਉਣ ਵਾਲੀ 22440 ਵੰਦੇ ਭਾਰਤ 1 ਘੰਟੇ ਤੋਂ ਵੱਧ ਦੀ ਦੇਰੀ ਨਾਲ ਸ਼ਾਮ 7.55 ਵਜੇ ਤੋਂ ਬਾਅਦ ਕੈਂਟ ਪਹੁੰਚੀ। ਵੈਸ਼ਨੋ ਦੇਵੀ ਜਾਣ ਵਾਲੀ ਮਾਲਵਾ ਐਕਸਪ੍ਰੈੱਸ 12919 ਆਪਣੇ ਤੈਅ ਸਮੇਂ ਤੋਂ ਲਗਭਗ 3 ਘੰਟੇ ਲੇਟ ਰਹਿੰਦੇ ਹੋਏ ਦੁਪਹਿਰ ਡੇਢ ਵਜੇ ਤੋਂ ਬਾਅਦ ਕੈਂਟ ਪਹੁੰਚੀ। ਅੰਮ੍ਰਿਤਸਰ ਜਾਣ ਵਾਲੀ ਆਮਰਪਾਲੀ ਐਕਸਪ੍ਰੈੱਸ 15707 ਵੀ ਲਗਭਗ 1 ਘੰਟੇ ਦੀ ਦੇਰੀ ਨਾਲ ਦੁਪਹਿਰ ਪੌਣੇ 12 ਵਜੇ ਸਿਟੀ ਰੇਲਵੇ ਸਟੇਸ਼ਨ ਪਹੁੰਚੀ। ਇਸੇ ਤਰ੍ਹਾਂ ਹੁਸ਼ਿਆਰਪੁਰ ਤੋਂ ਆਉਣ ਵਾਲੇ ਡੀ. ਐੱਮ. ਯੂ. 74917 ਆਪਣੇ ਤੈਅ ਸਮੇਂ ਸ਼ਾਮ 7 ਵਜੇ ਤੋਂ ਲਗਭਗ 1 ਘੰਟੇ ਦੀ ਦੇਰੀ ਨਾਲ 8 ਵਜੇ ਤੋਂ ਬਾਅਦ ਸਿਟੀ ਸਟੇਸ਼ਨ ਪਹੁੰਚੇ। ਟਰੇਨਾਂ ਦੇ ਲਗਾਤਾਰ ਦੇਰੀ ਨਾਲ ਚੱਲਣ ਕਾਰਨ ਯਾਤਰੀਆਂ ਨੂੰ ਆਪਣੀ ਮੰਜ਼ਿਲ ਤੱਕ ਪਹੁੰਚਣ ਵਿਚ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

# ਸਰਦੀਆਂ 'ਚ ਹੁਣ ਨਹੀਂ ਜਾਵੇਗੀ ਬਿਜਲੀ, 19.1 ਫ਼ੀਸਦੀ ਤੋਂ ਘਟ ਕੇ 0.1 ਫ਼ੀਸਦੀ ਹੋਈ; 22 ਘੰਟੇ ਤੋਂ ਵੱਧ ਮਿਲ ਰਹੀ ਹੈ ਸਪਲਾਈ

**ਕੌਮੀ ਪਤ੍ਰਿਕਾ**

ਜੰਮੂ 2 ਸਤੰਬਰ। ਜੰਮੂ-ਕਸ਼ਮੀਰ ਦੇ ਲੋਕਾਂ ਲਈ ਸਰਦੀਆਂ ਦੀ ਸਭ ਤੋਂ ਵੱਡੀ ਟੈਨਸ਼ਨ ਹੁਣ ਖ਼ਤਮ ਹੋਣ ਜਾ ਰਹੀ ਹੈ। ਉਹ ਦੌਰ ਜਦੋਂ ਨਵੰਬਰ ਆਉਂਦਿਆਂ ਹੀ ਬਿਜਲੀ ਕਟੌਤੀ ਦਾ ਸ਼ਡਿਊਲ ਜਾਰੀ ਹੁੰਦਾ ਸੀ, ਹੁਣ ਬੀਤੇ ਸਮੇਂ ਦੀ ਗੱਲ ਬਣ ਗਿਆ ਹੈ। ਕੇਂਦਰੀ ਬਿਜਲੀ ਮੰਤਰਾਲੇ ਦੇ ਤਾਜ਼ਾ ਅੰਕੜਿਆਂ ਨੇ ਇਸ ਦੀ ਪੁਸ਼ਟੀ ਕੀਤੀ ਹੈ। ਅੰਕੜਿਆਂ ਮੁਤਾਬਕ, ਜੰਮੂ-ਕਸ਼ਮੀਰ ਦਾ ਸਾਲਾਨਾ ਬਿਜਲੀ ਘਾਟਾ ਜੋ 2014-15 ਵਿੱਚ 19.1 ਫ਼ੀਸਦੀ ਸੀ, ਉਹ 2025-26 ਵਿੱਚ ਘੱਟ ਕੇ ਮਹਿਜ਼ 0.1 ਫ਼ੀਸਦੀ ਰਹਿ ਗਿਆ ਹੈ। ਇਹ ਸਿਰਫ਼ ਫ਼ੀਸਦੀ ਦਾ ਖੇਡ ਨਹੀਂ ਹੈ। 2014-15 ਵਿੱਚ ਜੰਮੂ-ਕਸ਼ਮੀਰ ਨੂੰ ਆਪਣੀ ਲੋੜ ਨਾਲੋਂ 3095 ਮਿਲੀਅਨ ਯੂਨਿਟ (ਐੱਮ.ਯੂ.) ਬਿਜਲੀ ਘੱਟ ਮਿਲ ਰਹੀ ਸੀ। ਅੱਜ ਇਹ ਘਾਟਾ ਘੱਟ ਕੇ ਸਿਰਫ਼ 19 ਐੱਮ.ਯੂ. ਰਹਿ ਗਿਆ ਹੈ। ਯਾਨੀ ਲਗਪਗ 99.9 ਫ਼ੀਸਦੀ ਸੁਧਾਰ। ਇਸੇ ਸਮੇਂ ਦੌਰਾਨ ਰਾਸ਼ਟਰੀ ਔਸਤ ਘਾਟਾ ਵੀ 4.2 ਫ਼ੀਸਦੀ ਤੋਂ ਘਟ ਕੇ 0.03 ਫ਼ੀਸਦੀ ਉੱਤੇ ਆ ਗਿਆ ਹੈ। ਮੰਤਰਾਲੇ ਨੇ ਇਸ ਸਾਲ ਦੇ ਪਹਿਲੇ ਛੇ ਮਹੀਨਿਆਂ ਦਾ ਮਹੀਨਾਵਾਰ ਲੇਖਾ-ਜੋਖਾ ਵੀ ਜਾਰੀ ਕੀਤਾ ਹੈ, ਜੋ ਹੋਰ ਵੀ ਰਾਹਤ ਦੇਣ ਵਾਲਾ ਹੈ। ਜਨਵਰੀ 2026 ਵਿੱਚ ਜੰਮੂ-ਕਸ਼ਮੀਰ ਅਤੇ ਲੱਦਾਖ ਨੂੰ ਮਿਲਾ ਕੇ 1966 ਐੱਮ.ਯੂ. ਬਿਜਲੀ ਦੀ ਲੋੜ ਸੀ, ਜਿਸ ਦੇ ਮੁਕਾਬਲੇ 1961 ਐੱਮ.ਯੂ. ਦੀ ਸਪਲਾਈ ਹੋਈ, ਘਾਟਾ ਸਿਰਫ਼ 0.3 ਫ਼ੀਸਦੀ ਰਿਹਾ। ਫ਼ਰਵਰੀ ਵਿੱਚ ਇਹ ਘਾਟਾ ਘੱਟ ਕੇ 0.1 ਫ਼ੀਸਦੀ, ਮਾਰਚ ਵਿੱਚ 0.2 ਫ਼ੀਸਦੀ, ਅਪ੍ਰੈਲ ਵਿੱਚ 0.3 ਫ਼ੀਸਦੀ ਰਿਹਾ। ਮਈ ਵਿੱਚ 0.7 ਫ਼ੀਸਦੀ ਅਤੇ ਜੂਨ ਵਿੱਚ 0.9 ਫ਼ੀਸਦੀ ਘਾਟਾ ਦਰਜ ਕੀਤਾ ਗਿਆ, ਜੋ ਇਸ ਛੇ ਮਹੀਨੇ ਦੌਰਾਨ ਸਭ ਤੋਂ ਵੱਧ ਸੀ ਪਰ ਫਿਰ ਵੀ ਇੱਕ



ਫ਼ੀਸਦੀ ਤੋਂ ਘੱਟ। ਜੰਮੂ-ਕਸ਼ਮੀਰ ਦੀ ਬਿਜਲੀ ਦੀ ਕਹਾਣੀ ਹਮੇਸ਼ਾ ਤੋਂ ਮੌਸਮ ਨਾਲ ਜੁੜੀ ਰਹੀ ਹੈ। ਇੱਥੋਂ ਦੀ 98 ਫ਼ੀਸਦੀ ਬਿਜਲੀ ਵੱਡੇ ਹਾਈਡ?ਰੋ ਪਾਵਰ ਪ੍ਰੋਜੈਕਟਾਂ ਤੋਂ ਆਉਂਦੀ ਹੈ ਅਤੇ 2 ਤੋਂ 2.5 ਫ਼ੀਸਦੀ ਛੋਟੇ ਹਾਈਡ?ਰੋ ਤੋਂ। ਸਰਦੀਆਂ ਵਿੱਚ ਬਰਫ਼ੀਲੀਆਂ ਨਦੀਆਂ ਵਿੱਚ ਪਾਣੀ ਘੱਟ ਹੋ ਜਾਂਦਾ ਹੈ, ਉਤਪਾਦਨ ਡਿੱਗ ਜਾਂਦਾ ਹੈ, ਜਦਕਿ ਘਰਾਂ ਵਿੱਚ ਹੀਟਰ ਕਾਰਨ ਮੰਗ ਸਿਖ਼ਰ ਉੱਤੇ ਹੁੰਦੀ ਹੈ। ਦਸੰਬਰ 2023 ਵਿੱਚ ਹੀ ਸੂਬੇ ਦੀ ਮੰਗ 2800 ਮੈਗਾਵਾਟ ਤੱਕ ਪਹੁੰਚ ਗਈ ਸੀ ਜਦਕਿ 1400 ਮੈਗਾਵਾਟ ਦਾ ਘਾਟਾ ਸੀ। ਇਸ ਦੋਹਰੀ ਚੁਣੌਤੀ ਨਾਲ ਨਜਿੱਠਣ ਲਈ ਦੋ ਪੱਧਰਾਂ ਉੱਤੇ ਕੰਮ ਹੋਇਆ। ਪਹਿਲਾਂ, ਕੇਂਦਰ ਨੇ ਦੇਸ਼ ਦੀ ਉਤਪਾਦਨ ਸਮਰੱਥਾ ਨੂੰ ਦੁੱਗਣੇ ਤੋਂ ਜ਼ਿਆਦਾ ਵਧਾ ਦਿੱਤਾ। 2014 ਵਿੱਚ ਦੇਸ਼ ਦੀ ਸਮਰੱਥਾ 249 ਗੀਗਾਵਾਟ ਸੀ, ਜੋ ਮ ਹੋ ਗਈ ਹੈ। 2014 ਤੋਂ ਬਾਅਦ 324.7 ਗੀਗਾਵਾਟ ਨਵੀਂ ਸਮਰੱਥਾ ਜੋੜੀ ਗਈ ਹੈ। ਇਸੇ ਦਾ ਨਤੀਜਾ ਹੈ ਕਿ ਇਸ ਸਾਲ ਐਲ ਨੀਨੋ ਕਾਰਨ ਪੀਕ ਡਿਮਾਂਡ 12 ਫ਼ੀਸਦੀ ਵਧਣ ਅਤੇ 270.8 ਗੀਗਾਵਾਟ ਦੇ ਆਲ ਟਾਈਮ ਹਾਈ ਉੱਤੇ ਪਹੁੰਚਣ ਦੇ ਬਾਵਜੂਦ ਦੇਸ਼ ਭਰ ਵਿੱਚ ਬਿਜਲੀ ਸਪਲਾਈ ਬਣੀ ਰਹੀ। ਦੂਜਾ, ਜੰਮੂ-ਕਸ਼ਮੀਰ ਦੇ ਅੰਦਰ ਸਿਸਟਮ ਸੁਧਾਰਿਆ ਗਿਆ। ਸਭ ਤੋਂ ਵੱਡੀ ਬਿਮਾਰੀ ਤਕਨੀਕੀ ਖ਼ਾਮੀ, ਬਿਜਲੀ ਚੋਰੀ, ਗ਼ਲਤ ਮੀਟਰਿੰਗ ਅਤੇ ਬਿੱਲ ਨਾ ਭਰਨ ਨਾਲ ਹੋਣ ਵਾਲਾ ਨੁਕਸਾਨ ਸੀ। 2016-17 ਵਿੱਚ ਇਹ 55 ਫ਼ੀਸਦੀ ਸੀ, ਜੋ ਜੰਮੂ-ਕਸ਼ਮੀਰ ਆਰਥਿਕ ਸਰਵੇਖਣ 2024-25 ਮੁਤਾਬਕ ਨਵੰਬਰ 2024 ਤੱਕ ਘੱਟ ਕੇ 18.82 ਫ਼ੀਸਦੀ ਰਹਿ ਗਿਆ ਹੈ। ਹੁਣ ਬਿਲਿੰਗ ਅਤੇ ਕੁਲੈਕਸ਼ਨ ਦੀ ਸਮਰੱਥਾ ਵੀ ਵਧ ਕੇ 81 ਫ਼ੀਸਦੀ ਹੋ ਗਈ ਹੈ। ਸਰਦੀਆਂ ਲਈ ਕੇਂਦਰ ਨੇ ਵਿਸ਼ੇਸ਼ ਇੰਤਜ਼ਾਮ ਕੀਤਾ ਹੈ। ਦਸੰਬਰ 2023 ਵਿੱਚ ਹੀ ਕੇਂਦਰੀ ਪੂਲ ਤੋਂ 1500 ਮੈਗਾਵਾਟ ਅਤੇ ਸ਼ਕਤੀ ਨੀਤੀ ਤਹਿਤ 472 ਮੈਗਾਵਾਟ, ਕੁੱਲ 1972 ਮੈਗਾਵਾਟ ਵਾਧੂ ਬਿਜਲੀ ਜੰਮੂ-ਕਸ਼ਮੀਰ ਲਈ ਅਲਾਟ ਕੀਤੀ ਗਈ ਸੀ। ਇਸ ਤੋਂ ਇਲਾਵਾ ਜਿਨ੍ਹਾਂ ਰਾਜਾਂ ਵਿੱਚ ਸਰਦੀਆਂ ਵਿੱਚ ਬਿਜਲੀ ਸਰਪਲੱਸ ਹੁੰਦੀ ਹੈ, ਉਨ੍ਹਾਂ ਨਾਲ ਦੁਪੱਖੀ ਸਮਝੌਤੇ ਵੀ ਕੀਤੇ ਗਏ ਹਨ।